ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

**Awaze Qaum** (ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

You Tube https://youtu.be/LQwolgxDu7I

awazeqaumtvpunjab@gmail.com

ਮੰਗਲਵਾਰ, 10 ਸਤੰਬਰ 2024 (ਨਾਨਕਸ਼ਾਹੀ ਸੰਮਤ : ੫੫੬, ੨੬ ਭਾਦਰੋਂ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਖੁਲ੍ਹਿਆ ਸਾਰਾ ਰਾਜ਼

### ਨਸ਼ਾ ਤਸਕਰ ਦੇ ਘਰ ਛਾਪਾ ਮਾਰਨ ਤੋਂ ਰੁਕਵਾਉਣ ਲਈ ਆਪ ਦੇ ਬਲਾਕ ਪ੍ਰਧਾਨ ਨੇ ਲਈ ਮੋਟੀ ਰਿਸ਼ਵਤ !

ਅੰਮ੍ਰਿਤਸਰ, 9 ਸਤੰਬਰ (ਆਵਾਜ਼ਿ ਕੌਮ ਬਿਊਰੋ)- ਆਮ ਆਦਮੀ ਪਾਰਟੀ ਦੇ ਬਲਾਕ ਪ੍ਰਧਾਨ ਗੁਰਪ੍ਰੀਤ ਸਿੰਘ ਤੇ ਉਸ ਦੇ ਸਾਥੀ ਸੁਖਜਿੰਦਰ ਸਿੰਘ ਉੱਤੇ ਨਸ਼ਾ ਤਸਕਰਾਂ ਦੇ ਘਰਾਂ ਉੱਤੇ ਛਾਪੇਮਾਰੀ ਰੋਕਣ ਲਈ ਐਸਐਚਓਦੇ ਨਾਂਅ ਉੱਤੇ 1.50 ਲੱਖ ਰੁਪਏ ਲੈਣ ਦੇ ਇਲਜ਼ਾਮ ਲੱਗੇ ਹਨ। ਇਸ ਤੋਂ ਬਾਅਦ ਪੁਲਿਸ ਨੇ ਇਨ੍ਹਾਂ ਦੋਵਾਂ ਨੂੰ ਗ੍ਰਿਫ਼ਤਾਰ ਕਰ ਲਿਆ ਹੈ। ਉੱਧਰ, ਸਥਾਨਕ 'ਆਪ' ਵਿਧਾਇਕ ਅਟਾਰੀ ਜਸਵਿੰਦਰ ਸਿੰਘ ਰਮਦਾਸ ਨੇ ਦਿ ਇੰਡੀਅਨ ਐਕਸਪ੍ਰੈਸ ਨੂੰ ਦੱਸਿਆ ਕਿ ਗੁਰਪ੍ਰੀਤ ਸਿੰਘ ਵਿਰੁੱਧ ਝੂਠਾ ਕੇਸ ਦਰਜ ਕੀਤਾ ਗਿਆ ਹੈ। ਹਾਲਾਂਕਿ ਪੁਲਿਸ ਨੇ ਐਫਆਈਆਰ ਅਨੁਸਾਰ ਗੁਰਪ੍ਰੀਤ ਸਿੰਘ ਅਤੇ ਸਹਿ ਮੁਲਜ਼ਮ ਸੁਖਜਿੰਦਰ ਸਿੰਘ ਤੋਂ 1.50 ਲੱਖ ਰੁਪਏ ਦੀ ਰਿਕਵਰੀ ਦਿਖਾਈ ਹੈ। ਐਫਆਈਆਰ ਅਨੁਸਾਰ, ਸ਼ਿਕਾਇਤਕਰਤਾ ਬਿਕਰਮਜੀਤ ਸਿੰਘ ਨੇ ਦੱਸਿਆ ਕਿ 30 ਅਗਸਤ 2024 ਨੂੰ ਚਾਟੀਵਿੰਡ ਪੁਲਿਸ ਨੇ ਉਸ ਦੇ ਭਰਾ ਜਸਪਾਲ ਸਿੰਘ ਉਰਫ਼ ਜੱਜ ਦੇ ਘਰ ਛਾਪਾ ਮਾਰਿਆ ਜੋ ਐਨਡੀਪੀਐਸ ਕੇਸ ਵਿੱਚ ਲੋੜੀਂਦਾ ਸੀ ਪਰ ਜਸਪਾਲ ਸਿੰਘ ਕੰਧ ਟੱਪ ਕੇ ਫਰਾਰ ਹੋ ਗਿਆ। ਇਸ ਤੋਂ ਬਾਅਦ ਸਹਿ ਮੁਲਜ਼ਮ ਜੁਗਰਾਜ ਸਿੰਘ ਉਰਫ਼ ਜਾਗੋ ਦੇ ਘਰ ਇੱਕ ਹੋਰ ਛਾਪਾ ਮਾਰਿਆ ਬਾਕੀ ਸਫ਼ਾ-2 'ਤੇ

## ਲੁਧਿਆਣਾ ਦੇ ਸਰਕਾਰੀ ਹਸਪਤਾਲ 'ਚ ਸ਼ਰਾਬੀਆਂ ਨੇ ਕੀਤਾ ਹੰਗਾਮਾ

### ਮਹਿਲਾ ਡਾਕਟਰ 'ਤੇ ਹਮਲਾ ਕਰਨ ਦੀ ਕੋਸ਼ਿਸ਼, ਪੁਲਿਸ ਨਾਲ ਵੀ ਕੀਤੀ ਹੱਥੋਪਾਈ

ਲੁਧਿਆਣਾ, 9 ਸਤੰਬਰ (ਆਵਾਜ਼ਿ ਕੌਮ ਬਿਊਰੋ)-ਲੁਧਿਆਣਾ 'ਚ ਐਤਵਾਰ ਦੇਰ ਰਾਤ ਹਸਪਤਾਲ



ਪਹੁੰਚੇ ਲੋਕਾਂ ਨੇ ਸਿਵਲ ਹਸਪਤਾਲ ਦੇ ਐਮਰਜੈਂਸੀ ਰੂਮ ਦੇ ਅੰਦਰ ਡਾਕਟਰਾਂ ਤੇ ਸਟਾਫ 'ਤੇ ਜਾਨਲੇਵਾ ਹਮਲਾ ਕਰਨ ਦੀ ਕੋਸ਼ਿਸ਼ ਕੀਤੀ। ਇਸ ਮੌਕੇ ਬਚਾਅ ਕਰਨ ਆਈ ਪੁਲਿਸ ਨਾਲ ਵੀ ਧੱਕਾਮੁੱਕੀ ਕੀਤੀ ਗਈ। ਜਾਣਕਾਰੀ ਦਿੰਦਿਆਂ ਐਮਰਜੈਂਸੀ ਵਿੱਚ ਦੇਰ ਰਾਤ ਡਿਊਟੀ 'ਤੇ ਤਾਇਨਾਤ ਡਾਕਟਰ ਸੁਨੀਤਾ ਬਾਕੀ ਸਫ਼ਾ-2 'ਤੇ

## ਸਰਵੇ ਨੇ ਉਡਾਈ ਬੀਜੇਪੀ ਦੀ ਨੀਂਦ ! ਅਮਿਤ ਸ਼ਾਹ ਨੇ ਲੀਡਰਾਂ ਨੂੰ ਦਿੱਤਾ ਨਵਾਂ ਫਾਰਮੂਲਾ

ਨਵੀਂ ਦਿੱਲੀ, 9 ਸਤੰਬਰ (ਆਵਾਜ਼ਿ ਕੌਮ ਬਿਊਰੋ)-ਲੋਕ



ਸਭਾ ਚੋਣਾਂ ਵਿੱਚ ਲੱਗੇ ਝਟਕੇ ਮਗਰੋਂ ਬੀਜੇਪੀ ਦੇ ਹੌਸਲੇ ਡਾਵਾਂਡੋਲ ਹੋ ਗਏ ਹਨ। ਇਸ ਸਾਲ ਹੋ ਰਹੀਆਂ ਵਿਧਾਨ ਸਭਾ ਚੋਣਾਂ ਸਬੰਧੀ ਹੋਏ ਸਰਵੇਖਣਾਂ ਵਿੱਚ ਵੀ ਬੀਜੇਪੀ ਨੂੰ ਚੰਗਾ ਹੁੰਗਾਰਾ ਮਿਲਦਾ ਦਿਖਾਈ ਨਹੀਂ ਦੇ ਰਿਹਾ। ਹਰਿਆਣਾ ਮਗਰੋਂ ਹੁਣ ਮਹਾਰਾਸ਼ਟਰ ਬਾਰੇ ਹੋਏ ਸਰਵੇ ਨੇ ਵੀ ਬੀਜੇਪੀ ਬਾਕੀ ਸਫ਼ਾ-2 'ਤੇ




### ਅਕਾਲੀ ਦਲ ਬਾਦਲ ਤੋਂ ਬਾਅਦ ਹੁਣ ਬਾਗੀ ਧੜੇ ਦੀ ਵਾਰੀ

# ਬੀਬੀ ਜਗੀਰ ਕੌਰ ਅਤੇ ਪਰਮਿੰਦਰ ਢੀਂਡਸਾ ਨੇ ਸ੍ਰੀ ਅਕਾਲ ਤਖ਼ਤ ਸਾਹਿਬ 'ਤੇ ਦਿੱਤਾ ਸਪੱਸ਼ਟੀਕਰਨ

**ਬੀਬੀ ਜਗੀਰ ਕੌਰ ਨੇ ਆਪਣੇ ਸਪੱਸ਼ਟੀਕਰਨ ਵਿੱਚ ਕਿਹਾ ਕਿ ਉਹ 14 ਤੋਂ 30 ਮਾਰਚ 2012 ਤੱਕ ਹੀ ਮੰਤਰੀ ਸਨ। 16 ਦਿਨਾਂ 'ਚ ਚੱਲ ਰਹੇ ਕੇਸਾਂ ਸਬੰਧੀ ਨਾ ਤਾਂ ਕੋਈ ਫੈਸਲਾ ਹੋਇਆ ਅਤੇ ਨਾ ਹੀ ਕੋਈ ....**

### ਵਿਸ਼ੇਸ਼ ਰਿਪੋਰਟ

ਅੰਮ੍ਰਿਤਸਰ, 9 ਸਤੰਬਰ (ਆਵਾਜ਼ਿ ਕੌਮ ਬਿਊਰੋ)- ਸ਼੍ਰੋਮਣੀ ਅਕਾਲੀ ਦਲ ਦੇ ਬਾਗੀ ਧੜੇ ਦੇ ਮੈਂਬਰ ਬੀਬੀ ਜਗੀਰ ਕੌਰ ਪਰਮਿੰਦਰ ਸਿੰਘ ਢੀਂਡਸਾ ਤੇ ਸੋਹਣ ਸਿੰਘ ਅੱਜ (ਸੋਮਵਾਰ) ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਪੁੱਜੇ ਹਨ। ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਜਾਰੀ ਆਦੇਸ਼ ਵਿੱਚ ਅਕਾਲੀ ਦਲ ਦੇ ਸਾਬਕਾ 17 ਮੰਤਰੀਆਂ ਵਿੱਚ ਜਗੀਰ ਕੌਰ ਤੇ ਪਰਮਿੰਦਰ ਸਿੰਘ ਢੀਂਡਸਾ ਦਾ ਨਾਂਅ ਸ਼ਾਮਲ ਹੈ। ਜ਼ਿਕਰ ਕਰ ਦਈਏ ਕਿ ਸੁਖਬੀਰ ਬਾਦਲ, ਮਨਪ੍ਰੀਤ ਬਾਦਲ, ਡਾ: ਦਲਜੀਤ ਸਿੰਘ ਚੀਮਾ, ਬਿਕਰਮ ਸਿੰਘ ਮਜੀਠੀਆ ਸਮੇਤ ਕਈ ਆਗੂ ਸ੍ਰੀ ਅਕਾਲ ਤਖ਼ਤ ਸਾਹਿਬ 'ਤੇ ਪਹੁੰਚ ਕੇ ਆਪਣਾ ਸਪੱਸ਼ਟੀਕਰਨ ਸੌਂਪ ਚੁੱਕੇ ਹਨ। ਬੀਬੀ ਜਗੀਰ ਕੌਰ ਨੇ ਆਪਣੇ ਸਪੱਸ਼ਟੀਕਰਨ ਵਿੱਚ ਕਿਹਾ ਕਿ ਉਹ 14 ਤੋਂ 30 ਮਾਰਚ 2012 ਤੱਕ ਹੀ ਮੰਤਰੀ ਸਨ। 16 ਦਿਨਾਂ 'ਚ ਚੱਲ ਰਹੇ ਕੇਸਾਂ ਸਬੰਧੀ ਨਾ ਤਾਂ ਕੋਈ ਫੈਸਲਾ ਹੋਇਆ ਅਤੇ ਨਾ ਹੀ ਕੋਈ ਕਾਰਵਾਈ ਕੀਤੀ ਗਈ ਜਿਸ ਕਾਰਨ ਮੇਰੀ ਕੋਈ ਸ਼ਮੂਲੀਅਤ ਨਹੀਂ ਹੈ। ਉਸ ਸਮੇਂ ਦੌਰਾਨ ਨਾ ਤਾਂ ਉਨ੍ਹਾਂ ਦੀ ਸਲਾਹ ਲਈ ਗਈ ਅਤੇ ਨਾ ਹੀ ਉਨ੍ਹਾਂ ਨੇ ਵਿਧਾਇਕ ਵਜੋਂ ਜਾਂ ਪਾਰਟੀ ਆਗੂ ਵਜੋਂ ਸਰਕਾਰ ਵਿੱਚ ਕੋਈ ਯੋਗਦਾਨ ਪਾਇਆ। ਪਾਰਟੀ ਦੇ ਸੇਵਕ ਵਜੋਂ ਉਹ ਆਪਣੀ ਆਵਾਜ਼ ਬੁਲੰਦ ਕਰਦੇ ਰਹੇ। ਪਰ ਬਾਦਲ ਪਰਿਵਾਰ ਦੀ ਮਜ਼ਬੂਤ ਪਕੜ ਕਾਰਨ ਉਸ ਦੀਆਂ ਕੋਸ਼ਿਸ਼ਾਂ ਨੂੰ ਪਾਰਟੀ ਵਿਰੋਧੀ ਭੂਮਿਕਾ ਵਜੋਂ ਦਰਜ ਕੀਤਾ ਗਿਆ। ਨਤੀਜੇ ਵਜੋਂ ਉਨ੍ਹਾਂ ਨੂੰ ਪਾਰਟੀ ਵਿੱਚੋਂ ਕੱਢ ਦਿੱਤਾ ਗਿਆ।

### ਸ੍ਰੀ ਅਕਾਲ ਤਖ਼ਤ ਸਾਹਿਬ ਉੱਤੇ ਪੇਸ਼ ਹੋਣ ਤੋਂ ਪਹਿਲਾਂ ਦਿੱਤਾ ਅਸਤੀਫ਼ਾ

ਦੱਸ ਦਈਏ ਕਿ ਬੀਬੀ ਜਗੀਰ ਕੌਰ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਪੁੱਜਣ ਤੋਂ ਪਹਿਲਾਂ ਅਕਾਲੀ ਦਲ ਦੇ ਸਾਰੇ ਅਹੁਦਿਆਂ ਤੋਂ ਅਸਤੀਫ਼ਾ ਦੇ ਦਿੱਤਾ ਹੈ।

ਬੀਬੀ ਜਗੀਰ ਕੌਰ ਵੱਲੋਂ ਜਾਰੀ ਪੱਤਰ ਵਿੱਚ ਉਨ੍ਹਾਂ ਲਿਖਿਆ- ਸਭ ਨੂੰ ਪਤਾ ਹੈ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਕੈਬਨਿਟ ਮੰਤਰੀ ਦੇ ਰੂਪ ਵਿੱਚ ਸਪੱਸ਼ਟੀਕਰਨ ਮੰਗਿਆ ਗਿਆ ਹੈ। 9 ਸਤੰਬਰ ਨੂੰ ਮੈਂ ਸਪਸ਼ਟੀਕਰਨ ਲਈ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਪੇਸ਼ ਹੋ ਰਹੀ ਹਾਂ। ਮੇਰੀ ਦਿਲੀ ਇੱਛਾ ਹੈ ਕਿ ਮੈਂ ਆਪਣੀ ਪਾਰਟੀ ਦੇ ਸਾਰੇ ਅਹੁਦੇ ਛੱਡ ਕੇ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਹਾਜ਼ਰੀ ਲਾਵਾਂ। ਮੈਨੂੰ ਪਾਰਟੀ ਦਾ ਸਲਾਹਕਾਰ ਤੇ ਕਾਰਜਕਾਰਨੀ ਮੈਂਬਰ ਬਣਾਇਆ ਗਿਆ ਬਾਕੀ ਸਫ਼ਾ-2 'ਤੇ



## ਕੈਨੇਡਾ ਦੀ ਵੱਡੀ ਕੰਪਨੀ ਪੰਜਾਬ ਵਿੱਚ ਕਰੇਗੀ ਨਿਵੇਸ਼, ਖੇਤੀਬਾੜੀ ਸੈਕਟਰ ਨੂੰ ਮਿਲੇਗਾ ਫਾਇਦਾ

ਚੰਡੀਗੜ੍ਹ, 9 ਸਤੰਬਰ (ਆਵਾਜ਼ਿ ਕੌਮ ਬਿਊਰੋ)- ਕੈਨੇਡਾ ਦੇ ਨੇਬੂਲਾ ਗਰੁੱਪ ਨੇ ਪੰਜਾਬ ਵਿੱਚ ਨਿਵੇਸ਼ ਕਰਨ ਵਿੱਚ ਡੂੰਘੀ ਦਿਲਚਸਪੀ ਦਿਖਾਈ ਹੈ। ਨੇਬੂਲਾ ਗਰੁੱਪ ਦੇ ਪ੍ਰਧਾਨ ਅਤੇ ਚੇਅਰਮੈਨ ਰਮਨ ਖਟੜਾ ਨੇ ਕਿਹਾ ਕਿ ਕੰਪਨੀ ਫੂਡ ਪ੍ਰੋਸੈਸਿੰਗ ਪਲਾਂਟ ਲਗਾਉਣਾ ਚਾਹੁੰਦੀ ਹੈ। ਜਿੱਥੇ ਕਰੀਬ 10,000 ਹੈਕਟੇਅਰ ਰਕਬੇ ਤੋਂ ਟਮਾਟਰ, ਖੱਟੇ ਫਲ, ਜੂਸ ਅਤੇ ਆਲੂ ਇਕੱਠੇ ਕੀਤੇ ਜਾਣਗੇ। ਇਹ ਓਜ਼ੋਨ ਦੀ ਵਰਤੋਂ ਕਰਕੇ ਜੰਮੇ ਹੋਏ ਅਤੇ ਤਾਜ਼ੇ ਭੋਜਨ ਉਤਪਾਦਾਂ ਨੂੰ ਸੁਰੱਖਿਅਤ ਰੱਖਣ ਦੀ ਇਜਾਜ਼ਤ ਦੇਵੇਗਾ। ਕੰਪਨੀ ਵੱਲੋਂ ਦੋਰਾਹਾ ਨੇੜੇ ਪਲਾਂਟ ਲਗਾਇਆ ਜਾਵੇਗਾ, ਜਿਸ ਨਾਲ ਨੌਜਵਾਨਾਂ ਨੂੰ ਰੁਜ਼ਗਾਰ ਮਿਲੇਗਾ। ਮੁੱਖ ਮੰਤਰੀ ਭਗਵੰਤ ਮਾਨ ਨੇ ਕਿਹਾ ਕਿ ਕੰਪਨੀ ਲੁਧਿਆਣਾ ਦੇ ਬੁੱਢਾ ਡਰੇਨ ਨੂੰ ਨਵੀਨਤਮ ਤਕਨੀਕ ਨਾਲ ਸਾਫ਼ ਕਰਨ ਲਈ ਆਪਣੀ ਮੁਹਾਰਤ ਦੀ ਵਰਤੋਂ ਕਰੇਗੀ। ਪਾਣੀ ਦੇ ਟੀਡੀਐਸ ਪੱਧਰ ਨੂੰ 100 ਤੋਂ ਘੱਟ ਕਰਨ ਲਈ ਹਰ ਸੰਭਵ ਕੋਸ਼ਿਸ਼ ਕੀਤੀ ਜਾਵੇਗੀ ਤਾਂ ਜੋ ਇਹ ਪਾਣੀ ਪੀਣ ਯੋਗ ਬਣ ਸਕੇ। ਇਸ ਨਾਲ ਜਿੱਥੇ ਪਲਾਸਟਿਕ ਦੇ ਕੂੜੇ ਦੀ ਸਮੱਸਿਆ ਦਾ ਹੱਲ ਹੋਵੇਗਾ, ਉੱਥੇ ਹੀ ਇਸ ਨਾਲ ਸਾਫ਼-ਸੁਥਰੇ ਅਤੇ ਹਰਿਆ ਭਰੇ ਵਾਤਾਵਰਨ ਨੂੰ ਵੀ ਉਤਸ਼ਾਹਿਤ ਕੀਤਾ ਜਾਵੇਗਾ। ਭਗਵੰਤ ਮਾਨ ਨੇ ਕਿਹਾ ਕਿ ਪੰਜਾਬ ਸਰਕਾਰ ਸੂਬੇ ਵਿੱਚ ਨਿਵੇਸ਼ ਨੂੰ ਉਤਸ਼ਾਹਿਤ ਕਰਨ ਲਈ ਵਚਨਬੱਧ ਹੈ ਅਤੇ ਇਸ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾ ਰਹੀ ਹੈ। ਇਸ ਮੌਕੇ ਨੈਬੂਲਾ ਗਰੁੱਪ ਦੇ ਚੇਅਰਮੈਨ ਰਮਨ ਖਟੜਾ ਬਾਕੀ ਸਫ਼ਾ-2 'ਤੇ

### ਕਸੂਤੀ ਘਿਰੀ ਪੰਜਾਬ ਸਰਕਾਰ !

# ਡਾਕਟਰਾਂ ਤੋਂ ਬਾਅਦ ਹੁਣ ਬਿਜਲੀ ਮੁਲਾਜ਼ਮਾਂ ਵੱਲੋਂ 3 ਰੋਜ਼ਾ ਹੜਤਾਲ ਦਾ ਐਲਾਨ, ਕਿਹਾ-ਸਰਕਾਰ ਨਹੀਂ ਸੁਣਦੀ ਗੱਲ

**ਕੰਮ ਕਰਦਿਆਂ ਆਪਣੀਆਂ ਕੀਮਤੀ ਜਾਨਾਂ ਗੁਆਉਣ ਵਾਲੇ ਬਿਜਲੀ ਕਾਮਿਆਂ ਨੂੰ ਸਰਕਾਰ ਸ਼ਹੀਦ ਦਾ ਦਰਜਾ ਤੇ ਕਰੋੜਾਂ ਰੁਪਏ ਦੀ ਵਿੱਤੀ ਸਹਾਇਤਾ ਵੀ ਦੇਣ ਲਈ ਵੀ ਤਿਆਰ ਨਹੀਂ ਹੈ...**

ਚੰਡੀਗੜ੍ਹ, 9 ਸਤੰਬਰ (ਆਵਾਜ਼ਿ ਕੌਮ ਬਿਊਰੋ)-ਪੰਜਾਬ ਦੇ ਸਰਕਾਰੀ ਹਸਪਤਾਲਾਂ ਦੇ ਡਾਕਟਰਾਂ ਤੋਂ ਬਾਅਦ ਹੁਣ ਬਿਜਲੀ ਵਿਭਾਗ ਦੇ ਮੁਲਾਜ਼ਮਾਂ ਨੂੰ ਵੀ ਜਨਤਕ ਛੁੱਟੀ 'ਤੇ ਜਾਣ ਦਾ ਐਲਾਨ ਕਰ ਦਿੱਤਾ ਹੈ। ਇਹ ਸਾਰੇ ਮੁਲਾਜ਼ਮ 3 ਦਿਨ ਹੜਤਾਲ 'ਤੇ ਰਹਿਣਗੇ। ਜੁਆਇੰਟ ਫੋਰਮ ਪੰਜਾਬ, ਬਿਜਲੀ ਮੁਲਾਜ਼ਮ ਏਕਤਾ ਫੋਰਮ ਤੇ ਜੂਨੀਅਰ ਇੰਜਨੀਅਰ ਐਸੋਸੀਏਸ਼ਨ ਨੇ ਸਰਕਾਰ 'ਤੇ ਉਨ੍ਹਾਂ ਦੀਆਂ ਮੰਗਾਂ ਨੂੰ ਗੰਭੀਰਤਾ ਨਾਲ ਨਾ ਲੈਣ ਦੇ ਦੋਸ਼ ਲਾਏ ਹਨ। ਇਹ ਪੰਜਾਬੀਆਂ ਲਈ ਫਿਕਰ ਵਾਲੀ ਘੜੀ ਹੈ ਕਿ ਕਿਉਂਕਿ ਜੇ ਕਿਤੇ ਕੋਈ ਨੁਕਸ ਪੈ ਗਿਆ ਤਾਂ ਉਸ ਨੂੰ ਜਲਦੀ ਠੀਕ ਨਹੀਂ ਕੀਤਾ ਜਾਵੇਗਾ ਤੇ ਖਪਤਕਾਰਾਂ ਨੂੰ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪਵੇਗਾ। ਜ਼ਿਕਰ ਕਰ ਦਈਏ ਕਿ 6 ਸਤੰਬਰ ਨੂੰ ਤਿੰਨਾਂ ਜਥੇਬੰਦੀਆਂ ਦੇ ਆਗੂਆਂ ਨੇ ਬਿਜਲੀ ਮੰਤਰੀ ਹਰਭਜਨ ਸਿੰਘ ਈ.ਟੀ.ਓ ਨਾਲ ਮੀਟਿੰਗ ਕੀਤੀ ਸੀ ਹਾਲਾਂਕਿ ਇਹ ਮੀਟਿੰਗ ਬੇਸਿੱਟਾ ਰਹੀ ਸੀ। ਇਸ ਤੋਂ ਪਹਿਲਾਂ ਵੀ 31 ਜੁਲਾਈ ਨੂੰ ਹੋਈ ਮੀਟਿੰਗ ਬੇਸਿੱਟਾ ਰਹੀ ਸੀ। ਆਗੂਆਂ ਦਾ ਕਹਿਣਾ ਹੈ ਕਿ ਪੰਜਾਬ ਸਰਕਾਰ ਅਤੇ ਮੈਨੇਜਮੈਂਟ ਬਾਕੀ ਸਫ਼ਾ-2 'ਤੇ

### ਕਿਹੜੀਆਂ ਮੰਗਾਂ ਨੂੰ ਲੈ ਕੇ ਬਿਜਲੀ ਮੁਲਾਜ਼ਮ ਕਰ ਰਹੇ ਨੇ ਪ੍ਰਦਰਸ਼ਨ ?

**ਡਿਊਟੀ ਦੌਰਾਨ ਮਰਨ ਵਾਲੇ ਮੁਲਾਜ਼ਮ ਨੂੰ ਸ਼ਹੀਦ ਦਾ ਦਰਜਾ** ਤੇ ਕਰੋੜਾਂ ਰੁਪਏ ਦੀ ਵਿੱਤੀ ਸਹਾਇਤਾ ਦਿੱਤੀ ਜਾਵੇ। ਸਬ ਸਟੇਸ਼ਨ ਸਟਾਫ਼ ਦੀਆਂ ਮੁੱਖ ਮੰਗਾਂ: ਆਰਟੀਐਮ ਤੋਂ ਏਐਲਐਮ ਵਿੱਚ ਤਰੱਕੀ ਦਾ ਸਮਾਂ ਘਟਾਇਆ ਜਾਵੇ। ਓਸੀ ਨੂੰ ਪੇ ਬੈਂਡ ਦੇਣਾ, ਸਬ ਸਟੇਸ਼ਨ ਸਟਾਫ ਨੂੰ ਸੁਰੱਖਿਆ ਤੇ ਓਵਰਟਾਈਮ ਦੇਣਾ ਹੋਵੇਗਾ। ਪੰਜਾਬ ਸਰਕਾਰ ਵੱਲੋਂ ਮੁੜ ਜਾਰੀ ਕੀਤੇ ਭੱਤੇ 2021 ਤੋਂ ਲਾਗੂ ਕੀਤੇ ਜਾਣੇ ਹਨ। ਥਰਡ ਸਕੇਲ ਪ੍ਰਮੋਸ਼ਨ 'ਤੇ ਭਰੋਸਾ ਕੀਤਾ ਜਾਵੇ, ਖਾਲੀ ਅਸਾਮੀਆਂ 'ਤੇ ਭਰਤੀ ਕੀਤੀ ਜਾਵੇ, ਪਾਵਰਕਾਮ 'ਚ ਦੂਜੇ ਰਾਜਾਂ ਤੋਂ ਭਰਤੀ 'ਤੇ ਰੋਕ ਲਗਾਈ ਜਾਵੇ।

### ਅਡਾਨੀ ਗਰੁੱਪ ਦਾ ਕਿਸਾਨਾਂ ਨੂੰ ਵੱਡਾ ਝਟਕਾ !


## ਇੱਕੋ ਝਟਕੇ 1500 ਰੁਪਏ ਕੁਇੰਟਲ ਹੇਠਾਂ ਸੁੱਟਿਆ ਫਸਲ ਦਾ ਭਾਅ, ਕੰਪਨੀ ਦੀ ਮਨਮਾਨੀ ਕਾਰਨ ਸੂਬੇ ਦੇ ਬਾਗਬਾਨਾਂ ਵਿੱਚ ਰੋਸ



ਸ਼ਿਮਲਾ, 9 ਸਤੰਬਰ (ਆਵਾਜ਼ਿ ਕੌਮ ਬਿਊਰੋ)-ਅਡਾਨੀ ਗਰੁੱਪ ਨੇ ਹਿਮਾਚਲ ਪ੍ਰਦੇਸ਼ ਦੇ ਕਿਸਾਨਾਂ ਨੂੰ ਵੱਡਾ ਝਟਕਾ ਦਿੱਤਾ ਹੈ। ਪਿਛਲੇ ਸਾਲ ਦੇ ਮੁਕਾਬਲੇ 1500 ਰੁਪਏ ਕੁਇੰਟਲ ਘੱਟ ਭਾਅ ਉਪਰ ਸੇਬ ਦੀ ਫਸਲ ਖਰੀਦੀ ਜਾ ਰਹੀ ਹੈ। ਕੰਪਨੀ ਦੀ ਮਨਮਾਨੀ ਕਾਰਨ ਸੂਬੇ ਦੇ ਬਾਗਬਾਨਾਂ ਵਿੱਚ ਰੋਸ ਹੈ। ਦੂਜੇ ਪਾਸੇ ਅੱਜਕੱਲ੍ਹ ਮੰਡੀਆਂ ਵਿੱਚ ਚੰਗੀ ਗੁਣਵੱਤਾ ਵਾਲੇ ਸੇਬਾਂ ਦਾ ਔਸਤਨ ਰੇਟ 120 ਤੋਂ 140 ਰੁਪਏ ਪ੍ਰਤੀ ਕਿਲੋ ਹੈ ਪਰ ਕਿਸਾਨਾਂ ਕੋਲੋਂ ਹਾਈ ਕੁਆਲਿਟੀ ਸੇਬ 80 ਰੁਪਏ ਪ੍ਰਤੀ ਕਿਲੋ ਦੇ ਹਿਸਾਬ ਨਾਲ ਖਰੀਦਿਆ ਜਾ ਰਿਹਾ ਹੈ। ਦਰਅਸਲ ਹਿਮਾਚਲ ਵਿੱਚ ਸੇਬ ਖਰੀਦਣ ਵਾਲੀ ਸਭ ਤੋਂ ਵੱਡੀ ਕੰਪਨੀ ਅਡਾਨੀ ਐਗਰੋ ਫ੍ਰੈਸ਼ ਲਿਮਟਿਡ ਨੇ ਪਿਛਲੇ ਸਾਲ ਦੇ ਮੁਕਾਬਲੇ ਇਸ ਸੀਜ਼ਨ ਲਈ ਸੇਬ ਦੀ ਖਰੀਦ ਦੀ ਕੀਮਤ ਵਿੱਚ ਰਿਕਾਰਡ 15 ਰੁਪਏ ਪ੍ਰਤੀ ਕਿਲੋ ਦੀ ਗਿਰਾਵਟ ਕੀਤੀ ਹੈ। ਸਾਲ 2023 'ਚ ਕੰਪਨੀ ਨੇ ਸੇਬ ਦੀ ਖਰੀਦ ਦੀ ਕੀਮਤ 95 ਰੁਪਏ ਪ੍ਰਤੀ ਕਿਲੋ ਤੈਅ ਕੀਤੀ ਸੀ ਪਰ ਇਸ ਵਾਰ ਉੱਚ ਗੁਣਵੱਤਾ ਵਾਲੇ ਸੇਬ ਸਿਰਫ 80 ਰੁਪਏ ਪ੍ਰਤੀ ਕਿਲੋ ਦੇ ਹਿਸਾਬ ਨਾਲ ਖਰੀਦੇ ਜਾ ਰਹੇ ਹਨ। ਇਸ ਹਿਸਾਬ ਨਾਲ ਕਿਸਾਨਾਂ ਨੂੰ 1500 ਰੁਪਏ ਕੁਇੰਟਲ ਦਾ ਘਾਟਾ ਪੈ ਰਿਹਾ ਹੈ। ਅਡਾਨੀ ਕੰਪਨੀ ਨੇ ਇਸ ਸਾਲ ਸੇਬ ਦੀ ਖਰੀਦ ਲਗਪਗ 15 ਦਿਨਾਂ ਦੀ ਦੇਰੀ ਨਾਲ ਸ਼ੁਰੂ ਕੀਤੀ ਹੈ। ਆਮ ਤੌਰ 'ਤੇ ਅਡਾਨੀ ਕੰਪਨੀ ਸੇਬਾਂ ਦੇ ਰੇਟ ਪਹਿਲਾਂ ਘੋਸ਼ਿਤ ਕਰਦੀ ਸੀ ਤੇ ਹੋਰ ਪ੍ਰਾਈਵੇਟ ਕੰਪਨੀਆਂ ਬਾਅਦ ਵਿੱਚ ਰੇਟ ਤੈਅ ਕਰਦੀਆਂ ਸਨ। ਇਸ ਵਾਰ ਅਡਾਨੀ ਕੰਪਨੀ ਨੇ ਦੇਵਭੂਮੀ ਕੋਲਡ ਚੇਨ ਤੋਂ ਬਾਅਦ ਸੇਬ ਖਰੀਦਣੇ ਸ਼ੁਰੂ ਕੀਤੀ ਹਨ ਤੇ ਬਾਗਬਾਨਾਂ ਬਾਕੀ ਸਫ਼ਾ-2 'ਤੇ

## ਪੰਜਾਬ 'ਚ ਬਾਲ ਵਿਆਹ: ਚਾਈਲਡ ਹੈਲਪਲਾਈਨ 'ਤੇ ਨਾਬਾਲਗ ਕੁੜੀ ਨੇ ਕੀਤੀ ਸ਼ਿਕਾਇਤ, ਬਰਾਤੀਆਂ 'ਤੇ ਵੀ ਹੋਇਆ ਪਰਚਾ

ਜਲੰਧਰ (ਕਪੂਰਥਲਾ), 9 ਸਤੰਬਰ (ਆਵਾਜ਼ਿ ਕੌਮ ਬਿਊਰੋ)-ਕਪੂਰਥਲਾ 'ਚ ਨਾਬਾਲਗ ਲੜਕੀ ਦੇ ਵਿਆਹ ਦਾ ਮਾਮਲਾ ਸਾਹਮਣੇ ਆਇਆ ਹੈ। ਇਹ ਬਾਲ ਵਿਆਹ ਕਪੂਰਥਲਾ ਦੇ ਭੁਲੱਥ ਵਿੱਚ ਹੋਇਆ। ਇਸ ਸਬੰਧੀ ਬਾਲ ਸੁਰੱਖਿਆ ਵਿਭਾਗ ਦੇ ਹੁਕਮਾਂ 'ਤੇ ਚਾਈਲਡ ਹੈਲਪਲਾਈਨ 1098 'ਤੇ ਨਾਬਾਲਗ ਲੜਕੀ ਅਤੇ ਉਸ ਦੀ ਮਾਂ ਦੀ ਸ਼ਿਕਾਇਤ ਮਿਲਣ ਤੋਂ ਬਾਅਦ ਨਾਬਾਲਗ ਦੇ ਪਤੀ ਸਮੇਤ 7 ਬਰਾਤੀਆਂ ਖਿਲਾਫ਼ ਥਾਣਾ




ਭੁਲੱਥ ਵਿਖੇ ਮਾਮਲਾ ਦਰਜ ਕੀਤਾ ਗਿਆ ਹੈ। ਜਾਣਕਾਰੀ ਅਨੁਸਾਰ ਭੁਲੱਥ ਵਾਸੀ ਨਾਬਾਲਗ ਜੋ ਕਿ ਮੂਲ ਰੂਪ ਵਿੱਚ ਹੁਸ਼ਿਆਰਪੁਰ ਦੀ ਰਹਿਣ ਵਾਲੀ ਹੈ, ਨੇ 5 ਸਤੰਬਰ ਨੂੰ ਚਾਈਲਡ ਹੈਲਪਲਾਈਨ 1098 'ਤੇ ਕਾਲ ਕੀਤੀ ਸੀ। ਨਾਬਾਲਗ ਨੇ ਬਾਲ ਵਿਆਹ ਦੀ ਸ਼ਿਕਾਇਤ ਦਰਜ ਕਰਵਾਈ ਹੈ। ਨਾਬਾਲਗ ਨੇ ਭੁਲੱਥ ਦੇ ਪਿੰਡ ਕਮਰਾਏ ਦੇ ਕੁਝ ਲੋਕਾਂ 'ਤੇ ਦੋਸ਼ ਲਗਾਇਆ ਕਿ 20 ਜੂਨ 2023 ਨੂੰ ਉਸ ਦਾ ਵਿਆਹ ਲਖਵਿੰਦਰ ਸਿੰਘ ਪੁੱਤਰ ਕਰਮਜੀਤ ਸਿੰਘ ਨਾਲ ਜ਼ਬਰਦਸਤੀ ਕਰ ਦਿੱਤਾ ਗਿਆ। ਕਰਮਜੀਤ ਸਿੰਘ ਵੀ ਉਸ ਸਮੇਂ ਨਾਬਾਲਗ ਸੀ। ਬਾਕੀ ਸਫ਼ਾ-2 'ਤੇ

ਖੇਡਾਂ ਵਤਨ ਪੰਜਾਬ ਦੀਆਂ-2024 ਸੀਜ਼ਨ-3 ਤਹਿਤ

# ਫਿਰੋਜ਼ਪੁਰ ਜ਼ਿਲ੍ਹੇ ਵਿੱਚ ਬਲਾਕ ਪੱਧਰੀ ਖੇਡਾਂ ਦੀ ਹੋਈ ਸ਼ੁਰੂਆਤ



**ਫਿਰੋਜ਼ਪੁਰ/ਜ਼ੀਰਾ/ਗੁਰੂਹਰਸਹਾਏ 09 ਸਤੰਬਰ (ਸੁਖਮੰਦਰ ਸਿੰਘ ਸ਼ਾਂਤ)**-ਪੰਜਾਬ ਸਰਕਾਰ ਵੱਲੋਂ ਪ੍ਰਾਪਤ ਦਿਸ਼ਾ ਨਿਰਦੇਸ਼ਾ ਹੇਠ ਖੇਡ ਵਿਭਾਗ ਵੱਲੋਂ ਜ਼ਿਲ੍ਹਾ ਪ੍ਰਸ਼ਾਸਨ ਫਿਰੋਜ਼ਪੁਰ ਦੇ ਸਹਿਯੋਗ ਨਾਲ ਖੇਡਾਂ ਵਤਨ ਪੰਜਾਬ ਦੀਆਂ 2024 ਸੀਜ਼ਨ-3 ਤਹਿਤ ਫਿਰੋਜ਼ਪੁਰ ਦੇ ਬਲਾਕ ਜ਼ੀਰਾ, ਘੱਲ ਖੁਰਦ ਅਤੇ ਗੁਰੂਹਰਸਹਾਏ ਵਿਖੇ ਬਲਾਕ ਪੱਧਰੀ ਖੇਡਾਂ ਦੀ ਸ਼ੁਰੂਆਤ ਹੋਈ। ਇਨ੍ਹਾਂ ਖੇਡ ਮੁਕਾਬਲਿਆਂ ਦੀ ਸ਼ੁਰੂਆਤ ਬਲਾਕ ਘੱਲਖੁਰਦ ਅਧੀਨ ਆਉਂਦੇ ਖਿਡਾਰੀਆਂ ਦੇ ਸ਼ਹੀਦ ਭਗਤ ਸਿੰਘ ਸਟੇਟ ਯੂਨੀਵਰਸਿਟੀ ਫਿਰੋਜ਼ਪੁਰ ਵਿਖੇ, ਬਲਾਕ ਗੁਰੂਹਰਸਹਾਏ ਦੇ ਸ਼੍ਰੀ ਗੁਰੂ ਰਾਮਦਾਸ ਖੇਡ ਸਟੇਡੀਅਮ ਗੁਰੂਹਰਸਹਾਏ ਅਤੇ ਬਲਾਕ ਜ਼ੀਰਾ ਦੇ ਸਸਸ ਸਕੂਲ(ਲੜਕੇ) ਜ਼ੀਰਾ ਵਿਖੇ ਹੋਈ। ਬਲਾਕ ਗੁਰੂਹਰਸਹਾਏ ਦੇ ਖੇਡ ਮੁਕਾਬਲਿਆਂ ਵਿੱਚ ਵਿਧਾਇਕ ਗੁਰੂਹਰਸਹਾਏ ਸ਼੍ਰੀ ਫੌਜਾ ਸਿੰਘ ਸਰਾਰੀ, ਬਲਾਕ ਜ਼ੀਰਾ ਦੇ ਖੇਡ ਮੁਕਾਬਲਿਆਂ ਵਿੱਚ ਸ਼੍ਰੀ ਨਰੇਸ਼ ਕਟਾਰੀਆ ਅਤੇ ਬਲਾਕ ਘੱਲ ਖੁਰਦ ਦੇ ਖੇਡ ਮੁਕਾਬਲਿਆਂ ਵਿੱਚ ਰਜਿਸ਼ਟਰਾਰ ਸ਼ਹੀਦ ਭਗਤ ਸਿੰਘ ਸਟੇਟ ਯੂਨੀਵਰਸਿਟੀ ਫਿਰੋਜ਼ਪੁਰ ਸ਼੍ਰੀ ਗਜ਼ਲਪ੍ਰੀਤ ਸਿੰਘ ਨੇ ਮੁੱਖ ਮਹਿਮਾਨਾਂ ਵਜੋਂ ਸ਼ਿਰਕਤ ਕਰਕੇ ਨੌਜਵਾਨਾਂ ਦੀ ਹੌਂਸਲਾ ਅਫਜਾਈ ਕੀਤੀ। ਗੁਰੂਹਰਸਹਾਏ ਦੇ ਖੇਡ ਮੁਕਾਬਲਿਆਂ ਵਿੱਚ ਐਸ.ਡੀ.ਐਮ ਗੁਰੂਹਰਸਹਾਏ ਸ਼੍ਰੀ ਗਗਨਦੀਪ ਸਿੰਘ, ਜ਼ੀਰਾ ਵਿਖੇ ਐਸ.ਡੀ.ਐਮ ਜ਼ੀਰਾ ਸ਼੍ਰੀ ਗੁਰਮੀਤ ਸਿੰਘ ਅਤੇ ਘੱਲ ਖੁਰਦ ਵਿਖੇ ਐਸ.ਡੀ.ਐਮ ਫਿਰੋਜ਼ਪੁਰ ਸ਼੍ਰੀ ਹਰਕਮਲਜੀਤ ਸਿੰਘ ਅਤੇ ਜ਼ਿਲ੍ਹਾ ਪ੍ਰਧਾਨ ਆਮ ਆਦਮੀ ਪਾਰਟੀ ਫਿਰੋਜ਼ਪੁਰ ਸ਼੍ਰੀ ਮਲਕੀਤ ਥਿੰਦ ਨੇ ਵਿਸ਼ੇਸ਼ ਮਹਿਮਾਨਾਂ ਵਜੋਂ ਸ਼ਿਰਕਤ ਕੀਤੀ। ਉਨ੍ਹਾਂ ਖਿਡਾਰੀਆਂ ਨੂੰ ਖੇਡਾਂ ਵਿੱਚ ਵੱਧ ਤੋਂ ਵੱਧ ਭਾਗ ਲੈਣ ਲਈ ਪ੍ਰੇਰਿਤ ਕਰਦਿਆ ਕਿਹਾ ਕਿ ਖੇਡਾਂ ਨਾਲ ਸਾਡਾ ਸਰੀਰਿਕ ਅਤੇ ਮਾਨਸਿਕ ਦੋਵਾਂ ਪੱਖਾਂ ਤੋਂ ਵਿਕਾਸ ਹੁੰਦਾ ਹੈ। ਉਨ੍ਹਾਂ ਨੌਜਵਾਨਾਂ ਨੂੰ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਨੌਜਵਾਨਾਂ ਲਈ ਇਹ ਇੱਕ ਬਹੁਤ ਵਧੀਆ ਪਲੇਟਫਾਰਮ ਬਣਾਇਆ ਗਿਆ ਹੈ ਤੇ ਇੱਥੋ ਖੇਡ ਕੇ ਅਗਾਂਹ ਨੌਜਵਾਨ ਜ਼ਿਲ੍ਹਾ ਅਤੇ ਰਾਜ ਪੱਧਰ ਦੀਆ ਖੇਡਾਂ ਵਿੱਚ ਭਾਗ ਲੈ ਸਕਦੇ ਹਨ। ਉਨ੍ਹਾਂ ਕਿਹਾ ਕਿ ਖੇਡਾਂ ਨਾਲ ਨੌਜਵਾਨ ਸਰੀਰਕ ਪੱਖੋਂ ਤਾਂ ਮਜ਼ਬੂਤ ਹੁੰਦਾ ਹਨ ਨਾਲ ਹੀ ਨਸ਼ਿਆਂ ਤੋਂ ਵੀ ਦੂਰ ਰਹਿੰਦੇ ਹਨ। ਵਧੇਰੇ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਖੇਡ ਅਫ਼ਸਰ ਫਿਰੋਜ਼ਪੁਰ ਸ਼੍ਰੀ ਰੁਪਿੰਦਰ ਸਿੰਘ ਬਰਾੜ ਨੇ ਦੱਸਿਆ ਕਿ ਇਨ੍ਹਾਂ ਖੇਡ ਮੁਕਾਬਲਿਆਂ ਵਿੱਚ ਬਲਾਕ ਘੱਲ ਖੁਰਦ ਵਿਖੇ ਕਬੱਡੀ ਨੈਸ਼ਨਲ ਸਟਾਈਲ(ਲੜਕੀਆਂ) ਗੇਮ ਅੰ. 14 ਵਿੱਚ ਸਸਸਸ ਮੁੱਦਕੀ ਨੇ ਪਹਿਲਾ ਸਥਾਨ ਅਤੇ ਸਹਸ ਲੱਲੇ ਨੇ ਦੂਸਰਾ ਸਥਾਨ ਹਾਸਿਲ ਕੀਤਾ ਅਤੇ ਅੰਡਰ 17 ਵਿੱਚ ਸਹਸ ਲੱਲੇ ਨੇ ਪਹਿਲਾ ਸਥਾਨ ਤੇ ਸਹਸ ਤੂੰਬੜ ਭੰਨ ਨੇ ਦੂਸਰਾ ਸਥਾਨ ਹਾਸਿਲ ਕੀਤਾ। ਬਲਾਕ ਜ਼ੀਰਾ ਵਿਖੇ ਅੰ-14 ਗੇਮ ਅਥਲੈਟਿਕਸ ਲੰਬੀ ਛਾਲ ਵਿੱਚ ਜੀਵਨ ਮੱਲ ਸਸਸ ਸਕੂਲ ਜ਼ੀਰਾ ਦੀਆਂ ਵਿਦਿਆਰਥਣਾਂ ਸੁਧਾ ਕੁਮਾਰੀ ਨੇ ਪਹਿਲਾਂ , ਪ੍ਰਭਵੀਰ ਕੌਰ ਨੇ ਦੂਸਰਾ ਅਤੇ ਕਿਸਮਤ ਕੌਰ ਨੇ ਤੀਸਰਾ ਸਥਾਨ ਅਤੇ ਅੰ- 17 ਵਿੱਚ ਅਵਸਥਾ ਕੌਰ ਨੇ ਪਹਿਲਾਂ ਅਤੇ ਕਿਰਨਦੀਪ ਕੌਰ ਨੇ ਦੂਸਰਾ ਸਥਾਨ ਹਾਸਿਲ ਕੀਤਾ। ਬਲਾਕ ਗੁਰੂਹਰਸਹਾਏ ਵਿਖੇ ਕਬੱਡੀ ਨੈਸ਼ਨਲ ਸਟਾਈਲ(ਲੜਕੀਆਂ) ਗੇਮ ਵਿੱਚ ਅੰ. 14 ਵਿੱਚ ਚੱਕ ਮਹੰਤਾਂ ਵਾਲਾ ਨੇ ਪਹਿਲਾ ਅਤੇ ਚਾਹ ਬੋਹੜੀਆਂ ਨੇ ਦੂਸਰਾ ਸਥਾਨ ਹਾਸਿਲ ਕੀਤਾ। ਇਸੇ ਤਰ੍ਹਾਂ ਅੰ-17 ਵਿੱਚ ਸੋਹਣਗੜ੍ਹ ਨੇ ਪਹਿਲਾ, ਮੋਹਨ ਕੇ ਹਿਠਾੜ ਨੇ ਦੂਸਰਾ ਅਤੇ ਚੱਕ ਪੰਜੇ ਕੇ ਨੇ ਤੀਸਰਾ ਸਥਾਨ ਹਾਸਿਲ ਕੀਤਾ। ਇਸ ਮੌਕੇ ਖੇਡ ਵਿਭਾਗ ਫਿਰੋਜ਼ਪੁਰ ਦੇ ਸਮੂਰ ਕੋਚ, ਸਿੱਖਿਆ ਵਿਭਾਗ ਦੇ ਡੀ.ਪੀ.ਈ/ ਪੀ.ਟੀ.ਆਈ , ਸਿਹਤ ਵਿਭਾਗ ਦੀ ਟੀਮ, ਪਿੰਡ ਪੰਚਾਇਤ ਮੈਂਬਰ ਅਤੇ ਹੋਰ ਕਈ ਪਤਵੰਤੇ ਸੱਜਣ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਟਰਾਈਡੈਂਟ ਗਰੁੱਪ ਬਰਨਾਲਾ ਦੇ ਵਿਸ਼ੇਸ਼ ਸਹਿਯੋਗ ਨਾਲ ਰਵਿਦਾਸ ਮਿੰਨੀ ਜੰਗਲ ਦਾ ਕੀਤਾ ਆਗਾਜ਼

**ਬਰਨਾਲਾ, 8 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਸਾਂਸਦ ਗੁਰਮੀਤ ਸਿੰਘ ਮੀਤ ਹੇਅਰ ਨੇ ਬਰਨਾਲਾ ਵਿਖੇ ਨਗਰ ਸੁਧਾਰ ਟਰਸਟ ਦੀ 16 ਏਕੜ ਜਗ੍ਹਾ ਵਿੱਚ ਮਿਨੀ ਜੰਗਲ ਬਣਾਉਣ ਲਈ ਮਹੱਤਵਪੂਰਣ ਪਹੁੰਚ ਕੀਤੀ। ਇਸ ਪ੍ਰਕਿਰਿਆ ਦੌਰਾਨ ਸੇਵਾ ਕੇਂਦਰ ਦੇ ਨੇੜੇ ਇਸ ਖਾਲੀ ਪਈ ਜਗ੍ਹਾ 'ਤੇ ਕਈ ਪੌਦੇ ਲਗਾਏ ਗਏ। ਜ਼ਿਕਰਯੋਗ ਹੈ ਕਿ ਟਰਾਈਡੈਂਟ ਗਰੁੱਪ ਬਰਨਾਲਾ ਵਲੋਂ ਪਦਮਸ਼੍ਰੀ ਰਾਜਿੰਦਰ ਗੁਪਤਾ ਦੇ ਦਿਸ਼ਾ-ਨਿਰਦੇਸ਼ਾਂ 'ਤੇ ਵਾਤਾਵਰਣ ਦੀ ਸ਼ੁੱਧਤਾ ਲਈ ਵੱਡੇ ਪੱਧਰ 'ਤੇ ਜੰਗਲ ਜਾਂ ਬੂਟੇ ਲਗਾਏ ਜਾ ਰਹੇ ਹਨ। ਇਸੇ ਲੜੀ ਤਹਿਤ ਅੱਜ ਨਗਰ ਸੁਧਾਰ ਟਰੱਸਟ ਬਰਨਾਲਾ ਵਲੋਂ ਦਿੱਤੀ ਗਈ ਜਗ੍ਹਾ ਬੱਸ ਸਟੈਂਡ ਰੋਡ ਉਪਰ ਬੇਆਬਾਦ ਪਈ ਜਗ੍ਹਾ ਜਿਸ ਉਪਰ ਪਹਿਲਾਂ ਕੂੜੇ ਦੇ ਢੇਰ ਲਗਾਏ ਹੋਏ ਸਨ। ਨੇੜਲੇ ਘਰਾਂ ਅਤੇ ਦੁਕਾਨਦਾਰਾਂ ਨੂੰ ਇਸ ਗੰਦਗੀ ਦੇ ਢੇਰਾਂ ਤੋਂ ਨਿਜ਼ਾਤ ਦਿਵਾਉਣ ਲਈ ਟਰਾਈਡੈਂਟ ਗਰੁੱਪ ਬਰਨਾਲਾ ਵਲੋਂ ਵਿਸ਼ੇਸ਼ ਸਹਿਯੋਗ ਦਿੱਤਾ ਗਿਆ। ਜਿਸ ਵਿਚ 5 ਫੁੱਟ ਦਾ ਟਰੈਕ ਅਤੇ ਉਸਦੀ ਚਾਰਦੀਵਾਰੀ ਮਾਰੀ ਗਈ ਅਤੇ ਸੈਂਕੜਿਆਂ ਦੀ ਤਦਾਦ ਵਿਚ ਬੂਟੇ ਦਿੱਤੇ ਗਏ। ਜਿਸ ਵਿਚ ਫਲਾਂ, ਮੈਡੀਸ਼ਨ ਅਤੇ ਸਜਾਵਟੀ ਬੂਟੇ ਲਗਾਏ ਗਏ। ਅੱਜ ਇਸ ਰਵਿਦਾਸ ਮਿੰਨੀ ਜੰਗਲ ਦਾ ਆਗਾਜ਼ ਮੈਂਬਰ ਪਾਰਲੀਮੈਂਟ ਸੰਗਰੂਰ ਗੁਰਮੀਤ ਸਿੰਘ ਮੀਤ ਹੇਅਰ ਨੇ ਕੀਤਾ ਅਤੇ ਨਗਰ ਸੁਧਾਰ ਟਰੱਸਟ ਦੇ ਚੇਅਰਮੈਨ ਰਾਮ ਤੀਰਥ ਮੰਨਾ, ਵਿਵੇਕ ਸਿੰਧਵਾਨੀ, ਰਜਤ ਮੋਂਗਾ, ਦੀਪਕ ਗਰਗ, ਸ਼੍ਰੀ ਗੁਰੂ ਰਵਿਦਾਸ ਸਭਾ ਦੇ ਪ੍ਰਧਾਨ ਕੌਂਸਲਰ ਜਗਰਾਜ ਸਿੰਘ ਪੰਡੋਰੀ ਵਲੋਂ ਵਿਸ਼ੇਸ਼ ਤੌਰ 'ਤੇ ਹਾਜਰੀ ਲੁਆਂਈ ਗਈ।। ਟਰਾਈਡੈਂਟ ਗਰੁੱਪ ਵੱਲੋਂ ਦਿੱਤਾ ਗਿਆ ਵਿਸ਼ੇਸ਼ ਸਹਿਯੋਗ ਇਸ ਪ੍ਰੋਜੈਕਟ ਨੂੰ ਵੱਡੀ ਸਫਲਤਾ ਵੱਲ ਲੈ ਜਾ ਰਿਹਾ ਹੈ। ਇਹ ਯਤਨ ਸਿਰਫ ਵਾਤਾਵਰਣ ਸੁਧਾਰ ਲਈ ਹੀ ਨਹੀਂ, ਸਗੋਂ ਸਮੂਹਕ ਜ਼ਿੰਮੇਵਾਰੀ ਅਤੇ ਭਵਿੱਖੀ ਪੀੜ੍ਹੀਆਂ ਲਈ ਇੱਕ ਹਰਿਆਵਲੀ ਵਿਰਾਸਤ ਛੱਡਣ ਵੱਲ ਵੱਡਾ ਕਦਮ ਹੈ। ਸਾਂਸਦ ਮੀਤ ਹੇਅਰ ਨੇ ਸਥਾਨਕ ਅਧਿਕਾਰੀਆਂ ਅਤੇ ਟਰਾਈਡੈਂਟ ਜਿਵੇਂ ਉਦਯੋਗਿਕ ਸਮੂਹਾਂ ਨੂੰ ਰਾਜ਼ੀ ਕੀਤਾ, ਜੋ ਕਿ ਇਸ ਜਗ੍ਹਾ ਨੂੰ ਗੰਦੇ ਡੰਪਿੰਗ ਸਥਾਨ ਤੋਂ ਇੱਕ ਮਸਕਨ ਵਿੱਚ ਬਦਲਣ ਵਿੱਚ ਮੁੱਖ ਭੂਮਿਕਾ ਨਿਭਾ ਰਹੇ ਹਨ। ਸਾਡਾ ਬਰਨਾਲਾ ਨੂੰ ਸਾਫ਼-ਸੁਥਰਾ ਬਰਨਾਲਾ ਬਣਾਉਣ ਦਾ ਸੁਪਨਾ ਹੁਣ ਹੌਲੀ ਹੌਲੀ ਸਿਰੇ ਚੜ੍ਹ ਰਿਹਾ ਹੈ। ਸੇਵਾ ਕੇਂਦਰ ਦੇ ਨੇੜੇ ਨਗਰ ਸੁਧਾਰ ਟਰਸਟ ਦੀ ਇਸ ਜਗ੍ਹਾ ਨੂੰ ਹੁਣ ਇੱਕ ਮਿਨੀ ਜੰਗਲ ਵਿੱਚ ਤਬਦੀਲ ਕੀਤਾ ਜਾ ਰਿਹਾ ਹੈ। ਇਹ ਜੰਗਲ ਸਿਰਫ ਹਰੇ-ਭਰੇ ਦਰੱਖਤਾਂ ਨਾਲ ਹੀ ਨਹੀਂ ਸਗੋਂ ਆਮ ਲੋਕਾਂ ਲਈ ਸੁੱਚੀ ਹਵਾ ਅਤੇ ਇੱਕ ਖ਼ੂਬਸੂਰਤ ਤਬਦੀਲੀ ਵੱਲ ਪੇਸ਼ਕਸ਼ ਕਰਦਾ ਹੈ।

## ਪੰਜਾਬ 'ਚ ਬਾਲ ਵਿਆਹ..

ਦੀ ਨੀਂਦ ਉਡਾ ਦਿੱਤੀ ਹੈ। ਦਰਅਸਲ ਮਹਾਰਾਸ਼ਟਰ ਵਿੱਚ ਇਸ ਸਾਲ ਦੇ ਅੰਤ ਵਿੱਚ ਵਿਧਾਨ ਸਭਾ ਚੋਣਾਂ ਹੋ ਸਕਦੀਆਂ ਹਨ। ਭਾਜਪਾ ਨੇ ਇਨ੍ਹਾਂ ਚੋਣਾਂ ਦੀ ਤਿਆਰੀ ਸ਼ੁਰੂ ਕਰ ਦਿੱਤੀ ਹੈ। ਅਗਸਤ ਮਹੀਨੇ 'ਚ ਕੀਤੇ ਗਏ ਇੰਪਰੀਕਲ ਤੇ ਮਾਸ ਸਰਵੇ ਮੁਤਾਬਕ ਇਸ ਵਾਰ ਮਹਾਰਾਸ਼ਟਰ ਵਿਧਾਨ ਸਭਾ ਚੋਣਾਂ 'ਚ ਮਹਾਯੁਤੀ ਨੂੰ 123 ਤੇ ਮਹਾਵਿਕਾਸ ਅਗਾੜੀ ਨੂੰ 152 ਸੀਟਾਂ ਮਿਲ ਸਕਦੀਆਂ ਹਨ। ਇਸ ਦੌਰਾਨ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਐਤਵਾਰ (8 ਸਤੰਬਰ) ਨੂੰ ਮਹਾਰਾਸ਼ਟਰ ਦੇ ਮੁੱਖ ਮੰਤਰੀ ਏਕਨਾਥ ਸ਼ਿੰਦੇ ਤੇ ਉਪ ਮੁੱਖ ਮੰਤਰੀ ਦੇਵੇਂਦਰ ਫੜਨਵੀਸ ਤੇ ਅਜੀਤ ਪਵਾਰ ਨਾਲ ਦੇਰ ਰਾਤ ਮੀਟਿੰਗ ਕੀਤੀ। ਇਸ ਮੀਟਿੰਗ ਵਿੱਚ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਵੱਖ-ਵੱਖ ਸਰਕਾਰੀ ਸਕੀਮਾਂ ਸਬੰਧੀ ਲੋਕਾਂ ਦੀ ਪ੍ਰਤੀਕਿਰਿਆ ਜਾਣਨ ਦਾ ਯਤਨ ਕੀਤਾ ਗਿਆ। ਦੱਸ ਦਈਏ ਕਿ ਮੰਨਿਆ ਜਾ ਰਿਹਾ ਹੈ ਕਿ ਮਹਾਰਾਸ਼ਟਰ 'ਚ ਅਕਤੂਬਰ-ਨਵੰਬਰ 'ਚ ਵਿਧਾਨ ਸਭਾ ਚੋਣਾਂ ਹੋ ਸਕਦੀਆਂ ਹਨ। ਇਸ ਮੀਟਿੰਗ ਵਿੱਚ ਮੁੱਖ ਮੰਤਰੀ ਸ਼ਿੰਦੇ ਦੀ ਅਗਵਾਈ ਵਾਲੀ ਸ਼ਿਵ ਸੈਨਾ ਤੇ ਰਾਸ਼ਟਰਵਾਦੀ ਕਾਂਗਰਸ ਪਾਰਟੀ ਵੱਲੋਂ ਹਾਲ ਹੀ ਵਿੱਚ ਦਿੱਤੇ ਗਏ ਵਿਵਾਦਤ ਬਿਆਨਾਂ ਬਾਰੇ ਵੀ ਚਰਚਾ ਕੀਤੀ ਗਈ। ਇਸ ਬੈਠਕ 'ਚ ਅਮਿਤ ਸ਼ਾਹ ਨੇ ਭਾਜਪਾ ਨੇਤਾਵਾਂ ਨੂੰ ਜਨਤਕ ਵਿਵਾਦਾਂ ਤੋਂ ਬਚਣ ਦੇ ਨਿਰਦੇਸ਼ ਦਿੱਤੇ।

## ਪੰਜਾਬ 'ਚ ਬਾਲ ਵਿਆਹ..

ਬਾਲ ਸੁਰੱਖਿਆ ਵਿਭਾਗ ਵੱਲੋਂ ਸ਼ਿਕਾਇਤ ਦੀ ਜਾਂਚ ਨਡਾਲਾ ਦੇ ਬਾਲ ਵਿਕਾਸ ਪ੍ਰੋਜੈਕਟ ਅਫ਼ਸਰ (ਸੀਡੀਪੀਓ) ਬਲਵਿੰਦਰਜੀਤ ਸਿੰਘ ਨੂੰ ਸੌਂਪੀ ਗਈ ਸੀ।

ਸੀ.ਡੀ.ਪੀ.ਓ. ਬਲਵਿੰਦਰਜੀਤ ਸਿੰਘ ਅਨੁਸਾਰ ਉਕਤ ਬਾਲ ਵਿਆਹ ਵਿੱਚ ਸਾਲ 2023 ਵਿੱਚ ਦੋਵਾਂ ਪਰਿਵਾਰਾਂ ਵਿੱਚ ਰਿਸ਼ਤਾ ਪੱਕਾ ਹੋਣ ਤੋਂ ਬਾਅਦ ਦੋਵਾਂ ਧਿਰਾਂ ਵਿੱਚ ਸਮਝੌਤਾ ਹੋਇਆ ਸੀ, ਜਿਸ ਵਿੱਚ ਇਹ ਫੈਸਲਾ ਕੀਤਾ ਗਿਆ ਸੀ ਕਿ ਦੋਵੇਂ ਨਾਬਾਲਗਾਂ ਦਾ ਵਿਆਹ ਬਾਲਗ ਹੋਣ ਤੋਂ ਬਾਅਦ ਹੀ ਕਰ ਦਿੱਤਾ ਜਾਵੇਗਾ। ਬਹੁਮਤ ਇਸ ਦੇ ਬਾਵਜੂਦ ਕੁਝ ਦਿਨਾਂ ਬਾਅਦ ਕਿਸੇ ਗੱਲ ਨੂੰ ਲੈ ਕੇ ਦੋਵਾਂ ਪਰਿਵਾਰਾਂ ਵਿਚ ਤਕਰਾਰ ਹੋ ਗਈ ਅਤੇ 20 ਜੂਨ 2023 ਨੂੰ ਦੋਵਾਂ ਨਾਬਾਲਗਾਂ ਨੂੰ ਬਾਲ ਵਿਆਹ ਲਈ ਮਜਬੂਰ ਕਰ ਦਿੱਤਾ ਗਿਆ। ਇਸ ਦੇ ਨਾਲ ਹੀ ਪੀੜਤ ਲੜਕੀ ਅਤੇ ਉਸ ਦੀ ਮਾਂ ਵੱਲੋਂ ਚਾਈਲਡ ਹੈਲਪਲਾਈਨ ਨੰਬਰ 1098 'ਤੇ ਦਿੱਤੀ ਸ਼ਿਕਾਇਤ 'ਚ ਦੋਸ਼ੀਆਂ ਖਿਲਾਫ ਕਾਰਵਾਈ ਦੀ ਮੰਗ ਕੀਤੀ ਗਈ ਹੈ। ਲੜਕੀ ਦੀ ਮਾਂ ਨੇ ਦੱਸਿਆ ਕਿ ਵਿਆਹ ਸਮੇਂ ਉਨ੍ਹਾਂ ਦੀ ਲੜਕੀ ਦੀ ਉਮਰ ਸਿਰਫ 13 ਸਾਲ 7 ਮਹੀਨੇ ਸੀ। ਉਸ ਦਾ ਲਾੜਾ ਕਰਮਜੀਤ ਸਿੰਘ ਵੀ ਵਿਆਹ ਸਮੇਂ ਨਾਬਾਲਗ ਸੀ।

## ਕਸੂਤੀ ਘਿਰੀ ਪੰਜਾਬ ਸਰਕਾਰ..

ਉਨ੍ਹਾਂ ਨੂੰ ਕੁਝ ਵੀ ਦੇਣ ਨੂੰ ਤਿਆਰ ਨਹੀਂ ਹੈ। ਬਸ ਗੱਲਾਂ ਕਰ ਰਹੇ ਹਨ। ਕੰਮ ਕਰਦਿਆਂ ਆਪਣੀਆਂ ਕੀਮਤੀ ਜਾਨਾਂ ਗੁਆਉਣ ਵਾਲੇ ਬਿਜਲੀ ਕਾਮਿਆਂ ਨੂੰ ਸਰਕਾਰ ਸ਼ਹੀਦ ਦਾ ਦਰਜਾ ਤੇ ਕਰੋੜਾਂ ਰੁਪਏ ਦੀ ਵਿੱਤੀ ਸਹਾਇਤਾ ਵੀ ਦੇਣ ਲਈ ਵੀ ਤਿਆਰ ਨਹੀਂ ਹੈ। ਬਿਜਲੀ ਮੁਲਾਜ਼ਮ ਜਥੇਬੰਦੀਆਂ ਦਾ ਕਹਿਣਾ ਹੈ ਕਿ ਸਾਰੇ ਕਰਮਚਾਰੀ 10, 11 ਅਤੇ 12 ਸਤੰਬਰ ਨੂੰ 3 ਦਿਨਾਂ ਦੀ ਸਮੂਹਿਕ ਛੁੱਟੀ ਲੈਣਗੇ ਅਤੇ ਕੰਮ ਨਹੀਂ ਕਰਨਗੇ।

## ਸ੍ਰੀ ਅਕਾਲ ਤਖ਼ਤ ਸਾਹਿਬ ਉੱਤੇ ਪੇਸ਼ ਹੋਣ ਤੋਂ ਪਹਿਲਾਂ ਦਿੱਤਾ..

ਹੈ। ਮੈਂ ਆਪਣੇ ਸਾਰੇ ਅਹੁਦਿਆਂ ਤੋਂ ਅਸਤੀਫਾ ਦੇ ਰਹੀ ਹਾਂ, ਤਾਂ ਜੋ ਮੈਂ ਇੱਕ ਆਮ ਸਿੱਖ ਵਾਂਗ ਪੇਸ਼ ਹੋ ਕੇ ਆਪਣੀਆਂ ਭਾਵਨਾਵਾਂ ਦਾ ਪ੍ਰਗਟਾਵਾ ਕਰ ਸਕਾਂ।

## ਅਡਾਨੀ ਗਰੁੱਪ ਦਾ ਕਿਸਾਨਾਂ ਨੂੰ ਵੱਡਾ ਝਟਕਾ....

ਨੂੰ ਦਿੱਤੇ ਗਏ ਸੇਬਾਂ ਦੇ ਰੇਟ ਵੀ ਦੇਵਭੂਮੀ ਕੰਪਨੀ ਦੇ ਬਰਾਬਰ ਹਨ। ਹਰ ਸਾਲ ਅਡਾਨੀ ਕੰਪਨੀ ਵੱਲੋਂ ਰੇਟ ਐਲਾਨਣ ਤੋਂ ਬਾਅਦ ਖਰੀਦ ਕੇਂਦਰਾਂ 'ਤੇ ਵੱਡੇ-ਵੱਡੇ ਬੈਨਰ ਲਗਾ ਕੇ ਦਰਾਂ ਦਾ ਵੱਡੇ ਪੱਧਰ 'ਤੇ ਪ੍ਰਚਾਰ ਕੀਤਾ ਜਾਂਦਾ ਸੀ ਤੇ ਸੋਸ਼ਲ ਮੀਡੀਆ 'ਤੇ ਵੀ ਇਸ ਦਾ ਕਾਫੀ ਪ੍ਰਚਾਰ ਹੁੰਦਾ ਸੀ ਪਰ ਇਸ ਵਾਰ ਕੰਪਨੀ ਨੇ ਬਿਨਾਂ ਕਿਸੇ ਅਗਾਊਂ ਸੂਚਨਾ ਦੇ ਸੇਬ ਦੀ ਖਰੀਦ ਸ਼ੁਰੂ ਕਰ ਦਿੱਤੀ ਹੈ। ਕੰਪਨੀ ਦੀ ਇਸ ਨੀਤੀ ਨੂੰ ਕੀਮਤਾਂ 'ਚ ਭਾਰੀ ਗਿਰਾਵਟ ਨਾਲ ਜੋੜਿਆ ਜਾ ਰਿਹਾ ਹੈ। ਐਪਲ ਪ੍ਰੋਡਿਊਸਰਜ਼ ਐਸੋਸੀਏਸ਼ਨ ਨੇ ਅਡਾਨੀ ਕੰਪਨੀ ਵੱਲੋਂ ਸੇਬ ਦੀਆਂ ਖਰੀਦ ਕੀਮਤਾਂ 'ਚ 15 ਰੁਪਏ ਦੀ ਕਟੌਤੀ 'ਤੇ ਸਖ਼ਤ ਨਾਰਾਜ਼ਗੀ ਜਤਾਈ ਹੈ। ਯੂਨੀਅਨ ਦੇ ਸੂਬਾ ਕਨਵੀਨਰ ਸੋਹਣ ਸਿੰਘ ਠਾਕੁਰ ਦਾ ਕਹਿਣਾ ਹੈ ਕਿ ਪ੍ਰਾਈਵੇਟ ਕੰਪਨੀਆਂ ਨੇ ਸਰਕਾਰ ਤੋਂ ਕਰੋੜਾਂ ਰੁਪਏ ਦੀਆਂ ਗ੍ਰਾਂਟਾਂ ਲੈ ਕੇ ਆਪਣੇ ਸਟੋਰ ਸਥਾਪਤ ਕਰ ਲਏ ਹਨ ਤੇ ਹੁਣ ਬਾਗਬਾਨਾਂ ਦਾ ਸ਼ੋਸ਼ਣ ਕਰਨ 'ਤੇ ਤੁਲੀਆਂ ਹੋਈਆਂ ਹਨ।

# ਲੋਕਾਂ ਤੇ ਵਿੱਤੀ ਬੋਝ ਪਾਉਣ ਦੀ ਥਾਂ ਉਦਯੋਗਾਂ ਨੂੰ ਪੰਜਾਬ ਲਿਆਉਣ ਦਾ ਯਤਨ ਕਰੇ 'ਆਪ' ਸਰਕਾਰ- ਜੀਤਮਹਿੰਦਰ ਸਿੱਧੂ





**ਤਲਵੰਡੀ ਸਾਬੋ, 09 ਸਤੰਬਰ (ਗੁਰਜੰਟ ਸਿੰਘ ਨਥੇਹਾ)**- ਤੇਲ ਕੀਮਤਾਂ ਦੀਆਂ ਵੈਟ ਦਰਾਂ 'ਚ ਵਾਧਾ ਕਰਕੇ,ਬੱਸ ਕਿਰਾਏ ਵਧਾ ਕੇ ਜਾਂ ਫਿਰ ਬਿਜਲੀ ਤੇ ਮਿਲਦੀ 3 ਰੁਪਏ ਪ੍ਰਤੀ ਯੂਨਿਟ ਸਬਸਿਡੀ ਖਤਮ ਕਰਕੇ ਸੂਬੇ ਦੇ ਲੋਕਾਂ ਸਿਰ ਵਿੱਤੀ ਬੋਝ ਪਾਉਣ ਦੀ ਥਾਂ ਆਮ ਆਦਮੀ ਪਾਰਟੀ ਸਰਕਾਰ ਸੂਬੇ 'ਚ ਉਦਯੋਗਾਂ ਨੂੰ ਲਿਆਉਣ ਦਾ ਯਤਨ ਕਰੇ ਤਾਂਕਿ ਪੰਜਾਬ ਦੇ ਮਾਲੀਏ ਚ ਇਜ਼ਾਫਾ ਹੋ ਸਕੇ। ਉਕਤ ਵਿਚਾਰਾਂ ਦਾ ਪ੍ਰਗਟਾਵਾ ਕਾਂਗਰਸ ਦੇ ਸੀਨੀਅਰ ਆਗੂ ਜੀਤਮਹਿੰਦਰ ਸਿੰਘ ਸਿੱਧੂ ਸਾਬਕਾ ਵਿਧਾਇਕ ਨੇ ਦੌਰੇ ਉਪਰੰਤ ਗੱਲਬਾਤ ਕਰਦਿਆਂ ਕੀਤਾ। ਸਾਬਕਾ ਵਿਧਾਇਕ ਸਿੱਧੂ ਜੋ ਕਿ ਯਸ਼ਪਾਲ ਸੂਦ ਦੀ ਅੰਤਿਮ ਅਰਦਾਸ 'ਚ ਹਾਜ਼ਰੀ ਭਰਨ ਸਮੇਤ ਨਗਰ 'ਚ ਕਈ ਖੁਸ਼ੀ/ਗਮੀ ਦੇ ਪ੍ਰੋਗਰਾਮਾਂ 'ਚ ਸ਼ਮੂਲੀਅਤ ਕਰਨ ਪੁੱਜੇ ਹੋਏ ਸਨ ਨੇ ਬਾਅਦ ਚ ਗੱਲਬਾਤ ਕਰਦਿਆਂ ਕਿਹਾ ਕਿ ਪੰਜਾਬ ਦੀ ਆਮ ਆਦਮੀ ਪਾਰਟੀ ਸਰਕਾਰ ਨੇ ਨਵੇਂ ਕਰ ਲਗਾ ਕੇ ਆਮ ਲੋਕਾਂ ਦੇ ਸਿਰ ਹੋਰ ਆਰਥਿਕ ਬੋਝ ਪਾ ਦਿੱਤਾ ਹੈ। ਉਨਾਂ ਕਿਹਾ ਕਿ ਡੀਜ਼ਲ ਦੀਆਂ ਵੈਟ ਦਰਾਂ 'ਚ ਵਾਧੇ ਨਾਲ ਸਿੱਧਾ ਕਿਸਾਨਾਂ ਦੀ ਜੇਬ ਤੇ ਭਾਰ ਪਵੇਗਾ ਜਿਸ ਬਾਰੇ ਸਰਕਾਰ ਨੂੰ ਸੋਚਣਾ ਚਾਹੀਦਾ ਹੈ। ਉਨਾਂ ਕਿਹਾ ਕਿ ਪੰਜਾਬ ਸਰਕਾਰ ਪਹਿਲਾਂ ਪੰਜਾਬ ਚ ਅਮਨ ਕਾਨੂੰਨ ਦੀ ਸਥਿਤੀ 'ਚ ਸੁਧਾਰ ਕਰੇ ਕਿਉਂਕਿ ਅਮਨ ਕਾਨੂੰਨ ਦੀ ਦਿਨ ਬ ਦਿਨ ਵਿਗੜ ਰਹੀ ਹਾਲਤ ਕਾਰਣ ਕੋਈ ਵੱਡਾ ਉਦਯੋਗਪਤੀ ਪੰਜਾਬ ਵੱਲ ਮੂੰਹ ਨਹੀ ਕਰ ਰਿਹਾ ਅਤੇ ਜੇਕਰ ਸਰਕਾਰ ਅਮਨ ਸ਼ਾਂਤੀ ਦਾ ਮਾਹੌਲ ਬਣਾ ਲੈਂਦੀ ਹੈ ਤਾਂ ਫਿਰ ਪੰਜਾਬ ਚ ਵੱਡੇ ਉਦਯੋਗ ਲਿਆਉਣ ਲਈ ਹੱਲਾ ਮਾਰੇ ਤਾਂਕਿ ਪੰਜਾਬ ਨੂੰ ਇੰਨਾ ਕੁ ਮਾਲੀਆ ਮਿਲ ਸਕੇ ਕਿ ਲੋਕਾਂ ਤੇ ਟੈਕਸ ਲਾਉਣਾ ਹੀ ਨਾ ਪਵੇ। ਉਨਾਂ ਨੇ ਸਰਕਾਰ ਤੋਂ ਸਮੁੱਚੇ ਕਰਾਂ 'ਚ ਕੀਤਾ ਵਾਧਾ ਤੁਰੰਤ ਵਾਪਿਸ ਲੈਣ ਦੀ ਮੰਗ ਵੀ ਕੀਤੀ। ਸਿੱਧੂ ਨਾਲ ਸੁਖਬੀਰ ਸਿੰਘ ਚੱਠਾ, ਮਨਜੀਤ ਸਿੰਘ ਲਾਲੇਆਣਾ, ਜਸਪਾਲ ਸਿੰਘ ਬੰਗੀ, ਡਾ. ਮਲਕੀਤ ਸਿੰਘ ਮਿਰਜ਼ੇਆਣਾ, ਤਰਸੇਮ ਸਿੰਘ ਲਾਲੇਆਣਾ, ਗੋਰਾ ਲਾਲੇਆਣਾ, ਤੇਜ ਰਾਮ ਸ਼ਰਮਾਂ, ਕ੍ਰਿਸ਼ਨ ਯਾਦਵ, ਦਰਸ਼ਨ ਸਿੰਘ ਗਿੱਲ, ਹਰਪ੍ਰੀਤ ਸੀਂਗੋ ਆਦਿ ਕਾਂਗਰਸੀ ਆਗੂ ਹਾਜ਼ਿਰ ਸਨ।

--------: ਸ.ਫਾ-1 ਦੀ ਬਾਕੀ :------

## ਨਸ਼ਾ ਤਸਕਰ ਦੇ ਘਰ ਛਾਪਾ ਮਾਰਨ ਤੋਂ ਰੁਕਵਾਉਣ ਲਈ....

ਗਿਆ ਪਰ ਪੁਲਿਸ ਨੇ ਉਸਨੂੰ ਉੱਥੇ ਨਹੀਂ ਲੱਭਿਆ ਇਸ ਤੋਂ ਬਾਅਦ ਬਿਕਰਮਜੀਤ ਸਿੰਘ ਆਪਣੇ ਚਾਚਾ ਦੀਦਾਰ ਸਿੰਘ ਦੇ ਨਾਲ ਪਿੰਡ ਭਗਤੂਪੁਰਾ ਦੇ ਵਸਨੀਕ ਗੁਰਨਾਮ ਸਿੰਘ, ਸੁਖਜਿੰਦਰ ਸਿੰਘ ਤੇ ਗੁਰਪ੍ਰੀਤ ਸਿੰਘ ਨੂੰ ਮਿਲਿਆ ਜਿਨ੍ਹਾਂ ਨੇ ਕਿਹਾ ਕਿ ਉਹ ਐਸਐਚਓ ਨੂੰ ਜਾਣਦੇ ਹਨ ਤੇ ਮਸਲਾ ਹੱਲ ਕਰ ਸਕਦੇ ਹਨ। ਉਨ੍ਹਾਂ ਨੇ ਭਰੋਸਾ ਦਿਵਾਇਆ ਕਿ ਪੁਲਿਸ ਉਨ੍ਹਾਂ ਦੇ ਘਰਾਂ 'ਤੇ ਛਾਪੇਮਾਰੀ ਨਹੀਂ ਕਰੇਗੀ, ਪਰ ਬਦਲੇ ਵਿਚ ਐਸ.ਐਚ.ਓ. ਨੂੰ ਕੁਝ ਦੇਣਾ ਪਵੇਗਾ। ਸੁਖਜਿੰਦਰ ਸਿੰਘ ਤੇ ਗੁਰਪ੍ਰੀਤ ਸਿੰਘ ਨੇ ਮੇਰੇ ਤੋਂ ਡੇਢ ਲੱਖ ਰੁਪਏ ਦੀ ਮੰਗ ਕੀਤੀ ਜੋ ਕਿ ਦੇ ਵੀ ਦਿੱਤੇ ਗਏ। ਸ਼ਿਕਾਇਤਕਰਤਾ ਨੇ ਦੱਸਿਆ ਕਿ ਕੁਝ ਦਿਨਾਂ ਬਾਅਦ ਪੁਲਿਸ ਨੇ ਮੁੜ ਉਨ੍ਹਾਂ ਦੇ ਘਰਾਂ ਉੱਤੇ ਛਾਪੇਮਾਰੀ ਕੀਤੀ ਜਿਸ ਤੋਂ ਬਾਅਦ ਉਹ ਖ਼ੁਦ ਐਸਐਚਓ ਚਾਟੀਵਿੰਡ ਸ਼ਮਸ਼ੇਰ ਸਿੰਘ ਕੋਲ ਗਏ।

ਉਸ ਨੇ ਐੱਸਐੱਚਓ ਨੂੰ ਕਿਹਾ ਕਿ ਉਸ ਨੇ ਛਾਪੇਮਾਰੀ ਰੋਕਣ ਲਈ ਡੇਢ ਲੱਖ ਰੁਪਏ ਦਿੱਤੇ ਸਨ ਤਾਂ ਐੱਸਐੱਚਓ ਨੇ ਕਿਹਾ ਕਿ ਉਨ੍ਹਾਂ ਕੋਈ ਰਿਸ਼ਵਤ ਨਹੀਂ ਲਈ। ਬਾਅਦ ਵਿੱਚ ਖੁਲਾਸਾ ਹੋਇਆ ਕਿ ਦੋਵੇਂ ਮੁਲਜ਼ਮਾਂ ਨੇ ਐਸਐਚਓ ਦੇ ਨਾਂ ਉਤੇ ਪੈਸੇ ਲੈ ਕੇ ਠੱਗੀ ਮਾਰੀ ਹੈ। ਐੱਸਐੱਚਓ ਸ਼ਮਸ਼ੇਰ ਸਿੰਘ ਨੇ ਦੱਸਿਆ ਕਿ ਲੰਘੀ ਰਾਤ ਪੁਲਿਸ ਟੀਮ ਨਾਲ ਛਾਪੇਮਾਰੀ ਕਰਕੇ ਸੁਖਜਿੰਦਰ ਸਿੰਘ ਅਤੇ ਗੁਰਪ੍ਰੀਤ ਸਿੰਘ ਉਰਫ ਗੋਰਾ ਨੂੰ ਗ੍ਰਿਫਤਾਰ ਕਰਕੇ ਮਾਮਲਾ ਦਰਜ ਕਰ ਲਿਆ ਗਿਆ ਹੈ। ਮੁਲਜ਼ਮਾਂ ਕੋਲੋਂ ਡੇਢ ਲੱਖ ਰੁਪਏ ਬਰਾਮਦ ਕੀਤੇ ਗਏ ਹਨ।

## ਕੈਨੇਡਾ ਦੀ ਵੱਡੀ ਕੰਪਨੀ ਪੰਜਾਬ ਵਿੱਚ ਕਰੇਗੀ ਨਿਵੇਸ਼....

ਨੇ ਕਿਹਾ ਕਿ ਉਹ ਵਿਦੇਸ਼ ਵਿੱਚ ਰਹਿਣ ਦੇ ਬਾਵਜੂਦ ਆਪਣੇ ਸੂਬੇ ਦੇ ਨੌਜਵਾਨਾਂ ਲਈ ਰੁਜ਼ਗਾਰ ਦੇ ਮੌਕੇ ਪੈਦਾ ਕਰਨ ਲਈ ਇੱਕ ਉੱਦਮ ਸਥਾਪਤ ਕਰਨਾ ਚਾਹੁੰਦੇ ਹਨ। ਉਨ੍ਹਾਂ ਮੌਜੂਦਾ ਪੰਜਾਬ ਸਰਕਾਰ ਦੀਆਂ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਇਹ ਉਪਰਾਲਾ ਕੀਤਾ ਹੈ।

## ਲੁਧਿਆਣਾ ਦੇ ਸਰਕਾਰੀ ਹਸਪਤਾਲ 'ਚ ਸ਼ਰਾਬੀਆਂ ਨੇ ਕੀਤਾ...

ਅਗਰਵਾਲ ਨੇ ਦੱਸਿਆ ਕਿ ਦੇਰ ਰਾਤ ਦੋ ਧਿਰਾਂ ਆਪਸ ਵਿੱਚ ਲੜਾਈ ਦਾ ਮਾਮਲਾ ਲੈ ਕੇ ਹਸਪਤਾਲ ਪਹੁੰਚੀਆਂ ਸਨ। ਬਸਤੀ ਜੋਧੇਵਾਲ ਥਾਣਾ ਖੇਤਰ ਤੋਂ ਦੋਵੇਂ ਧਿਰਾਂ ਆਪਣੇ ਨਾਮਜ਼ਦਗੀ ਪੱਤਰ ਭਰਨ ਲਈ ਆਈਆਂ ਸਨ। ਡਾਕਟਰਾਂ ਨੇ ਇੱਕ ਧਿਰ ਦੇ ਪਰਚੇ ਕੱਟ ਦਿੱਤੇ ਪਰ ਬਾਅਦ ਵਿਚ ਆਏ ਦੂਜੀ ਧਿਰ ਦੇ ਪਰਚੇ ਕੱਟਣ ਤੋਂ ਇਨਕਾਰ ਕਰ ਦਿੱਤਾ, ਡਾਕਟਰਾਂ ਨੇ ਕਿਹਾ ਕਿ ਪਹਿਲਾਂ ਇਲਾਜ ਕਰਵਾਓ ਫਿਰ ਪਰਚੇ ਵੀ ਕੱਟੇ ਜਾਣਗੇ। ਪਰ ਇਸ ਗੱਲ ਨੂੰ ਲੈ ਕੇ ਡਾਕਟਰਾਂ ਵਿਚ ਤਕਰਾਰ ਹੋ ਗਿਆ ਅਤੇ ਸਥਿਤੀ ਇੰਨੀ ਬੇਕਾਬੂ ਹੋ ਗਈ ਕਿ ਡਾਕਟਰਾਂ ਨੂੰ ਇੱਕ ਕਮਰੇ ਵਿੱਚ ਬੰਦ ਕਰਕੇ ਉਨ੍ਹਾਂ 'ਤੇ ਹਮਲਾ ਕਰਨ ਦੀ ਕੋਸ਼ਿਸ਼ ਕੀਤੀ ਗਈ। ਦੂਜੇ ਪਾਸੇ ਡਾਕਟਰ ਸੁਨੀਤਾ ਅਗਰਵਾਲ ਨੇ ਇਸ ਪੂਰੇ ਮਾਮਲੇ ਦੀ ਸੂਚਨਾ ਪੁਲਿਸ ਨੂੰ ਦਿੱਤੀ। ਪੁਲੀਸ ਵੀ ਮੌਕੇ 'ਤੇ ਪਹੁੰਚ ਗਈ ਪਰ ਇਸ ਦੌਰਾਨ ਮੁਲਜ਼ਮਾਂ ਨੇ ਪੁਲਿਸ ਨਾਲ ਧੱਕਾ-ਮੁੱਕੀ ਵੀ ਕੀਤੀ। ਡਾਕਟਰ ਸੁਨੀਤਾ ਅਗਰਵਾਲ ਨੇ ਦੱਸਿਆ ਕਿ ਪਰਚੇ ਕੱਟਣ 'ਤੇ ਅੜੇ ਹੋਏ ਨੌਜਵਾਨ ਸ਼ਰਾਬ ਦੇ ਨਸ਼ੇ 'ਚ ਸਨ ਤੇ ਡਾਕਟਰਾਂ ਦੀ ਕੋਈ ਵੀ ਗੱਲ ਸੁਣਨ ਨੂੰ ਤਿਆਰ ਨਹੀਂ ਸਨ। ਉਨ੍ਹਾਂ ਨੂੰ ਵਾਰ-ਵਾਰ ਸਮਝਾਉਣ ਦੀ ਕੋਸ਼ਿਸ਼ ਕੀਤੀ ਗਈ ਪਰ ਉਨ੍ਹਾਂ ਨੇ ਕਿਸੇ ਦੀ ਨਾ ਸੁਣੀ ਤੇ ਹਸਪਤਾਲ ਦੇ ਅੰਦਰ ਹੰਗਾਮਾ ਕਰਨਾ ਸ਼ੁਰੂ ਕਰ ਦਿੱਤਾ ਅਤੇ ਸਰਕਾਰੀ ਜਾਇਦਾਦ ਨੂੰ ਨੁਕਸਾਨ ਪਹੁੰਚਾਇਆ। ਡਾਕਟਰ ਸੁਨੀਤਾ ਅਗਰਵਾਲ ਨੇ ਦੱਸਿਆ ਕਿ ਜਦੋਂ ਮਾਮਲਾ ਵਧਿਆ ਤਾਂ ਪੁਲਿਸ ਨੂੰ ਮੌਕੇ 'ਤੇ ਬੁਲਾਇਆ ਗਿਆ। ਲੁਧਿਆਣਾ ਪੁਲਿਸ ਦੇ ਪੀਸੀਆਰ ਕਰਮਚਾਰੀ ਹਸਪਤਾਲ ਆਏ ਅਤੇ ਉਨ੍ਹਾਂ ਨੇ ਡਾਕਟਰਾਂ ਨੂੰ ਨਸੀਹਤ ਦੇਣੀ ਸ਼ੁਰੂ ਕਰ ਦਿੱਤੀ ਕਿ ਤੁਸੀਂ ਪਰਚਾ ਦੇ ਦਿਓ ਐਮਐਲਆਰ ਸਵੇਰੇ ਦਰਜ ਹੋ ਜਾਵੇਗੀ। ਹਸਪਤਾਲ ਦਾ ਮਾਹੌਲ ਖ਼ਰਾਬ ਨਾ ਹੋਵੇ, ਇਸ ਲਈ ਡਾਕਟਰਾਂ ਨੇ ਬਿਨਾਂ ਇਲਾਜ ਕੀਤੇ ਹੰਗਾਮਾ ਕਰ ਰਹੇ ਲੋਕਾਂ ਦਾ ਪਰਚਾ ਕੱਟਿਆ।

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net




ਵਾਹਿਗੁਰੂ ਜੀ ਕਾ ਖਾਲਸਾ॥ WAHEGURU JI KA KHALSA
ਵਾਹਿਗੁਰੂ ਜੀ ਕੀ ਫਤਹਿ॥ WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
***Raghbir Singh Walsal***
E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7l
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV





ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


24 SERVICE EVERYDAY HOURS
PURE AND NATURAL 100% VEGETARIAN PURE AND NATURAL
Enjoy Real Taste of PUNJAB
KD
FULLY A.C. HALL
Khehra
VAISHNO DHABA
BREAKFAST
LUNCH
DINNER
OUR SPECIALIZATION : Au Important Ingredients used to Prepare Dishes are Grown in our own farmes.

Soup
Burger
Sandwich
Pizza
Grilled Breads
Continental Fast Food
Tandoori Snacks
Tandoori Breads
Biryani Khas
Beverages
Shakes
Desserts
Punjabi Snacks
South Indian
Kathi Roll
Pasta
Chines Food
Raita Salad

V.P.O. Mallian
Jalandhar-Amritsar G.T. Road
NEAR JANDIALA GURU
Contact
98610-00057, 99152-32757



We Accept Online & Card Payment


# ਪੰਜਾਬੀ
## ਸਿੱਖੋ ਬੋਲੋ ਪੜ੍ਹੋ ਲਿਖੋ

ਮਾਂ ਬੋਲੀ ਪੰਜਾਬੀ ਨੂੰ ਪਿਆਰ ਕਰੋ

| | | | | | |
|---|---|---|---|---|---|
| ੳ | ਅ | ੲ | ਸ | ਹ | |
| ਕ | ਖ | ਗ | ਘ | ਙ | |
| ਚ | ਛ | ਜ | ਝ | ਞ | |
| ਟ | ਠ | ਡ | ਢ | ਣ | |
| ਤ | ਥ | ਦ | ਧ | ਨ | |
| ਪ | ਫ | ਬ | ਭ | ਮ | |
| ਯ | ਰ | ਲ | ਵ | ੜ | |
| ਸ਼ | ਖ਼ | ਗ਼ | ਜ਼ | ਫ਼ | ਲ਼ |

Love Maa Boli Punjabi

www.damdamitaksal.net

| | | | |
|---|---|---|---|
| ਮੁਕਤਾ | ਾ ਕੰਨਾ | ਿ ਸਿਹਾਰੀ | ੀ ਬਿਹਾਰੀ |
| ੁ ਔਂਕੜ | ੂ ਦੁਲੈਂਕੜ | ੇ ਲਾਂ | ੈ ਦੁਲਾਵਾਂ |
| ੋ ਹੋੜਾ | ੌ ਕਨੌੜਾ | ੰ ਟਿੱਪੀ | ਾਂ ਕੰਨਾ-ਬਿੰਦੀ |

www.damdamitaksal.net

੧ ੨ ੩ ੪ ੫ ੬ ੭ ੮ ੯ ੧੦

www.damdamitaksal.net
Learn Speak Read Write
PUNJABI

ਦਫ਼ਤਰ ਜ਼ਿਲ੍ਹਾ ਸਿੱਖਿਆ ਅਫ਼ਸਰ(ਐ.ਸਿ.) ਵੱਲੋਂ ਕਰਵਾਇਆ ਗਿਆ ਜ਼ਿਲ੍ਹਾ ਪੱਧਰੀ ਅਧਿਆਪਕ ਸਨਮਾਨ ਸਮਾਰੋਹ

# ਅਧਿਆਪਕ ਹੀ ਸਮਾਜ ਨੂੰ ਚੰਗੇ ਨਾਗਰਿਕ ਦਿੰਦੇ ਹਨ - ਸੁਨੀਤਾ ਰਾਣੀ/ਕੋਮਲ ਅਰੋੜਾ



ਫਿਰੋਜਪੁਰ 9 ਸਤੰਬਰ (ਸੁਖਮੰਦਰ ਸਿੰਘ ਸ਼ਾਤ) ਦਫ਼ਤਰ ਜ਼ਿਲ੍ਹਾ ਸਿੱਖਿਆ ਅ.ਫਸਰ(ਐ.ਸਿ.) ਫ਼ਿਰੋਜ਼ਪੁਰ ਵੱਲੋਂ ਜ਼ਿਲ੍ਹਾ ਪੱਧਰੀ ਅਧਿਆਪਕ ਸਨਮਾਨ ਸਮਾਰੋਹ 2024 ਆਪਣੇ ਦਫ਼ਤਰ ਵਿਖੇ ਕਰਵਾਇਆ ਗਿਆ। ਇਸ ਮੌਕੇ ਸਿੱਖਿਆ ਦੇ ਖੇਤਰ ਵਿੱਚ ਵਧੀਆ ਕਾਰਗੁਜ਼ਾਰੀ ਕਰਨ ਵਾਲੇ ਜ਼ਿਲ੍ਹੇ ਦੇ 15 ਪ੍ਰਾਇਮਰੀ ਸਕੂਲਾਂ ਦੇ ਅਧਿਆਪਕਾਂ ਅਤੇ 2 ਇਨਕਲੂਸਿਵ ਐਜੂਕੇਸ਼ਨ ਟ੍ਰੇਨਰਜ਼ ਸਮੇਤ ਪੀਰਾਮਲ ਫਾਉਂਡੇਸ਼ਨ ਦੇ 3 ਕਰਮਚਾਰੀਆਂ ਨੂੰ ਸਨਮਾਨਿਤ ਕੀਤਾ ਗਿਆ। ਸਮਾਗਮ ਵਿੱਚ ਜ਼ਿਲ੍ਹਾ ਸਿੱਖਿਆ ਅ.ਫਸਰ (ਸੈ.ਸਿ.) ਫ਼ਿਰੋਜ਼ਪੁਰ ਸ਼੍ਰੀਮਤੀ ਮੁਨੀਲਾ ਅਰੋੜਾ ਨੇ ਮੁੱਖ ਮਹਿਮਾਨ ਵਜੋਂ ਅਤੇ ਉੱਪ ਜ਼ਿਲ੍ਹਾ ਸਿੱਖਿਆ ਅ.ਫਸਰ (ਸੈ.ਸਿ.) ਡਾ.ਸਤਿੰਦਰ ਸਿੰਘ ਨੈਸ਼ਨਲ ਅਵਾਰਡੀ ਅਤੇ ਉਨ੍ਹਾਂ ਦੇ ਨਾਲ ਜ਼ਿਲ੍ਹਾ ਸਿੱਖਿਆ ਅ.ਫਸਰ (ਐ.ਸਿ.) ਸ਼੍ਰੀਮਤੀ ਸੁਨੀਤਾ ਰਾਣੀ ਅਤੇ ਉਪ ਜ਼ਿਲ੍ਹਾ ਸਿੱਖਿਆ ਅ.ਫਸਰ (ਐ.ਸਿੱ.) ਸ਼੍ਰੀ ਕੋਮਲ ਅਰੋੜਾ ਨੇ ਵਿਸ਼ੇਸ਼ ਤੌਰ ਤੇ ਸ਼ਿਰਕਤ ਕੀਤੀ। ਇਸ ਮੌਕੇ ਆਏ ਹੋਏ ਅਧਿਆਪਕਾਂ ਅਤੇ ਦਫ਼ਤਰੀ ਸਟਾਫ਼ ਨੂੰ ਸੰਬੋਧਿਤ ਕਰਦੇ ਹੋਏ ਸਟੇਟ ਐਵਾਰਡੀ ਅਧਿਆਪਕ ਮਹਿੰਦਰ ਸਿੰਘ ਸ਼ੈਲੀ ਨੇ ਕਿਹਾ ਕਿ ਅਧਿਆਪਕ ਦਾ ਸਨਮਾਨ ਬਹੁਤ ਜ਼ਰੂਰੀ ਹੈ ਕਿਉਂਕਿ ਅਧਿਆਪਕ ਸਮਾਜ ਨੂੰ ਚੰਗੇ ਨਾਗਰਿਕ ਦਿੰਦੇ ਹਨ। ਆਪਣੇ ਸੰਬੋਧਨ ਵਿੱਚ ਸ਼੍ਰੀ ਕੋਮਲ ਅਰੋੜਾ ਉੱਪ ਜ਼ਿਲ੍ਹਾ ਸਿੱਖਿਆ ਅ.ਫਸਰ (ਐਲੀਮੈਂਟਰੀ) ਨੇ ਕਿਹਾ ਕਿ ਸਕੂਲਾਂ ਦੀ ਬਦਲੀ ਨੁਹਾਰ ਸਮੂਹ ਅਧਿਆਪਕਾਂ ਦੀ ਮਿਹਨਤ ਸਦਕਾ ਹੀ ਸੰਭਵ ਹੋ ਸਕਦੀ ਹੈ ਅਤੇ ਜ਼ਿਲ੍ਹੇ ਦੇ ਸਕੂਲਾਂ ਦੀ ਨੁਹਾਰ ਅਧਿਆਪਕਾਂ ਵੱਲੋਂ ਬਦਲੀ ਗਈ ਹੈ। ਸ਼੍ਰੀਮਤੀ ਸੁਨੀਤਾ ਰਾਣੀ ਜ਼ਿਲ੍ਹਾ ਸਿੱਖਿਆ ਅ.ਫਸਰ (ਐਲੀਮੈਂਟਰੀ) ਨੇ ਸਨਮਾਨਤ ਹੋਣ ਵਾਲੇ ਅਧਿਆਪਕਾਂ ਨੂੰ ਮੁਬਾਰਕਬਾਦ ਦਿੱਤੀ ਅਤੇ ਉਨ੍ਹਾਂ ਤੋਂ ਪ੍ਰੇਰਣਾ ਲੈ ਕੇ ਬਾਕੀ ਅਧਿਆਪਕਾਂ ਨੂੰ ਵੀ ਹੋਰ ਮਿਹਨਤ ਕਰਨ ਲਈ ਪ੍ਰੇਰਿਆ। ਉਨ੍ਹਾਂ ਕਿਹਾ ਕਿ ਅਧਿਆਪਕ ਨਾਮੀ ਦੀਵਾ ਆਪ ਬਲ਼ ਕੇ ਆਪਣੇ ਵਿਦਿਆਰਥੀਆਂ ਦੀ ਜ਼ਿੰਦਗੀਆਂ ਰੁਸ਼ਣਾਉਂਦਾ ਹੈ ਅਤੇ ਅਧਿਆਪਕ ਦਾ ਸਨਮਾਨ ਉਸ ਦੇ ਵਿਦਿਆਰਥੀਆਂ ਦੇ ਕਿਸੇ ਮੁਕਾਮ ਤੇ ਪਹੁੰਚਣ ਤੇ ਆਪਣੇ ਆਪ ਹੀ ਹੋ ਜਾਂਦਾ ਹੈ।

ਇਸ ਮੌਕੇ ਸਨਮਾਨਿਤ ਹੋਣ ਵਾਲੇ ਅਧਿਆਪਕਾਂ ਵਿੱਚ ਸੁਦੇਸ਼ ਰਾਣੀ ਈ.ਟੀ.ਟੀ. ਅਧਿਆਪਕਾ ਪਟੇਲ ਨਗਰ ਬਲਾਕ ਫ਼ਿਰੋਜ਼ਪੁਰ 1, ਪੂਜਾ ਈ.ਟੀ.ਟੀ. ਅਧਿਆਪਕਾ ਬਸਤੀ ਬੇਲਾ ਸਿੰਘ ਬਲਾਕ ਫ਼ਿਰੋਜ਼ਪੁਰ 2, ਗੁਰਸਾਹਿਬ ਸਿੰਘ ਸੀ.ਐੱਚ.ਟੀ. ਖਾਈ ਫੇਮੇ ਕੀ ਬਲਾਕ ਫ਼ਿਰੋਜ਼ਪੁਰ 3, ਰਾਜੀਵ ਧਵਨ ਸੀ.ਐੱਚ.ਟੀ. ਕੜਮਾ ਬਲਾਕ ਮਮਦੋਟ, ਕਸ਼ਮੀਰ ਸਿੰਘ ਐੱਚ.ਟੀ. ਬੱਧਨੀ ਜੈਮਲ ਸਿੰਘ ਬਲਾਕ ਸਤੀਏ ਵਾਲ਼ਾ, ਲਖਵਿੰਦਰ ਸਿੰਘ ਐੱਚ.ਟੀ. ਚੰਗਾਲੀ ਜਦੀਦ ਬਲਾਕ ਘੱਲ ਖ਼ੁਰਦ, ਸੀਮਾ ਰਾਣੀ, ਈ.ਟੀ.ਟੀ. ਅਧਿਆਪਕਾ ਥੇਹ ਗੁੱਜਰ ਬਲਾਕ ਗੁਰੂਹਰਸਹਾਏ 1, ਬਲਵੰਤ ਸਿੰਘ ਐਸੋਸੀਏਟ ਪ੍ਰੀ ਪ੍ਰਾਇਮਰੀ ਟੀਚਰ ਚੱਕ ਕੰਧੇ ਸ਼ਾਹ ਬਲਾਕ ਗੁਰੂਹਰਸਹਾਏ 2, ਮਨਜੀਤ ਕੌਰ ਐੱਚ.ਟੀ. ਬੁੱਲੋਕੇ ਬਲਾਕ ਮੱਖੂ, ਪ੍ਰੇਮ ਸਿੰਘ ਐੱਚ.ਟੀ. ਸਨੇਰ ਬਲਾਕ ਜੀਰਾ, ਅੰਜੂ ਬਾਲਾ ਐੱਚ.ਟੀ. ਮੱਲਾਂਵਾਲਾ ਬਲਾਕ ਮੱਲਾਂਵਾਲ਼ਾ, ਅਵਤਾਰ ਸਿੰਘ ਈ.ਟੀ.ਟੀ. ਅਧਿਆਪਕ ਸ਼ਕੂਰ ਬਲਾਕ ਸਤੀਏ ਵਾਲਾ, ਹੀਰਾ ਸਿੰਘ ਐੱਚ.ਟੀ. ਬਾਰੇ ਕੇ ਬਲਾਕ ਫ਼ਿਰੋਜ਼ਪੁਰ 3, ਰਾਜਦੀਪ ਸਿੰਘ ਸੋਢੀ ਈ.ਟੀ.ਟੀ. ਅਧਿਆਪਕ ਬਲਾਕ ਗੁਰੂਹਰਸਹਾਏ 2 ਨੂੰ ਸਨਮਾਨਿਤ ਕੀਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

ਸਮਾਗਮ ਦੌਰਾਨ ਵਿੱਚ ਵਿਲੱਖਣ ਸਮਰੱਥਾ ਵਾਲੇ ਵਿਦਿਆਰਥੀਆਂ ਨੂੰ ਪੜ੍ਹਾਉਣ ਵਾਲੇ ਬਲਾਕ ਗੁਰੂਹਰਸਹਾਏ-2 ਦੇ ਸੋਹਨ ਸਿੰਘ ਆਈ.ਈ.ਆਰ.ਟੀ. ਵਾਸਲ ਮੋਹਨ ਕੇ ਅਤੇ ਸੀਮਾ ਰਾਣੀ ਏ.ਆਈ.ਈ.ਟੀ., ਗੁਰੂਹਰਸਹਾਏ ਦੇ ਨਾਲ਼ ਪ੍ਰਾਇਮਰੀ ਸਿੱਖਿਆ ਲਈ ਕੰਮ ਕਰਦੀ ਸੰਸਥਾ ਪੀਰਾਮਲ ਫਾਉਂਡੇਸ਼ਨ ਦੀ ਟੀਮ ਲੀਡਰ ਅਫ਼ਸਾਨਾ ਗਾਂਧੀ ਫੈਲੋ ਸਾਹੂ ਨੂੰ ਵੀ ਸਨਮਾਨਿਤ ਕੀਤਾ ਗਿਆ। ਸਮਾਗਮ ਦੇ ਅੰਤ ਵਿੱਚ ਇਸ ਸਾਲ ਦੇ ਯੰਗ ਅਧਿਆਪਕ ਰਾਜ ਪੁਰਸਕਾਰ ਜੇਤੂ ਚਰਨਜੀਤ ਸਿੰਘ ਈ.ਟੀ.ਟੀ ਅਧਿਆਪਕ ਸਰਕਾਰੀ ਪ੍ਰਾਇਮਰੀ ਤੂਤ ਨੂੰ ਆਏ ਹੋਏ ਮਹਿਮਾਨਾਂ ਵੱਲੋਂ ਸਨਮਾਨਤ ਕੀਤਾ ਗਿਆ। ਸਨਮਾਨਿਤ ਹੋਣ ਵਾਲਿਆਂ ਨੂੰ ਮੁੱਖ ਮਹਿਮਾਨ ਵੱਲੋਂ ਪ੍ਰਸ਼ੰਸਾ ਪੱਤਰ ਪ੍ਰਦਾਨ ਕੀਤੇ ਗਏ।

ਇਸ ਮੌਕੇ ਏ.ਪੀ.ਸੀ. ਜਨਰਲ ਸਰਬਜੀਤ ਸਿੰਘ ਟੁਰਨਾ, ਏ.ਸੀ. ਸਮਾਰਟ ਸਕੂਲ ਤਲਵਿੰਦਰ ਸਿੰਘ ਅਤੇ ਜਸਵੰਤ ਸਿੰਘ ਡੀ.ਆਰ.ਸੀ. ਪ੍ਰਾਇਮਰੀ ਸੁਭਾਸ਼ ਚੰਦਰ ਬੀ.ਆਰ.ਸੀ. ਸਤੀਏ ਵਾਲਾ ਹਰੀਸ਼ ਕੁਮਾਰ, ਏ.ਪੀ.ਸੀ. ਫਾਇਨਾਂਸ ਸੁਖਦੇਵ ਸਿੰਘ, ਜ਼ਿਲ੍ਹਾ ਐਮ.ਆਈ.ਐਸ. ਕੋਆਰਡੀਨੇਟਰ ਪਵਨ ਕੁਮਾਰ, ਪ੍ਰਵੀਨ ਕੁਮਾਰ, ਸੰਦੀਪ ਕੁਮਾਰ, ਸਚਿਨ, ਮੀਨਾਕਸ਼ੀ, ਕੀਰਤੀ, ਦਵਿੰਦਰ ਤਲਵਾਰ ਅਤੇ ਡੀ.ਈ.ਓ. ਐਲੀਮੈਂਟਰੀ ਦਫ਼ਤਰ ਦੇ ਸਾਰੇ ਮੁਲਾਜ਼ਮ ਹਾਜ਼ਰ ਸਨ।








ASA Gas Heating Solution Ltd.

Boilers
Certificates
Gas Work
Cylinders
Maintenance Services

Gas Safety Inspections
Plumbing Work

Vaillant APPROVED INSTALLER | WORCESTER Bosch Group

ਏ.ਐਸ.ਏ. ਗੈਸ ਹੀਟਿੰਗ ਸਲੂਸ਼ਨ ਲਿਮਟਿਡ ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ ਦਾ ਕੰਮ ਬਹੁਤ ਹੀ ਤਸੱਲੀਬਖ਼ਸ ਅਤੇ ਸਸਤੇ ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਜਾਂਦੀ ਹੈ

Mr. Simran Singh : 0749 534 2620
asagasheatingsolutions@gmail.com
Call us now for a Free no-olbigation quote







KHALSA FORGE

Explore a stunning collection of high-quality Damascus and Sarbloh Kirpans, meticulously crafted for excellence.
www.khalsaforge.com

# ਖਾਲਸਾ ਫੋਰਜ

☛ ਉੱਚ ਕੁਆਲਿਟੀ ਦੀਆਂ ਸਰਬਲੋਹ ਕਿਰਪਾਨਾਂ ਅਤੇ ਗਾਤਰਾ ਸਾਹਿਬ ਖ਼ਰੀਦਣ ਲਈ ਸੰਪਰਕ ਕਰੋ।

☛ ਆਨਲਾਈਨ ਆਰਡਰ ਵੀ ਬੁੱਕ ਕੀਤੇ ਜਾਂਦੇ ਹਨ।









**www.khalsaforge.com**



HAYES PLANT HIRE
WE TRAIN YOU GAIN
NPORS ACCREDITED
Telescopic Handler
Excavator 360
Road Roller
Forward Tipping Dumper
Tractor
Dozer
Plant Training and Testing on All CATEGORIES OF MACHINERY.
Dump Truck
HAYES PLANT HIRE
ਉਪਰੋਕਤ ਮਸ਼ੀਨਾਂ ਦੇ ਲਾਇਸੈਂਸ ਪ੍ਰਾਪਤ ਕਰਨ ਲਈ ਸੰਪਰਕ ਕਰੋ
NROPS Accredited
ਉਪਰੋਕਤ ਹਰ ਤਰ੍ਹਾਂ ਦੀ ਮਸ਼ੀਨਰੀ ਦੀ
ਟਰੇਨਿੰਗ ਅਤੇ ਟੈਸਟਿੰਗ ਦੀ ਸਿਖਲਾਈ ਦਿੱਤੀ ਜਾਂਦੀ ਹੈ।
CONTACT- 07831543004
Hollis Farm, Clay Cross Chesterfield. S45 9BA
01246864370
ਆਵਾਜ਼ਿ ਕੌਮ AWAZE QAUM
International Newspaper & WEB TV
CALL US TO BOOK YOUR CSCS LEVEL ONE COURSE.
07715128621


ITHIHAAS KATHA
GIANI BALVINDER SINGH 'RODE'
HEAD GRANTHI
GURDWARA SANT KHALSA JANAM ASTHAN
SANT JARNAIL SINGH KHALSA BHINDRANWALE
7-8PM
MON 9TH - THURSDAY 12TH SEPTEMBER
10:30AM - 11:15AM
SUNDAY 15TH SEPTEMBER
ਆਵਾਜ਼ਿ ਕੌਮ AWAZE QAUM International Newspaper & WEB TV
SRI GURU SINGH SABHA, SHEEHY WAY, SLOUGH, SL2 5SS

# ਸਿੱਖ ਫੈਡਰੇਸ਼ਨ ਯੂ.ਕੇ. ਦੀ 40ਵੀਂ ਸਾਲਾਨਾ ਅੰਤਰਰਾਸ਼ਟਰੀ ਸਿੱਖ ਕਨਵੈਨਸ਼ਨ 15 ਸਤੰਬਰ 2024 ਨੂੰ


ਸੰਤ ਜਰਨੈਲ ਸਿੰਘ ਭਿੰਡਰਾਂਵਾਲੇ

## ਗੁਰੂ ਨਾਨਕ ਸਿੱਖ ਗੁਰਦੁਆਰਾ ਸੈਜ਼ਲੀ ਸਟਰੀਟ, ਵੁਲਵਰਹੈਂਪਟਨ ਯੂ.ਕੇ. ਵਿਖੇ ਪਹੁੰਚਣ ਦਾ ਖੁੱਲ੍ਹਾ ਸੱਦਾ

ਗੁਰੂ ਪਿਆਰੀ ਸਾਧ ਸੰਗਤ ਜੀਓ

ਵਾਹਿਗੁਰੂ ਜੀ ਕਾ ਖਾਲਸਾ ॥ ਵਾਹਿਗੁਰੂ ਜੀ ਕੀ ਫਤਹਿ ॥

15 ਸਤੰਬਰ 2024 ਦਿਨ ਐਤਵਾਰ ਸਵੇਰੇ 10.00 ਵਜੇ ਤੋਂ ਗੁਰੂ ਨਾਨਕ ਸਿੱਖ ਗੁਰਦੁਆਰਾ ਸੈਜ਼ਲੀ ਸਟਰੀਟ, ਵੁਲਵਰਹੈਂਪਟਨ ਯੂ.ਕੇ. ਵਿਖੇ ਸਿੱਖ ਫੈਡਰੇਸ਼ਨ ਯੂ.ਕੇ. ਵਲੋਂ 40ਵੀਂ ਸਾਲਾਨਾ ਕਨਵੈਨਸ਼ਨ ਕਰਵਾਈ ਜਾ ਰਹੀ ਹੈ। ਸਿੱਖ ਫੈਡਰੇਸ਼ਨ (ਯੂ.ਕੇ.) ਦੀ ਰਾਜਸੀ ਅਗਵਾਈ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਲਈ ਇਸ ਦੇ ਜਥੇਬੰਦਕ ਢਾਂਚੇ ਵਿਚ ਕੀਤੀ ਜਾ ਰਹੀ ਤਬਦੀਲੀ ਦਾ ਐਲਾਨ ਕੀਤਾ ਜਾਵੇਗਾ। ਜਿਸ ਵਿਚ ਪੰਥ ਪ੍ਰਧਾਨੀ ਪ੍ਰਣਾਲੀ, ਰਾਸ਼ਟਰੀ ਕਾਰਜਕਾਰੀ ਟੀਮ, ਬਰਤਾਨਵੀ ਨੌਜਵਾਨਾਂ ਦੀ ਯੋਗ ਅਗਵਾਈ ਅਤੇ ਬੀਬੀਆਂ ਦੇ ਕੰਮਕਾਜੀ ਵਿੰਗ ਦਾ ਐਲਾਨ ਕੀਤਾ ਜਾਵੇਗਾ। ਇਸ ਤੋਂ ਇਲਾਵਾ ਸਿੱਖ ਆਗੂ ਹਰਦੀਪ ਸਿੰਘ ਨਿੱਝਰ ਦੇ ਕਤਲ, ਸਿੱਖ ਕਾਰਕੁੰਨਾਂ ਨੂੰ ਨਿਸ਼ਾਨਾ ਬਣਾਏ ਜਾਣ ਦੇ ਮਾਮਲਿਆਂ ਤੋਂ ਇਲਾਵਾ ਸਿੱਖ ਹੋਮਲੈਂਡ ਦੀ ਪੁਨਰ ਸਥਾਪਨਾ ਸੰਬੰਧੀ ਵਿਚਾਰ ਪੇਸ਼ ਕੀਤੇ ਜਾਣਗੇ। ਸਿੱਖ ਚੋਣ ਮਨੋਰਥ ਪੱਤਰ ਵਿਚ ਦਰਜ ਮੰਗਾਂ ਅਤੇ ਲੇਬਰ ਸਰਕਾਰ ਦੇ ਵਾਅਦਿਆਂ 'ਤੇ ਚਰਚਾ ਕੀਤੀ ਜਾਵੇਗੀ। ਆਜ਼ਾਦੀ ਪਸੰਦ ਅਤੇ ਸੰਘਰਸ਼ੀ ਬੁਲਾਰੇ ਵਿਸ਼ਵ ਭਰ ਤੋਂ ਪਹੁੰਚ ਰਹੇ ਹਨ।

Guru Nanak Sikh Gurdwara, Sedgley Street Wolverhampton, Ph : 01902 459413

ਵਧੇਰੇ ਜਾਣਕਾਰੀ ਲਈ :
ਭਾਈ ਅਮਰੀਕ ਸਿੰਘ ਗਿੱਲ ਚੇਅਰਮੈਨ 07860633488
ਭਾਈ ਕੁਲਦੀਪ ਸਿੰਘ ਸੀਨੀਅਰ ਵਾਈਸ ਚੇਅਰਮੈਨ 07938633554
ਭਾਈ ਨਰਿੰਦਰਜੀਤ ਸਿੰਘ ਥਾਂਦੀ ਜਨਰਲ ਸੈਕਟਰੀ 01474 536393
ਭਾਈ ਦਬਿੰਦਰਜੀਤ ਸਿੰਘ ਮੁੱਖ ਸਲਾਹਕਾਰ 07485039944
ਹਰਦੀਸ਼ ਸਿੰਘ ਮੁੱਖ ਪ੍ਰਬੰਧਕ 07886781724


ਸ਼ਹੀਦ ਭਾਈ ਅਮਰੀਕ ਸਿੰਘ

ਜਾਰੀ ਕਰਤਾ : ਸਿੱਖ ਫੈਡਰੇਸ਼ਨ ਯੂ.ਕੇ.
www.sikhfeduk.com
Email : info@sikhfeduk.com
Facebook/Sikh Federation UK
twitter@sikhfeduk


### ਵੱਖ ਵੱਖ ਪਿੰਡਾਂ ਦੇ ਲੋਕਾਂ ਦੀਆਂ ਮੁਸ਼ਕਲਾਂ ਦੇ ਹੱਲ ਲਈ ਲਗਾਇਆ ਕੈਂਪ

# ਵਿਧਾਇਕ ਰਜਨੀਸ਼ ਦਹੀਯਾ ਨੇ ਕੈਂਪ ਵਿੱਚ ਸੁਣੀਆਂ ਲੋਕਾਂ ਦੀਆਂ ਮੁਸ਼ਕਲਾਂ, ਮੌਕੇ ਤੇ ਮੁਸ਼ਕਲਾਂ ਦਾ ਕੀਤਾ ਨਿਪਟਾਰਾ



**ਫਿਰੋਜ਼ਪੁਰ, 9 ਸਤੰਬਰ (ਸੁਖਮੰਦਰ ਸਿੰਘ ਸ਼ਾਤ)**-ਮਾਣਯੋਗ ਮੁੱਖ ਮੰਤਰੀ, ਪੰਜਾਬ ਸ. ਭਗਵੰਤ ਸਿੰਘ ਮਾਨ ਦੇ ਦਿਸ਼ਾ ਨਿਰਦੇਸ਼ਾ ਅਨੁਸਾਰ ਪਿੰਡ ਢੀਂਡਸਾ ਵਿਖੇ ਆਮ ਲੋਕਾ ਦੀਆਂ ਮੁਸ਼ਿਕਲਾ ਸੁਨਣ ਲਈ ਕੈਂਪ ਦਾ ਆਯੋਜਨ ਕੀਤਾ ਗਿਆ। ਇਸ ਕੈਂਪ ਵਿੱਚ ਹਲਕਾ ਫਿਰੋਜਪੁਰ ਦਿਹਾਤੀ ਦੇ ਵਿਧਾਇਕ. ਸ਼੍ਰੀ ਰਜਨੀਸ਼ ਦਹੀਯਾ ਵੱਲੋਂ ਵਿਸ਼ੇਸ਼ ਤੋਰ ਤੇ ਸ਼ਿਰਕਤ ਕੀਤੀ ਗਈ ਅਤੇ ਕੈਂਪ ਵਿੱਚ ਪਿੰਡ ਢੀਂਡਸਾ, ਮਿਸ਼ਰੀ ਵਾਲਾ, ਉਗੋਕੇ ਅਤੇ ਭੰਬਾ ਵਾਲਾ ਉਰਫ ਲੰਡਾ ਤੋਂ ਆਏ ਲੋਕਾ ਦੀਆਂ ਮੁਸ਼ਿਕਲਾ ਨੂੰ ਸੁਣਿਆ ਅਤੇ ਲੋਕਾ ਦੀਆਂ ਮੁਸ਼ਿਕਲਾ ਨੂੰ ਮੌਕੇ ਤੇ ਹਲ ਕੀਤਾ। ਇਸ ਮੌਕੇ ਤੇ ਪਿੰਡ ਢੀਂਡਸਾ ਦੇ ਮੋਹਤਵਾਰ ਵਿਅਕਤੀਆਂ ਵੱਲੋਂ ਵਿਧਾਇਕ ਫਿਰੋਜ਼ਪੁਰ ਦਿਹਾਤੀ ਨੂੰ ਮੰਗ ਪੱਤਰ ਵੀ ਪੇਸ਼ ਕੀਤਾ, ਜਿਸ ਵਿੱਚ ਦਰਜ ਮੁਸ਼ਿਕਲਾ ਨੂੰ ਉਨ੍ਹਾਂ ਵੱਲੋਂ ਮੌਕੇ ਤੇ ਹਾਜ਼ਰ ਬੀ.ਡੀ.ਪੀ.ਓ. ਘੱਲ ਖੁਰਦ ਨੂੰ ਮੁਸ਼ਿਕਲਾ ਦਾ ਹੱਲ ਕਰਨ ਦੀ ਹਦਾਇਤ ਵੀ ਜਾਰੀ ਕੀਤੀ ਗਈ। ਇਸ ਕੈਂਪ ਵਿੱਚ ਪਿੰਡਾ ਦੇ ਵੱਡੀ ਗਿਣਤੀ ਵਿੱਚ ਲੋਕ ਸ਼ਾਮਲ ਹੋਏ, ਕੈਂਪ ਦੌਰਾਨ 116 ਸ਼ਿਕਾਇਤਾ ਪ੍ਰਾਪਤ ਕੀਤੀਆਂ ਜਿਨ੍ਹਾਂ ਵਿੱਚੋਂ ਜ਼ਿਆਦਾਤਰ ਦਾ ਮੌਕੇ ਤੇ ਹੀ ਹੱਲ ਕੀਤਾ ਗਿਆ। ਇਸ ਕੈਂਪ ਵਿੱਚ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਐਸ.ਡੀ.ਐਮ. ਫਿਰੋਜ਼ਪੁਰ ਸ੍ਰੀ ਹਰਕੰਵਲਜੀਤ ਸਿੰਘ ਸਮੇਤ 28 ਵਿਭਾਗਾ ਦੇ ਅਧਿਕਾਰੀਆਂ ਵੱਲੋਂ ਸ਼ਿਰਕਤ ਕੀਤੀ ਗਈ ਅਤੇ ਜੋ ਸੇਵਾਵਾਂ ਮੌਕੇ ਤੇ ਦਿੱਤੀਆਂ ਜਾ ਸਕਦੀਆਂ ਸਨ, ਉਨ੍ਹਾਂ ਸੇਵਾਵਾ ਨੂੰ ਮੌਕੇ ਤੇ ਹੀ ਦੇ ਕੇ ਸ਼ਿਕਾਇਤਾਂ ਦਾ ਨਿਪਟਾਰਾ ਕੀਤਾ ਗਿਆ।



# ਫਿਰੋਜ਼ਪੁਰ ਤੀਹਰਾ ਕਤਲ ਕਾਂਡ: ਪੰਜਾਬ ਪੁਲਿਸ ਨੇ ਕੇਂਦਰੀ ਏਜੰਸੀਆਂ ਅਤੇ ਮਹਾਰਾਸ਼ਟਰ ਪੁਲਿਸ ਨਾਲ ਸਾਂਝੇ ਆਪ੍ਰੇਸ਼ਨ ਵਿੱਚ ਛੇ ਸ਼ੂਟਰਾਂ ਨੂੰ ਔਰੰਗਾਬਾਦ ਤੋਂ ਕੀਤਾ ਗ੍ਰਿਫ਼ਤਾਰ

- ☛ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਅਨੁਸਾਰ ਪੰਜਾਬ ਪੁਲਿਸ ਰਾਜ ਵਿੱਚ ਸੰਗਠਿਤ ਅਪਰਾਧਿਕ ਨੈਟਵਰਕਾਂ ਨੂੰ ਨਸ਼ਟ ਕਰਨ ਲਈ ਵਚਨਬੱਧ
- ☛ ਗ੍ਰਿਫ਼ਤਾਰ ਕੀਤੇ ਛੇ ਸ਼ੂਟਰ ਭਗੌੜੇ ਆਸ਼ੀਸ਼ ਚੋਪੜਾ ਦੇ ਨੇੜਲੇ ਸਾਥੀ : ਡੀਜੀਪੀ ਗੌਰਵ ਯਾਦਵ
- ☛ ਅਗਲੇਰੀ ਜਾਂਚ ਜਾਰੀ, ਜਲਦ ਹੀ ਹੋਰ ਗ੍ਰਿਫ਼ਤਾਰੀਆਂ ਦੀ ਆਸ

**ਚੰਡੀਗੜ੍ਹ/ਫਿਰੋਜ਼ਪੁਰ, 9 ਸਤੰਬਰ (ਸੁਖਮੰਦਰ ਸਿੰਘ ਸ਼ਾਤ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ 'ਤੇ ਸੂਬੇ 'ਚੋਂ ਸੰਗਠਿਤ ਅਪਰਾਧਿਕ ਨੈੱਟਵਰਕ ਨੂੰ ਜੜ੍ਹੋਂ ਖ਼ਤਮ ਕਰਨ ਲਈ ਚੱਲ ਰਹੀ ਮੁਹਿੰਮ ਤਹਿਤ ਪੰਜਾਬ ਪੁਲਸ ਦੀ ਐਂਟੀ ਗੈਂਗਸਟਰ ਟਾਸਕ ਫੋਰਸ (ਏ.ਜੀ.ਟੀ.ਐੱਫ.) ਨੇ ਕੇਂਦਰੀ ਏਜੰਸੀਆਂ ਅਤੇ ਮਹਾਰਾਸ਼ਟਰ ਪੁਲਸ ਨਾਲ ਸਾਂਝੀ ਕਾਰਵਾਈ ਤਹਿਤ ਫਿਰੋਜ਼ਪੁਰ ਤੀਹਰੇ ਕਤਲ ਕੇਸ ਵਿੱਚ ਸ਼ਾਮਲ ਛੇ ਸ਼ੂਟਰਾਂ ਨੂੰ ਔਰੰਗਾਬਾਦ ਤੋਂ ਗ੍ਰਿਫਤਾਰ ਕਰਕੇ, ਇਸ ਸਨਸਨੀਖੇਜ਼ ਕੇਸ ਦੀ ਗੁੱਥੀ ਸੁਲਝਾ ਲਈ ਹੈ। ਇਹ ਜਾਣਕਾਰੀ ਦਿੰਦਿਆਂ ਡੀਜੀਪੀ ਪੰਜਾਬ ਗੌਰਵ ਯਾਦਵ ਨੇ ਸ਼ਨੀਵਾਰ ਨੂੰ ਇੱਥੇ ਦੱਸਿਆ ਕਿ ਫੜੇ ਗਏ ਵਿਅਕਤੀਆਂ ਦੀ ਪਛਾਣ ਗੁਰਪ੍ਰੀਤ ਸਿੰਘ ਉਰਫ਼ ਗੋਪੀ ਬਾਬਾ ਵਾਸੀ ਚੋਹਲਾ ਸਾਹਿਬ, ਤਰਨਤਾਰਨ; ਪ੍ਰਿੰਸ ਵਾਸੀ ਪਿੰਡ ਕੁੰਡੇ, ਫਿਰੋਜ਼ਪੁਰ; ਰਵਿੰਦਰ ਸਿੰਘ ਉਰਫ ਰਵੀ ਉਰਫ ਸੁੱਖੂ, ਸੁਖਚੈਨ ਸਿੰਘ, ਅਕਸ਼ੈ ਉਰਫ ਬਗੀਚਾ ਅਤੇ ਰਾਜਬੀਰ ਸਿੰਘ ਉਰਫ ਦਲੇਰ ਸਿੰਘ ਸਾਰੇ ਵਾਸੀ ਬਸਤੀ ਬਾਗ ਵਾਲੀ ਫਿਰੋਜ਼ਪੁਰ। ਗ੍ਰਿਫ਼ਤਾਰ ਕੀਤੇ ਗਏ ਸਾਰੇ ਮੁਲਜ਼ਮਾਂ ਅਪਰਾਧਿਕ ਪਿਛੋਕੜ ਵਾਲੇ ਹਨ, ਇਨ੍ਹਾਂ ਖ਼ਿਲਾਫ਼ ਕਤਲ, ਇਰਾਦਾ ਕਤਲ , ਡਕੈਤੀ, ਐਨਡੀਪੀਐਸ ਐਕਟ, ਅਸਲਾ ਐਕਟ ਆਦਿ ਦੇ ਕੇਸ ਦਰਜ ਹਨ। ਜਦਕਿ ਮੁਲਜ਼ਮ ਗੁਰਪ੍ਰੀਤ ਸਿੰਘ ਉਰਫ਼ ਗੋਪੀ ਬਾਬਾ ਨੂੰ ਵੀ ਦੋ ਮਾਮਲਿਆਂ ਵਿੱਚ ਭਗੌੜਾ ਕਰਾਰ ਦਿੱਤਾ ਗਿਆ ਹੈ। ਜਾਣਕਾਰੀ ਅਨੁਸਾਰ ਮੰਗਲਵਾਰ ਨੂੰ ਫਿਰੋਜ਼ਪੁਰ ਦੇ ਗੁਰਦੁਆਰੇ ਨੇੜੇ ਦਿਨ ਦਿਹਾੜੇ ਦੋ ਮੋਟਰਸਾਈਕਲਾਂ 'ਤੇ ਸਵਾਰ ਛੇ ਹਮਲਾਵਰਾਂ ਨੇ ਇਕ ਨੌਜਵਾਨ ਲੜਕੀ ਸਮੇਤ ਤਿੰਨ ਵਿਅਕਤੀਆਂ ਦੀ ਗੋਲੀਆਂ ਮਾਰ ਕੇ ਹੱਤਿਆ ਕਰ ਦਿੱਤੀ ਸੀ। ਇਸ ਸਬੰਧੀ ਐਫਆਈਆਰ ਨੰਬਰ 344 ਮਿਤੀ 03.09.2024 ਨੂੰ ਭਾਰਤੀ ਨਿਆਯ ਸੰਹਿਤਾ (ਬੀਐਨਐਸ) ਦੀਆਂ ਧਾਰਾਵਾਂ 103, 109, 351(2), 191(3), 190 ਅਤੇ 61(2) ਅਤੇ ਅਸਲਾ ਐਕਟ ਦੀ ਧਾਰਾ 25(6) ਅਤੇ 25 (7) ਤਹਿਤ ਥਾਣਾ ਸਿਟੀ ਫਿਰੋਜ਼ਪੁਰ ਵਿਖੇ ਮਾਮਲਾ ਦਰਜ ਕੀਤਾ ਗਿਆ ਸੀ। ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਪੁਖ਼ਤਾ ਇਤਲਾਹ ਦੇ ਆਧਾਰ 'ਤੇ ਕਾਰਵਾਈ ਕਰਦਿਆਂ ਏ.ਡੀ.ਜੀ.ਪੀ. ਪ੍ਰਮੋਦ ਬਾਨ ਦੀ ਸਰਪ੍ਰਸਤੀ ਹੇਠ ਏ.ਜੀ.ਟੀ.ਐੱਫ. ਪੰਜਾਬ ਦੀਆਂ ਪੁਲਿਸ ਟੀਮਾਂ ਨੇ ਏ.ਆਈ.ਜੀ. ਗੁਰਮੀਤ ਸਿੰਘ ਚੌਹਾਨ ਅਤੇ ਏ.ਆਈ.ਜੀ. ਸੰਦੀਪ ਗੋਇਲ ਦੀ ਨਿਗਰਾਨੀ ਵਿੱਚ ਪੰਜਾਬ, ਯੂਟੀ ਚੰਡੀਗੜ੍ਹ, ਦਿੱਲੀ ਅਤੇ ਮਹਾਂਰਾਸ਼ਟਰ ਵਿੱਚ ਵਿਸ਼ੇਸ਼ ਆਪ੍ਰੇਸ਼ਨ ਚਲਾਇਆ ਅਤੇ ਹਰੁਦੇਅ ਸਮਰਾਟ ਬਾਲਾਸਾਹਿਬ ਠਾਕਰੇ ਐਕਸਪ੍ਰੈਸ ਹਾਈਵੇਅ ਤੋਂ ਛੇ ਮੁਲਜ਼ਮਾਂ ਨੂੰ ਗ੍ਰਿਫਤਾਰ ਕਰ ਲਿਆ। ਇਹ ਆਪ੍ਰੇਸ਼ਨ ਡੀਐਸਪੀ ਬਿਕਰਮਜੀਤ ਸਿੰਘ ਬਰਾੜ ਅਤੇ ਡੀਐਸਪੀ ਰਾਜਨ ਪਰਮਿੰਦਰ ਸਿੰਘ ਦੀ ਅਗਵਾਈ ਹੇਠ ਕਿਊ.ਆਰ.ਟੀ. ਔਰੰਗਾਬਾਦ ਪੁਲੀਸ ਟੀਮ ਦੇ ਸਹਿਯੋਗ ਨਾਲ ਚਲਾਇਆ ਗਿਆ। ਉਨ੍ਹਾਂ ਕਿਹਾ ਕਿ ਮੁਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਗ੍ਰਿਫਤਾਰ ਕੀਤੇ ਗਏ ਸਾਰੇ ਛੇ ਸ਼ੂਟਰ ਮਾਸਟਰਮਾਈਂਡ ਆਸ਼ੀਸ਼ ਚੋਪੜਾ ਦੇ ਕਰੀਬੀ ਸਾਥੀ ਹਨ, ਜੋ ਭਗੌੜਾ ਅਪਰਾਧੀ ਹੈ ਅਤੇ ਫਰਜ਼ੀ ਪਾਸਪੋਰਟ 'ਤੇ ਵਿਦੇਸ਼ 'ਚ ਰਹਿ ਰਿਹਾ ਹੈ। ਉਨ੍ਹਾਂ ਕਿਹਾ ਕਿ ਜਾਂਚ ਤੋਂ ਪਤਾ ਲੱਗਾ ਹੈ ਕਿ ਇਹ ਘਟਨਾ ਦੋ ਧੜਿਆਂ ਵਿਚਾਲੇ ਆਪਸੀ ਰੰਜਿਸ਼ ਦਾ ਨਤੀਜਾ ਹੈ। ਡੀਜੀਪੀ ਨੇ ਕਿਹਾ ਕਿ ਇਸ ਮਾਮਲੇ ਵਿੱਚ ਅਗਲੇ-ਪਿਛਲੇ ਸਬੰਧਾਂ ਦਾ ਪਤਾ ਲਗਾਉਣ ਲਈ ਹੋਰ ਜਾਂਚ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਇਸ ਮਾਮਲੇ ਵਿੱਚ ਜਲਦ ਹੀ ਹੋਰ ਗ੍ਰਿਫਤਾਰੀਆਂ ਦੀ ਉਮੀਦ ਹੈ।


ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243



ਸੁਭ ਕਰਮਨ ਤੇ ਕਬਹੂੰ ਨ ਟਰੋਂ ॥
A.I.S.S.F.
ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ
ਜਨਰਲ ਇਜਲਾਸ
ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ
ਅਸਥਾਨ: ਮੀਰੀ ਪੀਰੀ ਹਾਲ
ਬੀੜ ਬਾਬਾ ਬੁੱਢਾ ਸਾਹਿਬ
ਪਿੰਡ ਠੱਠਾ (ਤਰਨ ਤਾਰਨ)
ਮਿਤੀ : 10 ਸਤੰਬਰ 2024
(ਦਿਨ ਮੰਗਲਵਾਰ)
ਸਵੇਰੇ 10 ਵਜੇ ਤੋਂ ਦੁਪਹਿਰ 1 ਵਜੇ ਤੱਕ
ਸਮੂੰਹ ਸੰਗਤਾਂ ਨੂੰ ਉਪਰੋਕਤ ਅਸਥਾਨ ਅਤੇ ਸਮੇ ਤੇ
ਪਹੁੰਚਣ ਦੀ ਬੇਨਤੀ ਕੀਤੀ ਜਾਂਦੀ ਹੈ ਜੀ ।
ਗੁਰੂ ਪੰਥ ਦਾ ਦਾਸ:
ਭਾਈ ਮਨਜੀਤ ਸਿੰਘ
ਸਰਪ੍ਰਸਤ ਆਲ ਇੰਡੀਆ ਸਿੱਖ
ਸਟੂਡੈਂਟਸ ਫੈਡਰੇਸ਼ਨ
ਭਾਈ ਕੰਵਰ ਚੜ੍ਹਤ ਸਿੰਘ
ਪ੍ਰਧਾਨ ਆਲ ਇੰਡੀਆ ਸਿੱਖ
ਸਟੂਡੈਂਟਸ ਫੈਡਰੇਸ਼ਨ
M: 9878782228
ਆਵਾਜ਼ਿ ਕੌਮ
AWAZE QAUM
International Newspaper & WEB TV


1984
2024
ਸਲਾਨਾ ਨੈਸ਼ਨਲ ਸਿੱਖ ਕਨਵੈਨਸ਼ਨ
ਸਿੱਖ ਫੈਡਰੇਸ਼ਨ (ਯੂਕੇ) SIKH FEDERATION (UK)
Sikh Federation UK
NATIONAL SIKH CONVENTION
Highlighting the issues facing the Sikh Community & leading the campaign for re-establishing a Sikh homeland
SUNDAY 15 SEPTEMBER 2024
ਸਿੱਖ ਫੈਡਰੇਸ਼ਨ (ਯੂਕੇ) ਦੀ 40ਵੀਂ ਸਲਾਨਾ ਕਨਵੈਨਸ਼ਨ 15 ਸਤੰਬਰ ਦਿਨ ਐਤਵਾਰ ਨੂੰ ਗੁਰੂ ਨਾਨਕ ਗੁਰਦੁਆਰਾ, ਸੈਜਲੀ ਸਟਰੀਟ, ਵੁਲਵਰਹੈਂਪਟਨ ਵਿਖੇ ਹੋ ਰਹੀ ਹੈ।
ਪ੍ਰੋਗਰਾਮ: ਆਰੰਭ ਸ੍ਰੀ ਅਖੰਡ ਪਾਠ ਸਾਹਿਬ 13 ਸਤੰਬਰ 10 ਵਜੇ ਅਤੇ ਭੋਗ 15 ਸਤੰਬਰ ਦਿਨ ਐਤਵਾਰ ਨੂੰ ਸਵੇਰੇ 10 ਵਜੇ ਉਪਰੰਤ ਵੱਖ ਵੱਖ ਦੇਸ਼ਾਂ ਤੋਂ ਆਏ ਪੰਥਕ, ਰਾਜਨੀਤਕ ਅਤੇ ਧਾਰਮਿਕ ਬੁਲਾਰਿਆਂ ਦੇ ਨਾਲ ਪੰਥ ਦੇ ਮਹਾਨ ਕੀਰਤਨੀ, ਢਾਡੀ ਅਤੇ ਕਵੀਸ਼ਰੀ ਜਥੇ ਪਹੁੰਚ ਰਹੇ ਹਨ ।
ਸਮੂੰਹ ਸੰਗਤਾਂ ਨੂੰ ਸਨਿਮਰ ਬੇਨਤੀ ਹੈ ਕਿ 15 ਸਤੰਬਰ ਦਿਨ ਐਤਵਾਰ 10 ਵਜੇ ਕਨਵੈਨਸ਼ਨ ਵਿਚ ਪਹੁੰਚ ਕੇ ਪੰਥਕ ਵਿਚਾਰਾਂ ਸਰਵਣ ਕਰੋ ਜੀ ।
Sri Akhand Paath Sahib Arambh: Fri 13th at 10am
Bhog: Sun 15th at 10am
• Open invitation to all Panthic Organisations and Gurdwaras
• Special guest Panthic & Political speakers from the UK and Internationally
• Release of the 2023-24 SFUK Annual Report
40 YEARS
GURU NANAK GURDWARA
SEDGLEY ST, WOLVERHAMPTON
WV2-3AJ
ਖਾਲਿਸਤਾਨ KHALISTAN
FOR FURTHER INFORMATION CONTACT:
Bhai Amrik Singh Chairperson 07860 633 488
Bhai Kuldeep Singh Vice Chairperson 07938 633 554
Contact your local Gurdwara regarding transport arrangements
Bhai Hardish Singh Chief Organiser 07886 781724
Bhai Dabinderjit Singh Principle Advisor 07485 039944
info@sikhfeduk.com www.sikhfeduk.com Sikh Federation UK @Sikhfeduk @SikhFed_UK



# ਬਾਬਾ ਜੰਗ ਸਿੰਘ ਜੀ ਮੁਸਤਫ਼ਾਬਾਦ ਵਾਲੇ

ਬੰਦੀ ਸਿੰਘ ਰਿਹਾਈ ਮੋਰਚੇ ਦੇ ਮੁੱਖੀ **ਬਾਬਾ ਜੰਗ ਸਿੰਘ ਜੀ ਮੁਸਤਫ਼ਾਬਾਦ ਵਾਲਿਆਂ** ਦਾ ਦਸਿਹਰਾ ਸਮਾਗਮ **ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਵਿਖੇ 14 ਸਤੰਬਰ** ਨੂੰ ਹੋਵੇਗਾ

ਸਮੂਹ ਸਿੱਖ ਸੰਸਥਾਵਾਂ ਜਥੇਬੰਦੀਆਂ ਅਤੇ ਪੰਥਿਕ ਸ਼ਖਸੀਅਤਾ ਨੂੰ ਹਾਜ਼ਰੀ ਭਰਨ ਦੀ ਹੱਥ ਜੋੜ ਬੇਨਤੀ ਕਰਦੇ ਹਾਂ।

## --: ਜਾਰੀ ਕਰਤਾ :---

**ਭਾਈ ਸੁਰਿੰਦਰ ਸਿੰਘ ਠੀਕਰੀਵਾਲ**
**ਭਾਈ ਰਮਨਦੀਪ ਸਿੰਘ ਬੱਗਾ (ਤਿਹਾੜ ਜੇਲ੍ਹ )**
**ਭਾਈ ਹਰਦੀਪ ਸਿੰਘ ਸ਼ੇਰਾ (ਤਿਹਾੜ ਜੇਲ੍ਹ )**
**ਭਾਈ ਇਕਬਾਲਪ੍ਰੀਤ ਸਿੰਘ ਭੁੱਚੀ**



# ਬਾਬਾ ਜੰਗ ਸਿੰਘ ਜੀ ਮੁਸਤਫ਼ਾਬਾਦ ਵਾਲੇ

ਬੰਦੀ ਸਿੰਘ ਰਿਹਾਈ ਮੋਰਚੇ ਦੇ ਮੁੱਖੀ **ਬਾਬਾ ਜੰਗ ਸਿੰਘ ਜੀ ਮੁਸਤਫ਼ਾਬਾਦ ਵਾਲਿਆਂ** ਦਾ ਦਸਿਹਰਾ ਸਮਾਗਮ **ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਵਿਖੇ 14 ਸਤੰਬਰ** ਨੂੰ ਹੋਵੇਗਾ

ਸਮੂਹ ਸਿੱਖ ਸੰਸਥਾਵਾਂ ਜਥੇਬੰਦੀਆਂ ਅਤੇ ਪੰਥਿਕ ਸ਼ਖਸੀਅਤਾ ਨੂੰ ਹਾਜ਼ਰੀ ਭਰਨ ਦੀ ਹੱਥ ਜੋੜ ਬੇਨਤੀ ਕਰਦੇ ਹਾਂ।

## --: ਜਾਰੀ ਕਰਤਾ :---

**ਭਾਈ ਲਖਵਿੰਦਰ ਸਿੰਘ ਲੱਖਾ**

**ਭਾਈ ਸੁਰਿੰਦਰ ਸਿੰਘ ਠੀਕਰੀਵਾਲ**

**ਭਾਈ ਜੈਮਲ ਸਿੰਘ ਦਮਦਮੀ ਟਕਸਾਲ**

ਐੱਸ ਜੀ ਐੱਨ ਇੰਟਰਨੈਸ਼ਨਲ ਸਕੂਲ ਦੀਵਾਨਾ ਦੇ ਪ੍ਰਿੰਸੀਪਲ ਮੱਖਣ ਸਿੰਘ ਦੀਵਾਨਾ ਬੈਸਟ ਐਵਾਰਡ ਨਾਲ ਸਨਮਾਨਿਤ

# ਅਜਿਹੇ ਹੋਣਹਾਰ ਅਧਿਆਪਕਾਂ ਤੇ ਸਦਾ ਫ਼ਕਰ ਰਹੇਗਾ : ਸਕੂਲ ਮੈਨੇਜਮੈਂਟ ਦੀਵਾਨਾ





ਬਠਿੰਡਾ (ਵਰਿਆਮ ਹਠੂਰ) ਅਧਿਆਪਕ ਦਿਵਸ ਮੌਕੇ ਜਿੱਥੇ ਵੱਖ ਵੱਖ ਥਾਵਾਂ ਤੋਂ ਚੁਣੇ ਗਏ ਅਨੇਕਾਂ ਅਧਿਆਪਕਾਂ ਨੂੰ ਬੈਸਟ ਟੀਚਰ ਦਾ ਅਵਾਰਡ ਦਿੱਤਾ ਗਿਆ, ਉੱਥੇ ਨਾਮਵਰ ਵਿੱਦਿਅਕ ਸੰਸਥਾ ਐੱਸ ਜੀ ਐੱਨ ਇੰਟਰਨੈਸ਼ਨਲ ਸਕੂਲ ਦੀਵਾਨਾ ਦੇ ਪ੍ਰਿੰਸੀਪਲ

ਆਵਾਜ਼ਿ ਕੌਮ AWAZE QAUM International Newspaper & WEB TV

ਮੱਖਣ ਸਿੰਘ ਦੀਵਾਨਾ ਨੂੰ ਖੇਤੀਬਾੜੀ ਮੰਤਰੀ ਸ੍ਰੀ ਗੁਰਮੀਤ ਸਿੰਘ ਖੁੱਡੀਆਂ (ਪੰਜਾਬ ਸਰਕਾਰ) ਨੇ ਬਾਬਾ ਫਰੀਦ ਗਰੁੱਪ ਆਫ਼ ਇੰਸਟੀਚਿਊਟ (ਬਠਿੰਡਾ) ਵਿਖੇ ਸਤਿਕਾਰਯੋਗ ਸ਼ਖ਼ਸੀਅਤਾਂ ਦੀ ਹਾਜ਼ਰੀ ਵਿੱਚ ਬੈਸਟ ਟੀਚਰ/ਪ੍ਰਿੰਸੀਪਲ ਐਵਾਰਡ ਦੇ ਕੇ ਸਨਮਾਨਿਤ ਕੀਤਾ ਗਿਆ। ਜਾਣਕਾਰੀ ਦਿੰਦਿਆਂ ਐੱਸ ਜੀ ਐੱਨ ਇੰਟਰਨੈਸ਼ਨਲ ਸਕੂਲ ਦੀਵਾਨਾ ਦੇ ਪ੍ਰਿੰਸੀਪਲ ਮੱਖਣ ਸਿੰਘ ਦੀਵਾਨਾ ਨੇ ਕਿਹਾ ਕਿ ਇਹ ਐਵਾਰਡ ਮੈਨੂੰ ਸ੍ਰੀ ਗੁਰਮੀਤ ਸਿੰਘ ਖੁੱਡੀਆਂ ਖੇਤੀਬਾੜੀ ਮੰਤਰੀ (ਪੰਜਾਬ ਸਰਕਾਰ) ਹੱਥੋਂ ਬੈਸਟ ਟੀਚਰ/ ਪ੍ਰਿੰਸੀਪਲ ਵਜੋਂ ਦੇ ਕੇ ਸਨਮਾਨਿਤ ਕੀਤਾ ਗਿਆ ਹੈ। ਇਹ ਸਨਮਾਨ ਬਾਬਾ ਫਰੀਦ ਗਰੁੱਪ ਆਫ ਇੰਸਟੀਚਿਊਟ ਬਠਿੰਡਾ ਵਿਖੇ ਪ੍ਰਦਾਨ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਉਹਨਾਂ ਦੀਆਂ ਸਮੇਂ ਸਮੇਂ ਦੀਆਂ ਸ਼ਾਨਦਾਰ ਸੇਵਾਵਾਂ ਨੂੰ ਜਾਂਚਣ ਪਰਖਣ ਉਪਰੰਤ ਪ੍ਰਦਾਨ ਕੀਤਾ ਗਿਆ। ਪ੍ਰੈੱਸ ਨਾਲ ਗੱਲਬਾਤ ਕਰਦਿਆਂ ਐੱਸ ਜੀ ਐੱਨ ਇੰਟਰਨੈਸ਼ਨਲ ਸਕੂਲ ਦੀਵਾਨਾ ਦੀ ਸਕੂਲ ਮੈਨੇਜਮੈਂਟ ਨੇ ਕਿਹਾ ਕਿ ਚੰਗੇ ਅਧਿਆਪਕ ਸਹੀ ਅਰਥਾਂ ਵਿਚ ਰਾਸ਼ਟਰ ਦੇ ਨਿਰਮਾਤਾ ਅਖਵਾਉਣ ਦੇ ਹੱਕਦਾਰ ਹੁੰਦੇ ਹਨ। ਸਾਨੂੰ ਇਹੋ ਜਿਹੇ ਅਧਿਆਪਕਾਂ ਤੇ ਸਦਾ ਫ਼ਕਰ ਰਹੇਗਾ। ਉਹਨਾਂ ਨੇ ਦੱਸਿਆ ਅਜਿਹੇ ਸਮਰਪਿਤ ਭਾਵਨਾ ਵਾਲੇ ਪ੍ਰਿੰਸੀਪਲ ਅਤੇ ਅਧਿਆਪਕ ਸਕੂਲ ਦਾ ਮਾਣ ਵਧਾਉਣ ਵਾਲੇ ਹੁੰਦੇ ਹਨ। ਸਾਨੂੰ ਅਜਿਹੇ ਹੋਣਹਾਰ ਅਧਿਆਪਕਾਂ ਤੇ ਸਦਾ ਫ਼ਕਰ ਰਹੇਗਾ। ਇਸ ਮੌਕੇ ਸਕੂਲ ਮੈਨੇਜਮੈਂਟ ਨੇ ਦੱਸਿਆ ਇਹ ਸੰਸਥਾ ਲਈ ਤਸੱਲੀ ਅਤੇ ਖੁਸ਼ੀ ਵਾਲੀ ਗੱਲ ਹੈ ਕਿਉਂ ਕਿ ਇਥੋਂ ਦੇ ਮਿਹਨਤੀ ਅਧਿਆਪਕਾਂ ਨੂੰ ਸਮੇਂ ਸਮੇਂ ਤੇ ਸੰਸਥਾਵਾਂ ਵੱਲੋਂ ਸਨਮਾਨਿਆ ਜਾ ਰਿਹਾ ਹੈ। ਸਮੂਹ ਸਕੂਲ ਮੈਨੇਜਮੈਂਟ ਅਤੇ ਸਮੂਹ ਸਟਾਫ ਵੱਲੋਂ ਪ੍ਰਿੰਸੀਪਲ ਮੱਖਣ ਸਿੰਘ ਦੀਵਾਨਾ ਨੂੰ ਮੁਬਾਰਕਬਾਦ ਦਿੱਤੀ ਗਈ। ਜ਼ਿਕਰਯੋਗ ਹੈ ਕਿ ਪ੍ਰਿੰਸੀਪਲ ਮੱਖਣ ਸਿੰਘ ਦੀਵਾਨਾ ਨੂੰ ਬੈਸਟ ਅਵਾਰਡ ਨਾਲ ਸਨਮਾਨਿਤ ਹੋਣ ਮਗਰੋਂ ਪਿੰਡ ਦੀਵਾਨਾ ਵਿੱਚ ਚਰਚਾ ਅਤੇ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ। ਨਗਰ ਦੇ ਲੋਕਾਂ ਵੱਲੋਂ ਵੀ ਉਨ੍ਹਾਂ ਨੂੰ ਮੁਬਾਰਕਾਂ ਦਿੱਤੀਆਂ ਜਾ ਰਹੀਆਂ ਹਨ।

ਗੁਰੂ ਨਾਨਕ ਨਗਰ ਕੀਰਤਨ ਕਮੇਟੀ ਰਸੂਲਪੁਰ ਦੀ ਹੋਈ ਮੀਟਿੰਗ

# ਪੁਰਾਤਨ ਰਵਾਇਤਾਂ ਅਨੁਸਾਰ ਮਹਾਨ ਨਗਰ ਕੀਰਤਨ 10 ਨਵੰਬਰ ਨੂੰ ਸਜਾਇਆ ਜਾਵੇਗਾ : ਪ੍ਰਧਾਨ ਜੋਰਾ ਸਿੰਘ ਰਸੂਲਪੁਰ



**ਜਗਰਾਉਂ, (ਵਰਿਆਮ ਹਠੂਰ)**-ਸਿੱਖ ਧਰਮ ਦੇ ਬਾਨੀ ਧੰਨ ਧੰਨ ਸ਼੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦੀਆਂ ਤਿਆਰੀਆ ਨੂੰ ਮੁੱਖ ਰੱਖਦਿਆਂ ਜ਼ਿਲ੍ਹਾ ਲੁਧਿਆਣਾ ਦੇ ਪਿੰਡ ਰਸੂਲਪੁਰ (ਮੱਲ੍ਹਾ) ਦੀ ਗੁਰੂ ਨਾਨਕ ਨਗਰ ਕੀਰਤਨ ਕਮੇਟੀ ਦੀ ਮੀਟਿੰਗ ਅੱਜ ਗੁਰਦੁਆਰਾ ਸੰਤੋਖਸਰ ਸਾਹਿਬ ਵਿਖੇ ਹੋਈ, ਜੁੱਗੋ ਯੁੱਗ ਅਟੱਲ ਚਵਰ ਛਤਰ ਤਖ਼ਤ ਦੇ ਮਾਲਕ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਆਪਣਾ ਸਿਜਦਾ ਭੇਟ ਕਰਨ ਤੋਂ ਬਾਅਦ, ਮੀਟਿੰਗ ਦੀ ਸ਼ੁਰੂਆਤ ਹੋਈ, ਵੱਖ ਵੱਖ ਵਿਚਾਰ ਚਰਚਾ ਕਰਨ ਤੋਂ ਬਾਅਦ ਸਾਂਝੇ ਤੌਰ ਤੇ ਸਮਾਗਮ ਨੂੰ ਲੈ ਕੇ ਫੈਸਲੇ ਲਏ ਗਏ, ਜਾਣਕਾਰੀ ਦਿੰਦਿਆਂ ਪ੍ਰਧਾਨ ਜੋਰਾ ਸਿੰਘ ਰਸੂਲਪੁਰ ਨੇ ਕਿਹਾ ਕਿ ਸਤਿਗੁਰਾਂ ਦੀ ਅਪਾਰ ਕਿਰਪਾ ਸਦਕਾ 5 ਨਵੰਬਰ ਤੋ ਲੈ ਕੇ 9 ਨਵੰਬਰ ਤੱਕ ਪਿੰਡ ਵਿੱਚ ਪ੍ਰਭਾਤ ਫੇਰੀਆਂ ਕੀਤੀਆ ਜਾਣਗੀਆਂ, ਅਤੇ 10 ਨਵੰਬਰ ਦਿਨ ਐਤਵਾਰ ਨੂੰ ਪੁਰਾਤਨ ਰਵਾਇਤਾਂ ਅਨੁਸਾਰ ਹਰ ਸਾਲ ਦੀ ਤਰ੍ਹਾਂ ਸ਼੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਮਹਾਨ ਨਗਰ ਕੀਰਤਨ ਜੈਕਾਰਿਆਂ ਦੀ ਗੂੰਜ ਵਿੱਚ ਸਜਾਇਆ ਜਾਵੇਗਾ, ਮਹਾਨ ਨਗਰ ਕੀਰਤਨ ਵਿੱਚ ਪੰਥ ਦੇ ਮਹਾਨ ਕਵੀਸ਼ਰ ਭਾਈ ਕੁਲਵੰਤ ਸਿੰਘ ਸਿੰਘ ਜੀ ਮਾਣੂੰਕੇ, ਕਵੀਸ਼ਰੀ ਕਲਾ ਰਾਹੀਂ ਅਤੇ ਢਾਡੀ ਜੱਥਾ ਬੀਬੀ ਬਲਵਿੰਦਰ ਕੌਰ ਜੀ ਖਹਿਰਾ, ਢਾਡੀ ਕਲਾ ਰਾਹੀਂ ਗੁਰ ਇਤਿਹਾਸ ਸੁਣਾ ਕੇ ਸੰਗਤਾਂ ਨੂੰ ਨਿਹਾਲ ਕਰਨਗੇ, ਗੁਰਦੁਆਰਾ ਮੈਹਦੇਆਣਾ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਹਰਜਿੰਦਰ ਸਿੰਘ ਰਾਜਾ (ਰਸੂਲਪੁਰ ਵਾਲੇ), ਸ਼ਬਦ ਧਾਰਨਾਵਾਂ ਰਾਹੀਂ ਨਾਲ ਨਾਲ ਹਾਜ਼ਰੀਆਂ ਭਰਨਗੇ, ਉਸ ਤੋਂ ਪਹਿਲਾਂ ਗੁਰਦੁਆਰਾ ਸੰਤੋਖਸਰ ਸਾਹਿਬ ਵਿਖੇ ਸ੍ਰੀ ਸਹਿਜ ਪਾਠ 3 ਨਵੰਬਰ ਵਾਲੇ ਦਿਨ ਅਰੰਭ ਕੀਤੇ ਜਾਣਗੇ, ਜਿੰਨ੍ਹਾਂ ਦੇ ਭੋਗ 15 ਨਵੰਬਰ ਦਿਨ ਸ਼ੁਕਰਵਾਰ ਨੂੰ ਪਾਏ ਜਾਣਗੇ, ਭੋਗ ਤੋ ਬਾਅਦ ਦੀਵਾਨ ਸਜਾਏ ਜਾਣਗੇ ਇਸ ਸਾਰੇ ਸਮਾਗਮ ਨੂੰ ਲਾਇਵ ਵੀ ਦੇਖਿਆ ਜਾ ਸਕੇਗਾ, ਐੱਨ ਆਰ ਆਈ ਵੀਰ ਰਵੇਲ ਸਿੰਘ ਮਨੀਲਾ, ਅਤੇ ਜਗਸੀਰ ਸਿੰਘ ਕੈਨੇਡਾ ਨੇ ਫੋਨ ਕਾਲ ਰਾਂਹੀਂ ਕਮੇਟੀ ਮੈਂਬਰਾਂ ਨੂੰ ਹੌਸਲਾ ਦਿੱਤਾ, ਇਸ ਮੌਕੇ ਪ੍ਰਧਾਨ ਜੋਰਾ ਸਿੰਘ ਰਸੂਲਪੁਰ, ਗੁਰਮੀਤ ਸਿੰਘ ਬਾਬਾ, ਜੱਗਾ ਫੋਜੀ, ਲੱਖਾ ਸਿੰਘ ਸਾਮੇਕਾ, ਦਲਜੀਤ ਸਿੰਘ ਖਾਲਸਾ, ਰਵੀ ਮਿਸਤਰੀ, ਬਲਰਾਜ ਸਿੰਘ ਮਾਸਟਰ, ਜੱਗੂ ਸਿੰਘ, ਵਰਿੰਦਰ ਸਿੰਘ, ਜੱਸਾ ਸਿੰਘ ਕਬੱਡੀ ਖਿਡਾਰੀ, ਨਿੰਦਰ ਸਿੰਘ ਮਿਸਤਰੀ, ਬਾਈ ਸੁਰਜੀਤ ਸਿੰਘ, ਹਰਬੰਸ ਸਿੰਘ ਮੋਦਨਕਾ, ਸੀਰਾ ਕਬੱਡੀ ਖਿਡਾਰੀ, ਬਿੰਦਰਾ ਸਿੰਘ ਕਾਨੇਕਾ, ਸਤਨਾਮ ਸਿੰਘ ਸੱਤਾ ਕਾਨੇਕਾ, ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਪਿੰਡ ਜਾਣੀਆਂ ਵਿਖੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਇਆ ਗਿਆ

## ਆਓ ਗੁਰਸਿੱਖ ਪਿਆਰੇ ਬਣ ਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਹੁਕਮ ਨੂੰ ਮੰਨਦਿਆਂ ਹੋਇਆਂ ਗੁਰੂ ਸਾਹਿਬ ਜੀ ਪਾਸੋਂ ਦਾਤਾਂ ਪ੍ਰਾਪਤ ਕਰੀਏ : ਗਿਆਨੀ ਹਰਪ੍ਰੀਤ ਸਿੰਘ





**ਜੰਡਿਆਲਾ ਗੁਰੂ 9 ਸਤੰਬਰ (ਕੁਲਵੰਤ ਸਿੰਘ ਵਿਰਦੀ)**-ਜੰਡਿਆਲਾ ਗੁਰੂ ਦੇ ਨਜ਼ਦੀਕ ਪੈਂਦੇ ਪਿੰਡ ਜਾਣੀਆਂ ਵਿਖੇ ਸਥਿਤ ਗੁਰਦੁਆਰਾ ਸਾਹਿਬ ਜੀ ਦੀ ਪ੍ਰਬੰਧਕ ਕਮੇਟੀ ਵੱਲੋਂ ਸਮੂਹ ਨਗਰ ਨਿਵਾਸੀ ਸੰਗਤਾਂ ਦੇ ਸਹਿਯੋਗ ਨਾਲ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਇਆ ਗਿਆ ਜਿਸ ਵਿੱਚ ਸ਼ਾਮ ਚਾਰ ਵਜੇ ਦੇ ਕਰੀਬ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਆਰੰਭ ਕੀਤੇ ਗਏ ਅਤੇ ਭੋਗ ਤੋਂ ਉਪਰੰਤ ਸ਼ਾਮ ਨੂੰ ਸੰਧਿਆ ਦੀ ਸਮਾਪਤੀ ਤੋਂ ਉਪਰੰਤ ਧਾਰਮਿਕ ਦੀਵਾਨ ਸਜਾਏ ਗਏ ਜਿਸ ਵਿੱਚ ਸ਼੍ਰੋਮਣੀ ਪ੍ਰਚਾਰਕ ਕਥਾਵਾਚਕ ਗਿਆਨੀ ਹਰਪ੍ਰੀਤ ਸਿੰਘ ਜੀ ਜੰਡਿਆਲਾ ਗੁਰੂ ਵਾਲਿਆਂ ਵੱਲੋਂ ਧੁਰ ਕੀ ਬਾਣੀ ਇਲਾਹੀ ਬਾਣੀ ਜੀ ਦੀ ਕਥਾ ਕਰਕੇ ਸੰਗਤਾਂ ਨੂੰ ਗੁਰੂ ਸਾਹਿਬ ਜੀ ਦੇ ਦਰਸਾਏ ਮਾਰਗ ਤੇ ਚੱਲ ਕੇ ਅੰਮ੍ਰਿਤ ਬਾਟਾ ਛਕ ਕੇ ਗੁਰੂ ਵਾਲੇ ਬਣਨ ਲਈ ਪ੍ਰੇਰਿਤ ਕੀਤਾ ਅਤੇ ਸੰਖੇਪ ਵਿੱਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਮਹੱਤਤਾ ਬਾਰੇ ਸੰਗਤਾਂ ਨਾਲ ਸਾਂਝ ਪਾਈ ਅਤੇ ਕਿਹਾ ਕਿ ਆਓ ਗੁਰੂ ਸਾਹਿਬ ਜੀ ਦੇ ਗੁਰਸਿੱਖ ਪਿਆਰੇ ਬਣੀਏ ਗੁਰੂ ਸਾਹਿਬ ਜੀ ਦੇ ਦੱਸੇ ਮਾਰਗ ਤੇ ਚੱਲਣ ਦਾ ਯਤਨ ਕਰੀਏ ਅਤੇ ਗੁਰੂ ਸਾਹਿਬ ਜੀ ਦੇ ਹੁਕਮ ਨੂੰ ਮੰਨਦਿਆਂ ਹੋਇਆਂ 9 ਆਗਿਆ ਭਈ ਆਕਾਲ ਕੀ ਤਬੈ ਚਲਾਇਓ ਪੰਥ !! ਸਭ ਸਿੱਖਨ ਕੋ ਹੁਕਮ ਹੈ ਗੁਰੂ ਮਾਨਿਓ ਗ੍ਰੰਥ !! ਗੁਰੂ ਗ੍ਰੰਥ ਜੀ ਮਾਨਿਓ ਪ੍ਰਗਟ ਗੁਰਾਂ ਕੀ ਦੇਹ॥ ਇਸ ਲਈ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਸਰੀਰ ਕਰਕੇ ਜਾਣਦੇ ਸਮਝਦੇ ਹੋਏ ਗੁਰੂ ਸਾਹਿਬ ਜੀ ਪਾਸੋਂ ਖੁਸ਼ੀਆਂ ਭਰੀਆਂ ਦਾਤਾਂ ਪ੍ਰਾਪਤ ਕਰੀਏ ਅਤੇ ਇਕੋ ਗੁਰੂ ਦੇ ਲੜ੍ਹ ਲਗਕੇ ਆਪਣੇ ਜੀਵਨ ਨੂੰ ਸਫਲ ਬਣਾਈਏ। ਇਸ ਸਮਾਗਮ ਦੀ ਸਮਾਪਤੀ ਮੌਕੇ ਗੁਰਦੁਆਰਾ ਸਾਹਿਬ ਜੀ ਦੇ ਹੈੱਡ ਗ੍ਰੰਥੀ ਭਾਈ ਸਰਬਜੀਤ ਸਿੰਘ ਵੱਲੋਂ ਗੁਰੂ ਸਾਹਿਬ ਜੀ ਦੇ ਚਰਨਾਂ ਵਿੱਚ ਸਰਬੱਤ ਦੇ ਭਲੇ ਲਈ ਅਰਦਾਸ ਬੇਨਤੀ ਕੀਤੀ ਅਤੇ ਹੁਕਮਨਾਮੇ ਤੋਂ ਉਪਰੰਤ ਸੰਗਤਾਂ ਨੂੰ ਕੜਾਹ ਪ੍ਰਸ਼ਾਦ ਦੀ ਦੇਗ. ਵਰਤਾਈ ਗਈ ਇਸ ਮੌਕੇ ਤੇ ਬਾਬਾ ਸਰਬਜੀਤ ਸਿੰਘ, ਸਾਬਕਾ ਡਾਇਰੈਕਟਰ ਮਾਰਕਫੈਡ ਦਲਜਿੰਦਰ ਬੀਰ ਸਿੰਘ, ਦਲਬੀਰ ਸਿੰਘ, ਬਲਜਿੰਦਰ ਸਿੰਘ, ਤਰਸੇਮ ਸਿੰਘ, ਜਸਵੰਤ ਸਿੰਘ, ਖਾਲਸਾ ਆਟੋ ਰਿਕਸ਼ਾ ਯੂਨੀਅਨ ਦੇ ਸਾਬਕਾ ਪ੍ਰਧਾਨ ਅਤੇ ਕਾਂਗਰਸ ਪਾਰਟੀ ਦੇ ਜਿਲ੍ਹਾ ਅੰਮ੍ਰਿਤਸਰ ਦੇ ਮੀਤ ਪ੍ਰਧਾਨ ਅਵਤਾਰ ਸਿੰਘ ਟੱਕਰ ਜਾਣੀਆਂ, ਸੂਬੇਦਾਰ ਗੁਰਭਾਗ ਸਿੰਘ ਕੇਵਲ ਸਿੰਘ, ਰਮੇਸ਼ ਸਿੰਘ ਜਾਣੀਆਂ, ਬਲਜਿੰਦਰ ਸਿੰਘ, ਸੁਖਜਿੰਦਰ ਸਿੰਘ, ਕੇਵਲ ਸਿੰਘ ਬਲਬੀਰ, ਗੁਰਬਚਨ ਸਿੰਘ, ਹਰਜਿੰਦਰ ਸਿੰਘ, ਸਾਬ ਸਿੰਘ, ਸਰਬਾ ਸਿੰਘ, ਕੰਵਰਜੀਤ ਸਿੰਘ, ਚਰਨਜੀਤ ਸਿੰਘ, ਸਰਪੰਚ ਸਕੰਦਰ ਸਿੰਘ, ਚਰਨਜੀਤ ਸਿੰਘ, ਗੁਰਮੇਜ ਸਿੰਘ, ਦਿਲਬਾਗ ਸਿੰਘ, ਹਰਜਿੰਦਰ ਸਿੰਘ ਫੋਜੀ, ਸ਼ਰਨਜੀਤ ਸਿੰਘ, ਮੁਖਤਾਰ ਸਿੰਘ, ਜੋਗਿੰਦਰ ਸਿੰਘ, ਨਵਜੋਤ ਸਿੰਘ, ਨਵਪ੍ਰੀਤ ਸਿੰਘ ਗੁਰਦਿਆਲ ਸਿੰਘ ਲਾਡੂ ਅਤੇ ਆਦਿ ਸੰਗਤਾਂ ਵੱਲੋਂ ਗੁਰੂ ਘਰ ਵਿੱਚ ਹਾਜ਼ਰੀਆਂ ਭਰ ਕੇ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਖੁਸ਼ੀਆਂ ਪ੍ਰਾਪਤ ਕੀਤੀਆਂ। ਇਸ ਮੌਕੇ ਤੇ ਆਈਆਂ ਸੰਗਤਾਂ ਨੂੰ ਗੁਰੂ ਸਾਹਿਬ ਜੀ ਦੇ ਅਤੁੱਟ ਲੰਗਰ ਛਕਾਏ ਗਏ।

ਆਵਾਜ਼ਿ ਕੌਮ AWAZE QAUM International Newspaper & WEB TV

# ਕੌਮੀ ਪੁਰਸਕਾਰ ਜੇਤੂ ਬਰਨਾਲਾ ਦੇ ਅਧਿਆਪਕ ਪੰਕਜ ਗੋਇਲ ਦੇ ਘਰ ਪੁੱਜ ਕੇ ਸੰਸਦ ਮੈਂਬਰ ਮੀਤ ਹੇਅਰ ਨੇ ਦਿੱਤੀ ਵਧਾਈ



**ਬਰਨਾਲਾ, 8 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਲੋਕ ਸਭਾ ਮੈਂਬਰ ਸ. ਗੁਰਮੀਤ ਸਿੰਘ ਮੀਤ ਹੇਅਰ ਨੇ ਕੌਮੀ ਪੁਰਸਕਾਰ ਹਾਸਲ ਕਰਨ ਵਾਲੇ ਬਰਨਾਲਾ ਦੇ ਅਧਿਆਪਕ ਪੰਕਜ ਕੁਮਾਰ ਗੋਇਲ ਨੂੰ ਉਨ੍ਹਾਂ ਦੇ ਘਰ ਪੁੱਜ ਕੇ ਮੁਬਾਰਕਬਾਦ ਦਿੱਤੀ। ਉਨ੍ਹਾਂ ਕਿਹਾ ਕਿ ਸਾਡੇ ਲਈ ਇਹ ਬੜੇ ਫ਼ਖਰ ਵਾਲੀ ਗੱਲ ਹੈ ਕਿ ਪੰਜਾਬ ਦੇ ਕੌਮੀ ਪੁਰਸਕਾਰ ਹਾਸਲ ਕਰਨ ਵਾਲੇ 2 ਅਧਿਆਪਕਾਂ ਵਿਚੋਂ ਇਕ ਅਧਿਆਪਕ ਪੰਕਜ ਕੁਮਾਰ ਗੋਇਲ ਸਾਡੇ ਬਰਨਾਲਾ ਦੇ ਹਨ। ਉਨ੍ਹਾਂ ਕਿਹਾ ਕਿ ਇਨ੍ਹਾਂ ਵੱਡਾ ਸਨਮਾਨ ਸਾਡੇ ਬਰਨਾਲੇ ਦੇ ਹਿੱਸੇ ਆਇਆ ਹੈ ਜੋ ਕਿ ਬਹੁਤ ਮਾਣ ਵਾਲੀ ਗੱਲ ਹੈ। ਉਨ੍ਹਾਂ

ਆਵਾਜ਼ਿ ਕੌਮ AWAZE QAUM International Newspaper & WEB TV

ਸ੍ਰੀ ਪੰਕਜ ਗੋਇਲ ਅਤੇ ਉਨ੍ਹਾਂ ਦੇ ਪਰਿਵਾਰ ਨੂੰ ਨਿੱਜੀ ਤੌਰ ’ਤੇ ਮਿਲ ਕੇ ਵਧਾਈ ਦਿੱਤੀ। ਉਨ੍ਹਾਂ ਕਿਹਾ ਜਦੋਂ ਇੰਨੇ ਕਾਬਿਲ ਅਧਿਆਪਕ ਸਾਡੇ ਬਰਨਾਲਾ ਜ਼ਿਲ੍ਹੇ ਦੇ ਸਕੂਲਾਂ ਵਿੱਚ ਸੇਵਾਵਾਂ ਨਿਭਾਅ ਰਹੇ ਹਨ ਤਾਂ ਸਾਡੇ ਵਿਦਿਆਰਥੀਆਂ ਨੂੰ ਸਫਲ ਹੋਣ ਤੋਂ ਕੋਈ ਨਹੀਂ ਰੋਕ ਸਕਦਾ। ਦੱਸਣਯੋਗ ਹੈ ਕਿ ਐੱਸ. ਐੱਸ. ਮਾਸਟਰ ਸ੍ਰੀ ਪੰਕਜ ਗੋਇਲ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਕੰਨਿਆ) ਬਰਨਾਲਾ ਵਿਖੇ ਸੇਵਾਵਾਂ ਨਿਭਾ ਰਹੇ ਰਹੇ ਹਨ, ਜਿਨ੍ਹਾਂ ਨੂੰ ਅਧਿਆਪਨ ਖੇਤਰ ਵਿੱਚ ਬੇਮਿਸਾਲ ਸੇਵਾਵਾਂ ਨਿਭਾਉਣ ਬਦਲੇ ਰਾਸ਼ਟਰਪਤੀ ਦ੍ਰੋਪਦੀ ਮੁਰਮੂ ਜੀ ਨੇ ਪਿਛਲੇ ਦਿਨੀਂ ਕੌਮੀ ਪੁਰਸਕਾਰ ਨਾਲ ਨਿਵਾਜਿਆ ਹੈ। ਇਸ ਮੌਕੇ ਚੇਅਰਮੈਨ ਨਗਰ ਸੁਧਾਰ ਟਰੱਸਟ ਸ੍ਰੀ ਰਾਮ ਤੀਰਥ ਮੰਨਾ ਤੇ ਪੰਕਜ ਗੋਇਲ ਦੇ ਪਰਿਵਾਰਕ ਮੈਂਬਰ ਸ੍ਰੀਮਤੀ ਕਾਂਤਾ ਕੁਮਾਰੀ (ਮਾਤਾ ਜੀ), ਸ੍ਰੀਮਤੀ ਅਨੀਤਾ ਗਰਗ (ਪਤਨੀ) ਤੇ ਬੇਟੀ ਧਰਿਤੀ ਹਾਜ਼ਰ ਸਨ।

ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਰੋਡੇ (ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ) ਦੀ ਪ੍ਰੇਰਨਾ ਸਦਕਾ

www.nsycuk.com

ਸਾਲਾਨਾ ਯਾਤਰਾ 20 ਫਰਵਰੀ ਤੋਂ 12 ਮਾਰਚ 2025 ਤੱਕ

# ਪੰਜ ਤਖ਼ਤ ਸਾਹਿਬਾਨ ਅਤੇ ਹੋਰ ਇਤਿਹਾਸਕ ਗੁਰਦੁਆਰਿਆਂ ਦੀ ਸਾਲਾਨਾ ਯਾਤਰਾ



ਸ੍ਰੀ ਅਕਾਲ ਤਖ਼ਤ ਸਾਹਿਬ



ਤਖ਼ਤ ਸ੍ਰੀ ਪਟਨਾ ਸਾਹਿਬ



ਤਖ਼ਤ ਸ੍ਰੀ ਕੇਸਗੜ੍ਹ ਸਾਹਿਬ



ਤਖ਼ਤ ਸ੍ਰੀ ਦਮਦਮਾ ਸਾਹਿਬ



ਤਖ਼ਤ ਸ੍ਰੀ ਹਜ਼ੂਰ ਸਾਹਿਬ

## ਯਾਤਰਾ ਗੁਰਦੁਆਰਾ ਦੂਖ ਨਿਵਾਰਣ ਸਾਹਿਬ, ਗੁਰੂ ਤੇਗ ਬਹਾਦਰ ਨਗਰ, ਜਲੰਧਰ ਤੋਂ

20 ਫਰਵਰੀ 2025, ਦਿਨ ਵੀਰਵਾਰ ਨੂੰ ਸਵੇਰੇ ਠੀਕ 8 ਵਜੇ ਆਰੰਭ ਹੋਵੇਗੀ, ਸੰਗਤਾਂ ਸਵੇਰੇ 7.30 ਵਜੇ ਤੱਕ ਪਹੁੰਚਣ ਦੀ ਕਿਰਪਾ ਕਰਨ। 12 ਮਾਰਚ 2025, ਦਿਨ ਬੁੱਧਵਾਰ ਨੂੰ ਉਕਤ ਗੁਰਦੁਆਰਾ ਸਾਹਿਬ ਵਿਖੇ ਹੀ ਯਾਤਰਾ ਦੀ ਸਮਾਪਤੀ ਹੋਵੇਗੀ।



**ਬਾਹਰਲੇ ਦੇਸ਼ਾਂ ਤੋਂ ਜਾਣ ਵਾਲੇ ਯਾਤਰੀ ਦਾ ਖਰਚ 400 ਪੌਂਡ ਅਤੇ ਪੱਕੇ ਤੌਰ 'ਤੇ ਭਾਰਤ ਵਿਚ ਰਹਿ ਰਹੇ ਯਾਤਰੀ ਦਾ ਖਰਚਾ 20 ਹਜ਼ਾਰ ਰੁਪਏ ਹੈ**

ਸੀਮਤ ਸੀਟਾਂ ਜਲਦੀ ਬੁਕਿੰਗ ਕਰਵਾਉ ਜੀ

ਨੋਟ: ਵਿਦੇਸ਼ਾਂ ਤੋਂ ਸੰਗਤਾਂ ਆਪੋ-ਆਪਣੀਆਂ ਟਿਕਟਾਂ ਲੈ ਕੇ ਪੰਜਾਬ ਪਹੁੰਚਣਗੀਆਂ। ਯਾਤਰਾ ਏਅਰ ਕੰਡੀਸ਼ਨਰ ਕੋਚਾਂ ਵਿੱਚ ਕਰਵਾਈ ਜਾਵੇਗੀ। ਇੰਗਲੈਂਡ, ਅਮਰੀਕਾ, ਕੈਨੇਡਾ ਜਾਂ ਦੁਨੀਆਂ ਦੇ ਕਿਸੇ ਵੀ ਦੇਸ਼ ਵਿੱਚ ਰਹਿੰਦੇ ਸ਼ਰਧਾਲੂ ਇਸ ਯਾਤਰਾ ਵਿੱਚ ਜਾਲ ਲਈ ਸੰਪਰਕ ਕਰ ਸਕਦੇ ਹਨ। ਭਾਰਤ ਦੇ ਪੱਕੇ ਵਸਨੀਕ ਰਿਸ਼ਤੇਦਾਰਾਂ/ ਮਿੱਤਰਾਂ ਦੀ ਬੁਕਿੰਗ ਵੀ ਇੱਥੇ ਯੂ.ਕੇ. ਵਿੱਚ ਤੁਸੀਂ ਕਰਵਾ ਸਕਦੇ ਹੋ।

ਗੁ. ਸ੍ਰੀ ਗੁਰੂ ਤੇਗ ਬਹਾਦਰ, ਜਲੰਧਰ ਤੋਂ ਸ਼ੁਰੂਆਤ, ਗੁ. ਸ਼ਹੀਦ ਬੇਅੰਤ ਸਿੰਘ, ਗੁ. ਗੁਰੂ ਕਾ ਲਾਹੌਰ, ਗੁ. ਸੁਹੇਲਾ ਸਾਹਿਬ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਸ੍ਰੀ ਆਨੰਦਪੁਰ ਸਾਹਿਬ, ਬਾਉਲੀ ਸਾਹਿਬ, ਗੁ. ਨਾਢਾ ਸਾਹਿਬ, ਗੁ. ਸ੍ਰੀ ਕ੍ਰਿਪਾਲ ਸ਼ਿਲਾ, ਗੁ. ਸ੍ਰੀ ਪਾਉਂਟਾ ਸਾਹਿਬ, ਗੁ. ਦਸਤਾਰ ਅਸਥਾਨ, ਗੁ. ਭੰਗਾਣੀ ਸਾਹਿਬ, ਗੁ. ਤੀਰਗੜ੍ਹੀ ਸਾਹਿਬ, ਗੁ. ਨਾਨਕਮਤਾ ਸਾਹਿਬ, ਗੁ. ਬਾਬਾ ਅਲਮਸਤ ਸਾਹਿਬ, ਗੁ. ਭੰਡਾਰਾ ਸਾਹਿਬ, ਗੁ. ਦੁੱਧ ਵਾਲਾ ਖੂਹ, ਬਾਉਲੀ ਸਾਹਿਬ, ਗੁ. ਭਗਤ ਕਬੀਰ ਜੀ ਮਗਹਰ,ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ, ਗੁ. ਗਊ ਘਾਟ, ਗੁ. ਤਾਕੀ ਸਾਹਿਬ, ਗੁ. ਗੁਰੂ ਕਾ ਬਾਗ ਪਟਨਾ ਸਾਹਿਬ, ਗੁ. ਕੰਗਣ ਘਾਟ, ਮਾਤਾ ਗੁਜਰੀ ਜੀ ਦਾ ਖੂਹ, ਗੁ. ਬਾਲ ਲੀਲ੍ਹਾ, ਗੁ. ਹਾਂਡੀ ਸਾਹਿਬ, ਗੁ. ਸ਼ੀਤਲ ਕੁੰਡ ਰਾਜਗੀਰ, ਗੁ. ਗਵਾਰੀ ਘਾਟ ਸਾਹਿਬ ਜੱਬਲਪੁਰ, ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ, ਗੁ. ਰਤਨਗੜ੍ਹ ਸਾਹਿਬ, ਗੁ. ਨਾਨਕਸਰ, ਗੁ. ਸੰਗਤ ਸਾਹਿਬ, ਗੁ. ਮਾਤਾ ਸਾਹਿਬ ਦੇਵਾਂ ਜੀ, ਗੁ. ਅੰਗੀਠਾ ਸਾਹਿਬ ਸੰਤ ਬਾਬਾ ਨਿਧਾਨ ਸਿੰਘ ਜੀ-ਸੰਤ ਬਾਬਾ ਹਰਨਾਮ ਸਿੰਘ ਜੀ, ਗੁ. ਭਜਨਗੜ੍ਹ ਸਾਹਿਬ, ਗੁ. ਨਾਨਕ ਝੀਰਾ ਸਾਹਿਬ, ਗੁ. ਹੀਰਾ ਘਾਟ, ਗੁ. ਮਾਲਟੇਕੜੀ ਸਾਹਿਬ, ਗੁ. ਨਗੀਨਾ ਘਾਟ, ਗੁ. ਬੰਦਾ ਘਾਟ, ਦੇਹੁਰਾ ਭਗਤ ਨਾਮਦੇਵ ਜੀ, ਗੁ. ਬੜੀ ਸੰਗਤ ਸਾਹਿਬ ਬੁਰਹਾਨਪੁਰ, ਗੁ. ਦੱਖਣੀ ਓਅੰਕਾਰ ਸਾਹਿਬ, ਗੁ. ਸਾਹਿਬ ਬੇਟਮਾ ਇੰਦੌਰ, ਗੁ. ਦਾਤਾ ਬੰਦੀ ਛੋੜ ਗਵਾਲੀਅਰ, ਗੁ. ਦੂਖ ਨਿਵਾਰਨ ਸਾਹਿਬ ਆਗਰਾ, ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ, ਭਾਈ ਡੱਲੇ ਦੀ ਹਵੇਲੀ, ਭੋਰਾ ਬਾਬਾ ਦੀਪ ਸਿੰਘ ਜੀ, ਗੁ. ਬਾਬਾ ਬੀਰ ਸਿੰਘ ਧੀਰ ਸਿੰਘ, ਗੁ. ਦਮਦਮਾ ਸਾਹਿਬ, ਗੁਰਦੁਆਰਾ ਬੁੰਗਾ ਮਸਤੂਆਣਾ, ਗੁਰੂਸਰ ਮਹਿਰਾਜ, ਗੁ. ਜ਼ਫਰਨਾਮਾ ਸਾਹਿਬ, ਗੁਰਦੁਆਰਾ ਟੁੱਟੀ ਗੰਢੀ ਸਾਹਿਬ, ਗੁ. ਤੰਬੂ ਸਾਹਿਬ ਸ੍ਰੀ ਮੁਕਤਸਰ ਸਾਹਿਬ, ਸ੍ਰੀ ਤਰਨਤਾਰਨ ਸਾਹਿਬ, ਛੇਹਰਟਾ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ, ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਤੋਂ ਜਲੰਧਰ ਵਾਪਸੀ ਹੋਵੇਗੀ ।

**ਯਾਤਰੂ ਟਰੈਵਲ ਇੰਸ਼ੋਰੈਂਸ ਖੁਦ ਜ਼ਰੂਰ ਕਰਵਾਉਣ। ਤੁਸੀਂ ਆਪਣੇ ਨਾਂਅ ਇੰਗਲੈਂਡ ਦੇ ਵੱਖ-ਵੱਖ ਸ਼ਹਿਰਾਂ ਵਿਚ ਵੀ ਸਾਡੇ ਸੇਵਾਦਾਰਾਂ ਨੂੰ ਦੇ ਸਕਦੇ ਹੋ। ਵਧੀਆ ਰਿਹਾਇਸ਼ ਅਤੇ ਮੁੱਢਲੀ ਡਾਕਟਰੀ ਸਹਾਇਤਾ ਦਾ ਖਾਸ ਪ੍ਰਬੰਧ ਕੀਤਾ ਜਾਂਦਾ ਹੈ।**

## ਗੁਰੂ ਪੰਥ ਦੇ ਦਾਸ: ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ

| | | | |
|---|---|---|---|
| ਭਾਈ ਰਘਵੀਰ ਸਿੰਘ ਮਾਲੜੀ ਨੋਟਿੰਘਮ | +44 7813953484 | ਭਾਈ ਅਮਰੀਕ ਸਿੰਘ ਤੂਰ ਡਰਬੀ | +44 7539243163 |
| ਭਾਈ ਰਘਵੀਰ ਸਿੰਘ ਵਾਲਸਾਲ | +44 7976210161 | ਬੀਬੀ ਜਸਵਿੰਦਰ ਕੌਰ ਥਾਂਦੀ ਕਵੈਂਟਰੀ | +44 7895666314 |
| ਭਾਈ ਬਲਜੀਤ ਸਿੰਘ ਕੰਗ | +44 7780605230 | ਭਾਈ ਕਪਤਾਨ ਸਿੰਘ ਵੁਲਵਰਹੈਂਪਟਨ | +44 7788283485 |

**ਨੋਟ: ਕਿਸੇ ਜਥੇਬੰਦੀ ਜਾਂ ਨਿੱਜੀ ਲਾਭ ਦੀ ਬਜਾਇ ਇਸ ਯਾਤਰਾ ਕਮੇਟੀ ਦਾ ਗਠਨ ਸੰਗਤਾਂ ਦੀ ਸੇਵਾ ਲਈ ਕੀਤਾ ਗਿਆ ਹੈ, ਇਕੱਤਰ ਮਾਇਆ ਗੁਰਦੁਆਰਾ ਸਾਹਿਬਾਨ ਦੀ ਸੇਵਾ ਵਿੱਚ ਹੀ ਲਾਈ ਜਾਂਦੀ ਹੈ।**

Nankana Sahib Yatra Committee U.K, 21 Hazel Ave, Littleover, Derby De23 7HA
www.nsycuk.com, E-Mail: nsycuk1469@gmail.com
ਪਿਛਲੇ ਸਾਲਾਂ ਦੀਆਂ ਯਾਤਰਾ ਤਸਵੀਰਾਂ ਦੇਖਣ ਲਈ ਸਾਡੇ ਫੇਸਬੁੱਕ ਪੇਜ Nankana Sahib Yatra Commitee UK ਅਤੇ ਵੈੱਬਸਾਈਟ ਤੇ ਜ਼ਰੂਰ ਜਾਉ ਜੀ

ਸਾਰਾਗੜ੍ਹੀ ਦੇ ਸਮੂਹ ਸ਼ਹੀਦਾਂ ਦੀ ਯਾਦ ਵਿੱਚ

# ਗੁਰੂ ਨਾਨਕ ਗੁਰਦੁਆਰਾ ਵੈਨਸਫੀਲਡ ਵਿਖੇ ਸ਼ਹੀਦਾਂ ਦੀ ਯਾਦ ਮਨਾਈ ਗਈ

## ਸਾਰਾਗੜ੍ਹੀ ਦੇ ਸ਼ਹੀਦ ਹੌਲਦਾਰ ਈਸ਼ਰ ਸਿੰਘ ਦੇ ਪਰਿਵਾਰਕ ਮੈਂਬਰ ਵਿਸ਼ੇਸ਼ ਤੌਰ 'ਤੇ ਪੰਜਾਬ ਤੋਂ ਪੁੱਜੇ













ਸਾਰਾਗੜ੍ਹੀ ਦੇ ਸਮੂਹ ਸ਼ਹੀਦਾਂ ਦੀ ਯਾਦ ਦੇ ਵਿੱਚ ਗੁਰੂ ਨਾਨਕ ਗੁਰਦੁਆਰਾ ਵੈਨਸਫੀਲਡ ਵਿਖੇ ਸ਼ਹੀਦਾਂ ਦੀ ਯਾਦ ਮਨਾਈ ਗਈ ਜਿਸ ਵਿੱਚ ਸਿੱਖ ਗੁਰਦੁਆਰਾ ਕੌਂਸਲ ਵੁਲਵਰਹੈਂਪਟਨ ਦੇ ਗੁਰਦੁਆਰੇ ਅਤੇ ਇਲਾਕੇ ਦੇ ਕੌਂਸਲਰ ਅਤੇ ਐਮਪੀ ਅਤੇ ਸਾਬਕਾ ਫੌਜੀਆਂ ਨੇ ਭਾਗ ਲਿਆ ਇਸ ਵਿੱਚ ਜੋ ਹੁਣ ਸਿੱਖ ਨੌਜਵਾਨ ਆਰਮੀ ਦੇ ਵਿੱਚ ਭਰਤੀ ਹਨ ਉਹਨਾਂ ਦੀ ਫੌਜੀ ਟੁਕੜੀ ਅਤੇ ਜੋ ਰੋਇਲ ਆਰਮੀ ਦੇ ਬੈਂਡ ਹੈ ਉਨ੍ਹਾਂ ਭਾਗ ਲੈ ਕੇ ਸ਼ਹੀਦਾਂ ਨੂੰ ਜ ਆਪਣੇ ਤਰੀਕੇ ਦੇ ਨਾਲ ਸ਼ਰਧਾ ਦੇ ਫੁੱਲ ਭੇਟ ਕੀਤੇ । ਸਾਰਾਗੜ੍ਹੀ ਦੇ ਸ਼ਹੀਦ ਹੌਲਦਾਰ ਈਸ਼ਰ ਸਿੰਘ ਦੇ ਪਰਿਵਾਰ ਦੇ ਮੈਂਬਰ ਪੰਜਾਬ ਤੋਂ ਪੁੱਜੇ ਹੋਏ ਸਨ।



(ਹੋਰ ਤਸਵੀਰਾਂ ਅਗਲੇ ਪੰਨਿਆਂ 'ਤੇ)

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

### ਸਾਰਾਗੜ੍ਹੀ ਦੇ ਸਮੂਹ ਸ਼ਹੀਦਾਂ ਦੀ ਯਾਦ ਵਿੱਚ

# ਗੁਰੂ ਨਾਨਕ ਗੁਰਦੁਆਰਾ ਵੈਨਸਫੀਲਡ ਵਿਖੇ ਸ਼ਹੀਦਾਂ ਦੀ ਯਾਦ ਮਨਾਈ ਗਈ

## ਸਾਰਾਗੜ੍ਹੀ ਦੇ ਸ਼ਹੀਦ ਹੌਲਦਾਰ ਈਸ਼ਰ ਸਿੰਘ ਦੇ ਪਰਿਵਾਰਕ ਮੈਂਬਰ ਵਿਸ਼ੇਸ਼ ਤੌਰ 'ਤੇ ਪੰਜਾਬ ਤੋਂ ਪੁੱਜੇ



















ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸਾਬਕਾ ਪ੍ਰਧਾਨ ਪ੍ਰੋ. ਬਡੂੰਗਰ ਦੀ

# ਪੁਸਤਕ 'ਸਚਹੁ ਓਰੈ ਸਭੁ ਕੋ' ਨੂੰ ਕੀਤਾ ਰਿਲੀਜ਼



**ਫਤਹਿਗੜ੍ਹ ਸਾਹਿਬ 9 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਵੱਲੋਂ ਅੱਜ ਬਾਬਾ ਬੰਦਾ ਸਿੰਘ ਬਹਾਦਰ ਇੰਜੀਨੀਅਰਿੰਗ ਕਾਲਜ ਵਿਖੇ ਆਯੋਜਿਤ ਇਕ ਸਮਾਰੋਹ ਵਿਚ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਦੀ ਪੁਸਤਕ 'ਸਚਹੁ ਓਰੈ ਸਭੁ ਕੋ' ਨੂੰ ਰਿਲੀਜ਼ ਕੀਤਾ ਗਿਆ। ਪੁਸਤਕ ਰਿਲੀਜ਼ ਕਰਨ ਮੌਕੇ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਵਧਾਈ ਦਿੰਦਿਆਂ ਕਿਹਾ ਕਿ ਪੰਥਕ ਸਖਸ਼ੀਅਤ ਪ੍ਰੋ. ਕਿਰਪਾਲ ਸਿੰਘ ਬਡੂੰਗਰ ਲਗਾਤਾਰ ਆਪਣੇ ਕਾਰਜਾਂ ਵਿਚ ਨਿਰੰਤਰ ਕਾਰਜਸ਼ੀਲ ਹਨ ਅਤੇ ਉਨ੍ਹਾਂ ਵੱਲੋਂ ਹਮੇਸ਼ਾ ਧਾਰਮਕ, ਸਮਾਜਕ ਅਤੇ ਰਾਜਨੀਤਕ ਖੇਤਰ ਵਿਚ ਰੁੱਝੇ ਰਹਿਣ ਦੇ ਬਾਵਜੂਦ ਗੁਰਮਤਿ ਅਧਾਰਤ ਪੁਸਤਕਾਂ ਲਿਖਕੇ ਧਰਮ ਅਤੇ ਭਾਸ਼ਾ ਦੇ ਵਿਕਾਸ ਵਿਚ ਅਜਿਹਾ ਵੱਡਮੁੱਲਾ ਖਜ਼ਾਨਾ ਸਰਮਾਏ ਦੇ ਰੂਪ ਵਿਚ ਦੇ ਕੇ ਮਾਰਗ ਦਰਸ਼ਨ ਕੀਤਾ ਜਾ ਰਿਹਾ, ਜੋ ਹਰ ਇਕ ਦੇ ਹਿੱਸੇ ਨਹੀਂ ਆਉਂਦਾ। ਐਡਵੋਕੇਟ ਧਾਮੀ ਨੇ ਕਿਹਾ ਕਿ ਪ੍ਰੋ. ਬਡੂੰਗਰ ਵੱਲੋਂ ਧਰਮ ਦੇ ਖੇਤਰ ਵਿਚ ਗੁਰਮਤਿ ਫਲਸਫੇ ਨੂੰ ਅੱਗੇ ਤੋਰਨ ਦਾ ਪੂਰੀ ਦ੍ਰਿੜਤਾ ਨਾਲ ਕੀਤਾ ਜਾ ਰਿਹਾ ਕਾਰਜ ਇਸ ਕਰਕੇ ਵਿਲੱਖਣ ਹੈ ਕਿਉਂਕਿ ਅਜੋਕੇ ਸਮੇਂ ਅਤੇ ਭਵਿੱਖ ਵਿਚ ਦਰਪੇਸ਼ ਚੁਣੌਤੀਆਂ ਵਿਚੋਂ ਨਿਕਲਣ ਦੀ ਜੀਵਨ ਜਾਂਚ ਗੁਰਮਤਿ ਫਲਸਫੇ ਵਿਚੋਂ ਹੀ ਮਿਲ ਸਕਦੀ ਹੈ ਇਸ ਕਰਕੇ ਅਰਦਾਸ ਕਰਦਾ ਹੈ ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੂੰ ਪ੍ਰਮਾਤਮਾ ਹੋਰ ਵੀ ਕਾਰਜ ਕਰਨ ਦੇ ਸਮਰੱਥ ਬਣਾਉਣ ਅਤੇ ਹਮੇਸ਼ਾ ਆਪਣੀਆਂ ਲਿਖਤਾਂ ਰਾਹੀਂ ਸਾਰਿਆਂ ਦਾ ਮਾਰਗ ਦਰਸ਼ਨ ਕਰਦੇ ਰਹਿਣ। ਪੁਸਤਕ ਰਿਲੀਜ਼ ਕਰਨ ਮੌਕੇ ਸੀਨੀਅਰ ਮੀਤ ਪ੍ਰਧਾਨ ਹਰਭਜਨ ਸਿੰਘ ਮਸਾਣਾ, ਅੰਤ੍ਰਿੰਗ ਕਮੇਟੀ ਮੈਂਬਰ ਜਸਮੇਰ ਸਿੰਘ ਲਾਛੜੂ ਅਤੇ ਸ਼੍ਰੋਮਣੀ ਕਮੇਟੀ ਮੈਂਬਰਾਂ 'ਚ ਜਥੇ. ਗੁਰਚਰਨ ਸਿੰਘ ਗਰੇਵਾਲ, ਮੈਂਬਰ ਅਮਰਜੀਤ ਸਿੰਘ ਚਾਵਲਾ, ਮੈਂਬਰ ਐਡਵੋਕੇਟ ਭਗਵੰਤ ਸਿੰਘ ਸਿਆਲਕਾ, ਮੈਂਬਰ ਮੰਗਵਿੰਦਰ ਸਿੰਘ ਖਾਪਰਖੇੜੀ, ਮੈਂਬਰ ਸੁਰਜੀਤ ਸਿੰਘ ਭਿੱਟੇਵਿੰਡ, ਮੈਂਬਰ ਬਾਬਾ ਬੂਟਾ ਸਿੰਘ, ਮੈਂਬਰ ਸੁਖਵਰਸ਼ ਸਿੰਘ ਪਨੂੰ, ਮੈਂਬਰ ਜਗਜੀਤ ਸਿੰਘ ਤਲਵੰਡੀ, ਮੈਂਬਰ ਬੀਬੀ ਗੁਰਿੰਦਰ ਕੌਰ ਭੋਲੂਵਾਲ, ਮੈਂਬਰ ਰਵਿੰਦਰ ਸਿੰਘ ਖਾਲਸਾ, ਮੈਂਬਰ ਅਵਤਾਰ ਸਿੰਘ ਰਿਆ, ਮੈਂਬਰ ਅਜਮੇਰ ਸਿੰਘ ਖੇੜਾ, ਮੈਂਬਰ ਮਿੱਠੂ ਸਿੰਘ ਕਾਹਨੇਕੇ, ਮੈਂਬਰ ਦਰਸ਼ਨ ਸਿੰਘ ਮੋਠਾਵਾਲੀ, ਮੈਂਬਰ ਗੁਰਮੀਤ ਸਿੰਘ ਬੂਹ, ਸੈਕਟਰੀ ਜਗਦੀਪ ਸਿੰਘ ਚੀਮਾ, ਡਾਇਰੈਕਟੋਰੇਟ ਦੇ ਸਿੱਖਿਆ ਸਕੱਤਰ ਸੁਖਵਿੰਦਰ ਸਿੰਘ, ਮੈਡਮ ਸਤਵੰਤ ਕੌਰ, ਸੱਚਖੰਡ ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਭਗਵੰਤ ਸਿੰਘ ਧੰਗੇੜਾ, ਸਾਬਕਾ ਸਕੱਤਰ ਸਿਮਰਜੀਤ ਸਿੰਘ, ਮੈਨੇਜਰ ਗੁਰਦੀਪ ਸਿੰਘ ਕੰਗ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਅਧਿਕਾਰੀ ਤੇ ਸਟਾਫ ਮੈਂਬਰ ਆਦਿ ਸ਼ਾਮਲ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

**ਧਰਮ ਦੇ ਖੇਤਰ 'ਚ ਗੁਰਮਤਿ ਫਲਸਫੇ ਨੂੰ ਅੱਗੇ ਲਿਜਾਣ ਦਾ ਕਾਰਜ ਵਿਲੱਖਣ : ਐਡਵੋਕੇਟ ਹਰਜਿੰਦਰ ਸਿੰਘ ਧਾਮੀ**

ਬੰਦੀ ਸਿੰਘ ਰਿਹਾਈ ਮੋਰਚੇ ਦੇ ਮੁਖੀ ਭਾਈ ਜੰਗ ਸਿੰਘ ਮੁਸਤਫਾਬਾਦ ਦੀ 14 ਤਰੀਕ ਨੂੰ ਅੰਤਿਮ ਅਰਦਾਸ ਗੁਰਦੁਆਰਾ ਫਤਹਿਗੜ੍ਹ ਸਾਹਿਬ ਜੀ ਦੇ ਦਿਵਾਨ ਟੋਡਰ ਮੱਲ ਹਾਲ ਵਿਖੇ ਹੋਵੇਗੀ

# ਅਕਾਲ ਦਲ ਅਤੇ ਸ਼੍ਰੋਮਣੀ ਕਮੇਟੀ ਵਲੋਂ ਸਾਰੇ ਪ੍ਰਬੰਧਾਂ ਦਾ ਜਾਇਜ਼ਾ ਲਿਆ ਗਿਆ : ਭਾਈ ਭਿਉਰਾ

**ਫ਼ਤਹਿਗੜ੍ਹ ਸਾਹਿਬ, 9 ਸਤੰਬਰ (ਆਵਾਜ਼ਿ ਕੌਮ ਬਿਊਰੋ)-ਭਾਈ ਭਿਓਰੇ** ਨੇ ਕਿਹਾ ਕਿ ਭਾਈ ਜੰਗ ਸਿੰਘ ਮੁਸਤਫਾਬਾਦ ਨਾਲ ਮਿਲ ਕੇ ਕਾਫੀ ਪਹਿਲਾਂ ਅਸੀਂ ਸਿੰਘਾਂ ਦੀ ਰਿਹਾਈ ਲਈ ਬੰਦੀ ਸਿੰਘ ਰਿਹਾਈ ਮੋਰਚਾ ਸ਼ੁਰੂ ਕੀਤਾ ਸੀ। ਅਸੀਂ ਆਪਣੇ ਪੱਧਰ ਤੇ ਸਿੰਘਾਂ ਦੀ ਰਿਹਾਈ ਲਈ ਯਤਨਸ਼ੀਲ ਰਹੇ ਹਾਂ। ਇਸ ਬਾਬਤ ਅਸੀਂ ਅਕਾਲੀ ਦਲ ਅਤੇ ਸ਼੍ਰੋਮਣੀ ਗੁਰਦੁਆਰਾ ਕਮੇਟੀ ਦੇ ਆਗੂਆਂ ਨਾਲ ਹਮੇਸ਼ਾ ਸੰਪਰਕ ਵਿੱਚ ਰਹੇ ਹਾਂ। ਪਿੱਛਲੇ ਸਾਲ ਜਨਵਰੀ ਵਿੱਚ ਬੰਦੀ ਸਿੰਘਾਂ ਦੇ ਮਾਮਲੇ ਵਿੱਚ ਅਕਾਲੀ ਦਲ ਅਤੇ ਸ਼੍ਰੋਮਣੀ ਕਮੇਟੀ ਦੀ ਮੀਟਿੰਗ ਸੀ ਜਿਸ ਵਿੱਚ ਭਾਈ ਵਿਰਸਾ ਸਿੰਘ ਵਲਟੋਹਾ ਅਤੇ ਭਾਈ ਕਰਨੈਲ ਸਿੰਘ ਪੀਰਮੁਹੰਮਦ ਜੀ ਵਲੋਂ ਦਾਸ ਨੂੰ ਆਪਣੇ ਵਿਚਾਰ ਰੱਖਣ ਲਈ ਕਿਹਾ ਸੀ। ਦਾਸ ਨੇ ਕਿਹਾ ਸਿੰਘ ਲੰਮੇ ਸਮੇਂ ਤੋਂ ਜੇਲ੍ਹਾਂ ਚ ਨਜ਼ਰਬੰਦ ਹਨ ਇਸ ਕਰਕੇ ਕੁੱਝ ਐਸਾ ਕੀਤਾ ਜਾਵੇ ਜਿਸ ਨਾਲ ਸਿੰਘਾਂ ਦੇ ਪਰਿਵਾਰਾਂ ਨੂੰ ਰਾਹਤ ਮਿਲ ਸਕੇ। ਇਸ ਕਰਕੇ ਸ਼੍ਰੋਮਣੀ ਕਮੇਟੀ ਵਲੋਂ ਬੰਦੀ ਸਿੰਘਾਂ ਦੇ ਪਰਿਵਾਰਾਂ ਨੂੰ ਵੀਹ-ਵੀਹ ਹਜ਼ਾਰ ਰੁਪਏ ਹਰ ਮਹੀਨੇ ਦਿੱਤੇ ਜਾਣ ਜਿਸ ਨਾਲ ਪਰਿਵਾਰਾਂ ਵਲੋਂ ਸਿੰਘਾਂ ਨੂੰ ਜੇਲ੍ਹਾਂ ਚ ਹਰ ਮਹੀਨੇ ਖ਼ਰਚਾ ਅਤੇ ਹੋਰ ਲੋੜੀਂਦਾ ਸਮਾਨ ਭੇਜਣਾ ਸੌਖਾ ਹੋ ਜਾਵੇ। ਫਰਵਰੀ ਮਹੀਨੇ ਤੋਂ ਹੀ ਸ਼੍ਰੋਮਣੀ ਕਮੇਟੀ ਵਲੋਂ ਬੰਦੀ ਸਿੰਘਾਂ ਨੂੰ ਵੀਹ ਹਜ਼ਾਰ ਰੁਪਏ ਦੀ ਰਾਸ਼ੀ ਜਾਰੀ ਕਰਨੀ ਸ਼ੁਰੂ ਕਰ ਦਿੱਤੀ ਸੀ। ਭਾਈ ਭਿਓਰੇ ਨੇ ਕਿਹਾ ਕਿਹਾ ਅਸੀਂ ਕਿਸੇ ਵਾਦ-ਵਿਵਾਦ ਚ ਨਹੀਂ ਪੈਣਾ ਚਾਹੁੰਦੇ ਪਰ ਔਖੇ ਵੇਲੇ ਜਿਹੜਾ ਬਾਂਹ ਫੜਦਾ ਹੈ ਉਸ ਦਾ ਸ਼ੁਕਰਾਨਾ ਨਾਂਅ ਕਰਕੇ ਅਸੀਂ ਅਕ੍ਰਿਤਘਣ ਨਹੀਂ ਬਨਣਾਂ ਚਾਹੁੰਦੇ। ਸਮੇਂ -ਸਮੇਂ ਤੇ ਸ਼੍ਰੋਮਣੀ ਕਮੇਟੀ ਨੇ ਜੇਲ੍ਹਾਂ ਚ ਨਜ਼ਰਬੰਦ ਸਿੰਘਾਂ ਦੀ ਅਤੇ ਓਹਨਾਂ ਦੇ ਪਰਿਵਾਰਾਂ ਦੀ ਆਰਥਿਕ ਮਦਦ ਦੇ ਨਾਲ ਮਾਣ ਸਨਮਾਨ ਵੀ ਬਖਸ਼ਿਆ ਹੈ। ਪੰਥਕ ਕਾਰਜਾਂ ਕਰਕੇ ਜੇ ਸ਼੍ਰੋਮਣੀ ਕਮੇਟੀ ਵਲੋਂ ਕੋਈ ਊਣਤਾਈ ਰਹਿ ਜਾਂਦੀ ਹੈ ਤਾਂ ਸਾਨੂੰ ਮਿਲ ਬੈਠ ਕੇ ਉਸ ਨੂੰ ਸੁਧਾਰਨ ਲਈ ਗਲਬਾਤ ਕਰਨੀਂ ਚਾਹੀਦੀ ਹੈ ਨ ਕਿ ਧਰਨੇ ਲਾ ਕੇ ਜਾ ਮੀਡੀਆ ਚ ਜਾ ਕੇ ਆਪਣੀ ਹੀ ਧਾਰਮਿਕ ਸੰਸਥਾ ਦਾ ਮਜ਼ਾਕ ਬਨਾਉਣਾਂ ਚਾਹੀਦਾ ਹੈ। ਹਿੰਦੂ, ਇਸਾਈ ਅਤੇ ਮੁਸਲਿਮ ਭਾਈਚਾਰੇ ਦੀਆਂ ਵੀ ਵੱਡੀਆਂ - ਵੱਡੀਆਂ ਧਾਰਮਿਕ ਸੰਸਥਾਵਾਂ ਹਨ ਪਰ ਜਿਨ੍ਹਾਂ ਅਸੀਂ ਖ਼ੁਦ ਆਪਣੀਂ ਸੰਸਥਾ ਨੂੰ ਭੰਡਦੇ ਹਾਂ ਕੋਈ ਨਹੀਂ ਭੰਡਦਾ। ਸਾਰੀਆਂ ਹੀ ਪੰਥਕ ਜੱਥੇਬੰਦੀਆਂ ਸਿੱਖੀ ਦੇ ਭਲੇ ਲਈ ਤੱਤਪਰ ਹਨ ਫਿਰ ਕਿਉਂ ਨਹੀਂ ਅਸੀਂ ਸਾਰੇ ਪੰਥ ਅਤੇ ਸਿੱਖਾਂ ਦੇ ਭਵਿੱਖ ਲਈ ਸਿਰ ਜੋੜ ਕੇ ਬੈਠਦੇ।






ਭਾਈ ਭਿਓਰੇ ਨੇ ਕਿਹਾ ਸ਼੍ਰੋਮਣੀ ਕਮੇਟੀ ਦੇ ਮੌਜੂਦਾ ਪ੍ਰਧਾਨ ਭਾਈ ਹਰਜਿੰਦਰ ਸਿੰਘ ਧਾਮੀ ਨੇ ਮੋਰਚੇ ਦੇ ਸਿੰਘਾਂ ਨੂੰ ਹਮੇਸ਼ਾ ਮਾਣ - ਸਨਮਾਨ ਦਿੱਤਾ ਹੈ। ਜੇਲ੍ਹਾਂ ਚ ਨਜ਼ਰਬੰਦ ਸਿੰਘਾਂ ਲਈ ਰਾਸ਼ਨ ਅਤੇ ਹੋਰ ਲੋੜੀਂਦੇ ਸਮਾਨ ਲਈ ਕਦੇ ਵੀ ਦੇਰੀ ਨਹੀਂ ਕੀਤੀ। ਅਸੀਂ ਜਦੋਂ ਵੀ ਸ਼੍ਰੋਮਣੀ ਕਮੇਟੀ ਦੇ ਸਕੱਤਰ ਭਾਈ ਪ੍ਰਤਾਪ ਸਿੰਘ ਜੀ ਨੂੰ ਜੇਲ੍ਹਾਂ ਚ ਨਜ਼ਰਬੰਦ ਸਿੰਘਾਂ ਲਈ ਰਸਦ ਦੀ ਗੱਲ ਕੀਤੀ ਓਹਨਾਂ ਨੇ ਪਹਿਲ ਦੇ ਆਧਾਰ ਤੇ ਸਾਡੀ ਬਾਂਹ ਫੜੀ। ਇਸੇ ਕਰਕੇ ਅਸੀਂ ਹਮੇਸ਼ਾ ਸ਼੍ਰੋਮਣੀ ਕਮੇਟੀ ਨਾਲ ਖੜ੍ਹੇ ਹਾਂ। ਬੰਦੀ ਸਿੰਘ ਰਿਹਾਈ ਮੋਰਚੇ ਦੇ ਮੁਖੀ ਭਾਈ ਜੰਗ ਸਿੰਘ ਮੁਸਤਫਾਬਾਦ ਦੀ ਅੰਤਿਮ ਅਰਦਾਸ 14 ਤਰੀਕ ਨੂੰ ਗੁਰਦੁਆਰਾ ਫਤਹਿਗੜ ਸਾਹਿਬ ਦਿਵਾਨ ਟੋਡਰ ਮੱਲ ਹਾਲ ਵਿੱਖੇ ਹੋਣੀਂ ਹੈ ਜਿਸ ਦਾ ਸਾਰਾ ਪ੍ਰਬੰਧ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਹਰਜਿੰਦਰ ਸਿੰਘ ਧਾਮੀ ਜੀ ਨੇ ਕੀਤਾ ਹੈ। ਗੁਰਦੁਆਰਾ ਫ਼ਤਹਿਗੜ੍ਹ ਦੇ ਮੁੱਖ ਸੇਵਾਦਾਰ ਅਤੇ ਅਕਾਲੀ ਦਲ ਦੇ ਕੌਮੀ ਜਨਰਲ ਸਕੱਤਰ ਭਾਈ ਜਗਦੀਪ ਸਿੰਘ ਚੀਮਾ ਸਾਬਕਾ ਜੂਨੀਅਰ ਮੀਤ ਪ੍ਰਧਾਨ ਭਾਈ ਅਵਤਾਰ ਸਿੰਘ ਰਿਆ ਅਤੇ ਗੁਰਦੁਆਰਾ ਸਾਹਿਬ ਦੇ ਮੈਨੇਜਰ ਭਾਈ ਗੁਰਦੀਪ ਸਿੰਘ ਕੰਗ ਸ਼੍ਰੋਮਣੀ ਕਮੇਟੀ ਅਤੇ ਅਕਾਲੀ ਦਲ ਵਲੋਂ ਸਾਰੇ ਪ੍ਰਬੰਧ ਦਾ ਜਾਇਜ਼ਾ ਲੈ ਰਹੇ ਹਨ। ਬੰਦੀ ਸਿੰਘ ਰਿਹਾਈ ਮੋਰਚੇ ਨਾਲ ਸਬੰਧਤ ਭਾਈ ਹੈਰੀ ਮੀਤ ਭਾਈ ਤਜਿੰਦਰ ਸਿੰਘ ਬਿੱਟਾ ਭਾਈ ਜਰਨੈਲ ਸਿੰਘ ਭਾਈ ਜੰਗ ਸਿੰਘ ਮੁਸਤਫਾਬਾਦ ਦੇ ਪਰਿਵਾਰ ਨਾਲ ਲਗਾਤਾਰ ਸੰਪਰਕ ਵਿੱਚ ਰਹਿ ਕੇ ਸਾਰੇ ਕਾਰਜਾਂ ਨੂੰ ਸਿਰੇ ਚਾੜ੍ਹ ਰਹੇ ਹਨ। ਸਿੱਖ ਸੰਗਤਾਂ ਨੂੰ ਬੇਨਤੀ ਹੈ ਕਿ ਵਧ ਚੜ੍ਹ ਕੇ ਭਾਈ ਜੰਗ ਸਿੰਘ ਮੁਸਤਫਾਬਾਦ ਦੀ ਅੰਤਿਮ ਅਰਦਾਸ ਵਿੱਚ ਸ਼ਾਮਿਲ ਹੋਣ।

**-ਅਵਤਾਰ ਸਿੰਘ ਭਿਓਰਾ**
**ਮੋ.ਨੰ. 7065379792**

ਆਵਾਜ਼ਿ ਕੌਮ AWAZE QAUM International Newspaper & WEB TV

# ਵਿਕਰਮਜੀਤ ਸਿੰਘ ਸਾਹਨੀ ਦੀ ਕੋਸ਼ਿਸ਼ ਸਦਕਾ ਰੂਸੀ ਫੌਜ ਵਲੋਂ ਜੰਗ ਵਿਚ ਲੜ ਰਹੇ 15 ਭਾਰਤੀਆਂ ਨੂੰ ਲਿਆਂਦਾ ਜਾ ਰਿਹਾ ਹੈ ਵਾਪਸ



**ਨਵੀਂ ਦਿੱਲੀ, 9 ਸੰਤਬਰ (ਮਨਪ੍ਰੀਤ ਸਿੰਘ ਖਾਲਸਾ)**:- ਸੰਸਦ ਮੈਂਬਰ ਵਿਕਰਮਜੀਤ ਸਿੰਘ ਸਾਹਨੀ ਨੇ ਦੱਸਿਆ ਕਿ ਲਗਾਤਾਰ ਕੋਸ਼ਿਸ਼ਾਂ ਦੇ ਫਲਸਰੂਪ ਰੂਸੀ ਫੌਜ ਨੇ 15 ਭਾਰਤੀ ਨੌਜਵਾਨਾਂ ਨੂੰ ਰਿਹਾਅ ਕਰ ਦਿੱਤਾ ਹੈ, ਜਿਨ੍ਹਾਂ ਨੂੰ ਜਲਦ ਹੀ ਭਾਰਤ ਵਾਪਸ ਭੇਜਿਆ ਜਾ ਰਿਹਾ ਹੈ। ਇਨ੍ਹਾਂ ਵਿੱਚੋਂ ਚਾਰ ਪੰਜਾਬ ਦੇ ਹਨ। ਉਨ੍ਹਾਂ ਦੇ ਅੱਜ ਰਾਤ ਦਿੱਲੀ ਪਹੁੰਚਣ ਦੀ ਸੰਭਾਵਨਾ ਹੈ। ਡਾ: ਸਾਹਨੀ ਨੇ ਕਿਹਾ ਕਿ ਉਹ ਮਾਰਚ 2024 ਤੋਂ ਰੂਸ ਸਥਿਤ ਭਾਰਤੀ ਦੂਤਾਵਾਸ ਅਤੇ ਨਵੀਂ ਦਿੱਲੀ ਸਥਿਤ ਰੂਸੀ ਦੂਤਾਵਾਸ ਕੋਲ ਇਸ ਮੁੱਦੇ ਨੂੰ ਜ਼ੋਰਦਾਰ ਢੰਗ ਨਾਲ ਉਠਾਉਂਦੇ ਆ ਰਹੇ ਹਨ। ਡਾਕਟਰ ਸਾਹਨੀ ਨੇ ਰਾਸ਼ਟਰਪਤੀ ਪੁਤਿਨ ਨਾਲ ਰੂਸ ਦੀ ਆਪਣੀ ਹਾਲੀਆ ਫੇਰੀ ਦੌਰਾਨ ਇਹ ਮੁੱਦਾ ਉਠਾਉਣ ਲਈ ਪ੍ਰਧਾਨ ਮੰਤਰੀ ਮੋਦੀ ਦਾ ਧੰਨਵਾਦ ਕੀਤਾ। ਡਾ: ਸਾਹਨੀ ਨੇ ਅੱਗੇ ਦੱਸਿਆ ਕਿ ਰੂਸੀ ਫੌਜ ਵਿਚ ਭਰਤੀ ਫਸੇ ਹੋਏ ਕੁੱਲ 91 ਭਾਰਤੀ ਨੌਜਵਾਨਾਂ ਵਿਚੋਂ 8 ਸ਼ਹੀਦ ਹੋ ਗਏ ਸਨ ਅਤੇ 15 ਨੂੰ ਹੁਣ ਵਾਪਸ ਭੇਜਿਆ ਜਾ ਰਿਹਾ ਹੈ ਅਤੇ ਬਾਕੀ 69 ਦੇ ਮੁਆਇਦੇ ਰੱਦ ਕਰਨ ਦੀ ਪ੍ਰਕਿਰਿਆ ਵੀ ਸ਼ੁਰੂ ਕਰ ਦਿੱਤੀ ਗਈ ਹੈ ਅਤੇ ਉਨ੍ਹਾਂ ਨੂੰ ਉਮੀਦ ਹੈ ਕਿ ਉਹ ਬਹੁਤ ਜਲਦੀ ਵਾਪਿਸ ਆ ਜਾਣਗੇ। ਡਾ: ਸਾਹਨੀ ਨੇ ਕਿਹਾ ਕਿ ਉਨ੍ਹਾਂ ਦਾ ਦਫ਼ਤਰ ਰੂਸ ਵਿੱਚ ਫਸੇ ਨੌਜਵਾਨਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਨਾਲ ਲਗਾਤਾਰ ਸੰਪਰਕ ਵਿੱਚ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

# ਆਸਟ੍ਰੇਲੀਆ ਪੁਲਿਸ ਨੇ ਗੁਟਕਾ ਸਾਹਿਬ ਦੀ ਬੇਅਦਬੀ ਕਰਣ ਵਾਲੇ ਨੂੰ ਕੀਤਾ ਗ੍ਰਿਫਤਾਰ



**ਨਵੀਂ ਦਿੱਲੀ 9 ਸੰਤਬਰ (ਮਨਪ੍ਰੀਤ ਸਿੰਘ ਖਾਲਸਾ)**:- ਪੱਛਮੀ ਆਸਟ੍ਰੇਲੀਆ ਪੁਲਿਸ ਨੇ 27 ਅਗਸਤ ਨੂੰ ਜਾਣਬੁੱਝ ਕੇ ਗੁਟਕਾ ਸਾਹਿਬ ਦਾ ਨਿਰਾਦਰ ਕਰਨ ਦੇ ਮਾਮਲੇ ਵਿੱਚ ਇੱਕ 20 ਸਾਲਾ ਵਿਅਕਤੀ ਨੂੰ ਗ੍ਰਿਫਤਾਰ ਕੀਤਾ ਹੈ। ਦੋਸ਼ੀ 'ਤੇ 'ਨਸਲੀ ਤੌਰ 'ਤੇ ਪਰੇਸ਼ਾਨ ਕਰਨ ਦੇ ਇਰਾਦੇ ਨਾਲ ਵਿਵਹਾਰ ਕਰਨ' ਦਾ ਦੋਸ਼ ਲਗਾਇਆ ਗਿਆ ਹੈ ਅਤੇ ਮੰਨਿਆ ਜਾਂਦਾ ਹੈ ਕਿ ਉਸਨੇ ਇਕੱਲੇ ਹੀ ਕੰਮ ਕੀਤਾ ਸੀ। ਇੱਕ ਬਿਆਨ ਵਿੱਚ, ਡਬਲਯੂਏ ਪੁਲਿਸ ਕਮਿਊਨਿਟੀ ਡਿਵੀਜ਼ਨ ਨੇ ਕਿਹਾ, "ਇੱਕ 20 ਸਾਲਾ ਵਿਅਕਤੀ ਨੂੰ ਸਿੱਖ ਧਾਰਮਿਕ ਗ੍ਰੰਥ ਦੀ ਬੇਅਦਬੀ ਦੀ ਇੱਕ ਘਟਨਾ ਦੇ ਸਬੰਧ ਵਿੱਚ ਚਾਰਜ ਕੀਤਾ ਗਿਆ ਹੈ, ਜੋ ਮੰਗਲਵਾਰ 27 ਅਗਸਤ 2024 ਨੂੰ ਕੈਨਿੰਗ ਵੇਲ ਗੁਰਦੁਆਰੇ ਦੇ ਬਾਹਰ ਵਾਪਰੀ ਸੀ। ਘਟਨਾ ਨੂੰ ਜਾਣਬੁਝ ਕੇ ਸੋਸ਼ਲ ਮੀਡੀਆ 'ਤੇ ਸਾਂਝਾ ਕੀਤਾ ਗਿਆ ਸੀ ਜਿਸ ਨਾਲ ਪੱਛਮੀ ਆਸਟ੍ਰੇਲੀਆ ਅਤੇ ਵਿਸ਼ਵ ਪੱਧਰ 'ਤੇ ਸਿੱਖ ਭਾਈਚਾਰੇ ਲਈ ਮਹੱਤਵਪੂਰਣ ਭਾਵਨਾਤਮਕ ਦੁਖ ਦਾ ਕਾਰਨ ਬਣਾਇਆ ਗਿਆ ਸੀ । ਵਿਅਕਤੀ 'ਤੇ 'ਨਸਲੀ ਤੌਰ 'ਤੇ ਪਰੇਸ਼ਾਨ ਕਰਨ ਦੇ ਇਰਾਦੇ ਨਾਲ ਵਿਵਹਾਰ' ਦਾ ਦੋਸ਼ ਲਗਾਇਆ ਗਿਆ ਹੈ। ਜਾਂਚ ਜਾਰੀ ਹੈ, ਹਾਲਾਂਕਿ ਇਸ ਸਮੇਂ ਇਹ ਮੰਨਿਆ ਜਾ ਰਿਹਾ ਹੈ ਕਿ ਇਹ 20 ਸਾਲਾ ਵਿਅਕਤੀ ਨੇ ਇਕੱਲੇ ਹੀ ਕੰਮ ਕੀਤਾ ਹੈ। ਪੁਲਿਸ ਨੇ ਕਿਹਾ ਕਿ "ਅਸੀਂ ਜਨਤਾ ਨੂੰ ਕਿਸੇ ਵੀ ਅਟਕਲਾਂ ਤੋਂ ਬਚਣ ਅਤੇ ਭਰੋਸੇਯੋਗ ਸਰੋਤਾਂ ਤੋਂ ਹੀ ਜਾਣਕਾਰੀ ਸਾਂਝੀ ਕਰਨ ਦੀ ਬੇਨਤੀ ਕਰਦੇ ਹਾਂ। ਅਸੀਂ ਇਸ ਜਾਂਚ ਦੌਰਾਨ ਸਹਿਯੋਗ ਅਤੇ ਸਮਰਥਨ ਲਈ ਭਾਈਚਾਰੇ, ਖਾਸ ਤੌਰ 'ਤੇ ਸਿੱਖ ਭਾਈਚਾਰੇ ਦੇ ਮੈਂਬਰਾਂ ਅਤੇ ਆਗੂਆਂ ਦਾ ਧੰਨਵਾਦ ਕਰਦੇ ਹਾਂ। ਆਸਟ੍ਰੇਲੀਆਈ ਪੁਲਿਸ ਨੇ ਨੌਜਵਾਨ ਦੀ ਪਛਾਣ ਦਾ ਖੁਲਾਸਾ ਨਹੀਂ ਕੀਤਾ ਹੈ। ਇਹ ਪਤਾ ਲੱਗਾ ਹੈ ਕਿ ਸ਼ੱਕੀ ਨੇ ਜਾਣਬੁੱਝ ਕੇ ਧਰਮ ਗ੍ਰੰਥ ਦਾ ਨਿਰਾਦਰ ਕਰਨ ਦੀ ਆਪਣੀ ਕਾਰਵਾਈ ਦਾ ਇੱਕ ਵੀਡੀਓ ਵੀ ਬਣਾਇਆ ਸੀ ਅਤੇ ਫਿਰ ਇਸਨੂੰ ਇੱਕ ਸੋਸ਼ਲ ਮੀਡੀਆ ਪਲੇਟਫਾਰਮ 'ਤੇ ਪੋਸਟ ਕੀਤਾ ਗਿਆ ਸੀ। ਇਸ ਤੋਂ ਬਾਅਦ ਸਿੱਖ ਭਾਈਚਾਰੇ ਦੇ ਲੋਕਾਂ ਨੇ ਪੁਲਿਸ ਨੂੰ ਸ਼ਿਕਾਇਤ ਕੀਤੀ ਸੀ ।

ਆਵਾਜ਼ਿ ਕੌਮ AWAZE QAUM International Newspaper & WEB TV

# ਸਾਡੇ ਦੇਸ਼ ਵਿੱਚ ਟੈਕਸ ਇਕੱਠੇ ਕਰਨ ਦੀ ਸਰਕਾਰੀ ਪ੍ਰਣਾਲੀ ਦੀ ਥਾਂ ਗੁੰਡਾ ਰਾਜ ਦੇ ਰਹੀ : ਇਕੋਲਾਹਾ, ਮਾਂਗਟ, ਇਸਪੁਰੀ

**ਖੰਨਾ, 9 ਸਤੰਬਰ (ਆਵਾਜ਼ਿ ਕੌਮ ਬਿਊਰੋ)** - ਰੈਵੋਲਿਊਸਨਰੀ ਦੇ ਕੇਂਦਰੀ ਕਮੇਟੀ ਮੈਂਬਰ ਕਰਨੈਲ ਸਿੰਘ ਇਕੋਲਾਹਾ , ਸੂਬਾ ਸਕੱਤਰ ਹਰਬੰਸ ਸਿੰਘ ਮਾਂਗਟ ਤੇ ਕੁਲਦੀਪ ਸਿੰਘ ਇਸਪੁਰੀ ਸੂਬਾ ਪ੍ਰਧਾਨ ਬੀਐਮਪੀ ਨੇ ਪ੍ਰੈਸ ਦੇ ਨਾਂ ਜਾਰੀ ਸਾਂਝੇ ਬਿਆਨ ਵਿੱਚ ਕਿਹਾ ਕਿ ਸਾਡੇ ਦੇਸ਼ ਵਿੱਚ ਟੈਕਸ ਇਕੱਠੇ ਕਰਨ ਦੀ ਮੌਜੂਦਾ ਸਰਕਾਰੀ ਪ੍ਰਣਾਲੀ ਥਾਂ ਪਰ ਥਾਂ ਗੁੰਡਾ ਰਾਜ ਨੂੰ ਜਨਮ ਦੇ ਰਹੀ ਹੈ। ਟੋਲ ਪਲਾਜੇ, ਸਬਜ਼ੀ ਮੰਡੀਆਂ, ਸਾਈਕਲ-ਸਕੂਟਰ ਸਟੈਂਡ, ਕਾਰ ਪਾਰਕਿੰਗਜ਼, ਰੇਤਾ ਬਜਰੀ ਉੱਤੇ ਗੁੰਡਾ ਟੈਕਸ, ਰੇੜ੍ਹੀ ਫ਼ੜੀ ਵਾਲਿਆਂ ਉੱਤੇ ਗੁੰਡਾ ਟੈਕਸ ਅਤੇ ਦੁਕਾਨਦਾਰਾਂ ਕੋਲੋਂ ਜਬਰੀ ਵਸੂਲੀ ਵਰਗੇ ਗੁੰਡਾ ਟੈਕਸਾਂ ਦੀ ਲਿਸਟ ਏਨੀਂ ਲੰਮੀ ਹੈ ਕਿ ਸਮਾਜਿਕ ਜ਼ਿੰਦਗੀ ਦਾ ਕੋਈ ਵੀ ਖੇਤਰ ਹੁਣ ਗੁੰਡਾ ਟੈਕਸ ਤੋਂ ਬਚਿਆ ਹੋਇਆ ਨਹੀਂ ਰਿਹਾ। ਇਹ ਗੁੰਡਾ ਟੈਕਸ ਸਰਕਾਰੀ ਕਾਨੂੰਨਾਂ ਦੀਆਂ ਚੋਰ ਮੋਰੀਆਂ ਦਾ ਇਸਤੇਮਾਲ ਕਰਕੇ ਵਸੂਲੇ ਜਾ ਰਹੇ ਹਨ ਅਤੇ ਇਹਨਾਂ ਸਾਰਿਆਂ ਵਿੱਚੋਂ ਸਥਾਨਕ ਐਮਐਲਏ, ਐਮ ਪੀ, ਹੋਰ ਸਿਆਸਤਦਾਨ ਔਰ ਸਥਾਨਕ ਅਫਸਰ ਸ਼ਾਹੀ ਆਪੋ ਆਪਣਾ ਹਿੱਸਾ ਵਸੂਲ ਦੀ ਹੈ। ਇਹ ਗੁੰਡਾ ਟੈਕਸ ਕਿਸੇ ਸਰਕਾਰੀ ਖਜ਼ਾਨੇ ਵਿੱਚ ਜਮਾਂ ਨਹੀਂ ਕਰਵਾਏ ਜਾਂਦੇ। ਇਹ ਗੁੰਡਾ ਟੈਕਸ ਕਿਸੇ ਸਰਕਾਰੀ ਰਸੀਦ ਉੱਤੇ ਵੀ ਇਕੱਠੇ ਨਹੀਂ ਕੀਤੇ ਜਾਂਦੇ ਸਗੋਂ ਆਪੋ ਆਪਣੀ ਮਰਜ਼ੀ ਨਾਲ ਛਪਵਾਈਆਂ ਗਈਆਂ ਫਰਜ਼ੀ ਰਸੀਦਾਂ ਉੱਤੇ ਇਕੱਠੇ ਕੀਤੇ ਜਾਂਦੇ ਹਨ। ਓਹਨਾ ਅੱਗੇ ਕਿਹਾ ਕਿ ਉਪਰੋਕਤ ਗੁੰਡਾ ਟੈਕਸਾਂ ਦੇ ਆਲੇ ਦੁਆਲੇ ਸਰਕਾਰੀ ਮਸ਼ੀਨਰੀ ਦੇ ਸਮਾਨੰਤਰ ਨਿੱਜੀ ਗੁੰਡਾ ਮਸ਼ੀਨਰੀ ਖੜੀ ਕੀਤੀ ਜਾ ਚੁੱਕੀ ਹੈ ਅਤੇ ਇਹ ਗੁੰਡਾ ਮਸ਼ੀਨਰੀ ਸੱਭਿਅਕ ਸਮਾਜ ਦੇ ਮੱਥੇ ਉੱਤੇ ਇੱਕ ਕਲੰਕ ਤੋਂ ਵੱਧ ਕੇ ਕੁਝ ਵੀ ਨਹੀਂ। ਇਹ ਗੁੰਡਾ ਮਸ਼ੀਨਰੀ ਸਾਡੇ ਸਮਾਜ ਦੇ ਨਾਗਰਿਕਾਂ ਉੱਤੇ ਥੋਪਿਆ ਗਿਆ ਇੱਕ ਗੁੰਡਾ ਰਾਜ ਹੈ। ਇਸ ਗੁੰਡਾ ਰਾਜ ਦਾ ਅੰਤ ਕਰਨਾ ਬੇਹਦ ਜਰੂਰੀ ਹੈ ਨਹੀਂ ਤਾਂ ਇਹ ਆਉਣ ਵਾਲੇ ਭਵਿੱਖ ਵਿੱਚ ਸਾਡੇ ਸਮਾਜ ਲਈ ਬੇਹੱਦ ਖਤਰਨਾਕ ਸਾਬਤ ਹੋਵੇਗਾ। ਓਹਨਾ ਅੱਗੇ ਕਿਹਾ ਕਿ ਸਰਕਾਰੀ ਟੈਕਸ ਇਕੱਠੇ ਕਰਨ ਦੀ ਮਸ਼ੀਨਰੀ ਬੇਹੱਦ ਬੁਰੀ ਤਰ੍ਹਾਂ ਭ੍ਰਿਸ਼ਟ ਹੋ ਚੁੱਕੀ ਹੈ। ਇਸ ਮਸ਼ੀਨਰੀ ਦਾ ਆਪਣਾ ਹੀ ਇੱਕ ਗੁੰਡਾ ਟੈਕਸ ਹੈ ਅਤੇ ਇਹ ਹਰ ਇੱਕ ਬਿਜ਼ਨਸ ਤੋਂ ਔਰ ਹਰ ਇੱਕ ਦੁਕਾਨਦਾਰ ਤੋਂ ਨਜਾਇਜ਼ ਹਫਤਾਵਾਰ, ਮਹੀਨਾਵਾਰ ਜਾਂ ਫਿਰ ਸਲਾਨਾ ਉਗਰਾਹੀਆਂ ਕਰਦੀ ਹੈ। ਇਸ ਦੇ ਸਿੱਟੇ ਵਜੋਂ ਵੱਡੇ ਵੱਡੇ ਕਾਰੋਬਾਰੀ ਖੁੱਲ ਕੇ ਸਰਕਾਰੀ ਟੈਕਸਾਂ ਦੀ ਚੋਰੀ ਕਰਦੇ ਹਨ ਅਤੇ ਗਰੀਬ ਆਦਮੀ ਟੈਕਸਾਂ ਦੀ ਚੱਕੀ ਵਿੱਚ ਪਿਸ ਰਹੇ ਹਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ੴ

ਸਤਿਗੁਰ ਪ੍ਰਸਾਦਿ। ।
ਗੁਰਮੁਖਿ ਜਨਮੁ ਸਵਾਰਿ ਦਰਗਹ ਚਲਿਆ॥
ਸਚੀ ਦਰਗਹ ਜਾਇ ਸਚਾ ਪਿੜ ਮਲਿਆ॥



## ਬਾਬਾ ਜੰਗ ਸਿੰਘ (ਪ੍ਰਧਾਨ ਬੰਦੀ ਸਿੰਘ ਰਿਹਾਈ ਮੋਰਚਾ)

ਪੁੱਤਰ ਸਰਦਾਰ ਜਸਪਾਲ ਸਿੰਘ ਜੋ ਕਿ ਪਿਛਲੀ ਦਿਨੀ ਮਿਤੀ 04/09/2024 ਨੂੰ ਗੁਰੂ ਚਰਨਾਂ ਵਿੱਚ ਜਾ ਵਿਰਾਜੇ ਹਨ।

# ਅੰਤਿਮ ਅਰਦਾਸ

14/09/2024 ਨੂੰ ਸਮਾਂ 12 ਤੋਂ 01 ਗੁਰੂਦੁਆਰਾ ਸ਼੍ਰੀ ਫਤਿਹਗੜ ਸਾਹਿਬ ਦਿਵਾਨ ਟੋਡਰ ਮੱਲ ਹਾਲ ਵਿੱਚ ਕੀਤਾ ਜਾਣਾ ਹੈ। ਆਪ ਸਭ ਨੇ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।

# ਗੁਰੂ ਦੇ ਭਾਣੇ

************* *************

(ਪਤਨੀ) ਬੀਬੀ ਸੁੱਖਵਿੰਦਰ ਕੌਰ * (ਬੇਟਾ) ਅਰਸ਼ਵੀਰ ਸਿੰਘ

ਲਖਵਿੰਦਰ ਸਿੰਘ ਬੁੜੈਲ ਜੇਲ * (ਬੇਟੀ) ਹਰਸਿਮਰਨ ਕੌਰ

ਆਵਾਜ਼ਿ ਕੌਮ AWAZE QAUM International Newspaper & WEB TV

## ਬੰਦੀ ਸਿੰਘ ਰਿਹਾਈ ਮੋਰਚਾ

ਲਖਵਿੰਦਰ ਸਿੰਘ ਬੁੜੈਲ ਜੇਲ
M.9855767502
Harry: M.8437430807

### ਸ. ਤਰਮਨਜੀਤ ਸਿੰਘ ਢੇਸੀ ਦੇ ਬਰਤਾਨੀਆ ਦੇ ਸੰਸਦ ਭਵਨ ਲਈ

# ਤੀਸਰੀ ਵਾਰ ਸੰਸਦ ਮੈਂਬਰ ਚੁਣੇ ਜਾਣ 'ਤੇ ਸਤਿਗੁਰੂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਸ਼ੁਕਰਾਨਾ ਕਰਦਿਆਂ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ









ਆਵਾਜ਼ਿ ਕੌਮ AWAZE QAUM International Newspaper & WEB TV











bsiqgur kI syvw sPl hY jy ko kry icqu lwie[|
nwnk pwvY Anugrhu qW AuAMdy vsY mn Awie[|

ਤਨਮਨਜੀਤ ਸਿੰਘ ਢੇਸੀ ਦੇ ਬਰਤਾਨੀਆ ਦੀ ਸੰਸਦ ਭਵਨ ਲਈ ਤੀਸਰੀ ਬਾਰ ਸੰਸਦ ਮੈਂਬਰ ਚੁਣੇ ਜਾਣ ਤੇ ਸਤਿਗੁਰੂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਸ਼ੁਕਰਾਨਾ ਕਰਦਿਆਂ ਸਰਬੱਤ ਦੇ ਭਲੇ, ਸਮੁੱਚੀਆਂ ਸੰਗਤਾ ਵਲੋਂ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਲਿਖੀ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ, ਗੁਰਦਵਾਰਾ ਸ੍ਰੀ ਸਿੰਘ ਸਭਾ. ਸ਼ੀਹੀ ਵੇ, ਸਲੋਹ ਵਿਖੇ ਐਤਵਾਰ 1 ਸਤੰਬਰ 2024 ਨੂੰ ਦੁਪਿਹਰ ਬਾਅਦ 2.00 ਵਜੇ ਅਰੰਭ ਕੀਤੇ ਗਏ। ਸ੍ਰੀ ਸੁਖਮਨੀ ਸਾਹਿਬ ਦੇ ਪਾਠ ਉਪਰੰਤ ਗੁਰਦਵਾਰਾ ਸਾਹਿਬ ਜੀ ਦੇ ਹਜੂਰੀ ਜੱਥੇ ਨੇ ਸਾਧ ਸੰਗਤ ਜੀ ਨੂੰ ਕੀਰਤਨ ਨਾਲ ਨਿਹਾਲ ਕੀਤਾ। ਸਰਬੱਤ ਦੇ ਭਲੇ, ਤਨਮਨਜੀਤ ਸਿੰਘ ਢੇਸੀ ਜੀ ਦੇ ਤੀਸਰੀ ਬਾਰ ਬਰਤਾਨੀਆ ਦੀ ਸੰਸਦ ਦੇ ਮੈਂਬਰ ਬਣਨ ਅਤੇ ਖਾਲਸਾ ਪੰਥ ਦੀ ਚੜ੍ਹਦੀ ਕਲਾ ਦੀ ਅਰਦਾਸ ਹੋਈ। ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਤੋਂ ਗਿਆਨੀ ਜੀ ਨੇ ਹੁਕਮਨਾਮਾਂ ਲਿਆ।

ਸਟੇਜ ਤੋਂ ਬੋਲਦਿਆਂ ਗੁਰਦਵਾਰਾ ਸਾਹਿਬ ਜੀ ਦੇ ਮੁੱਖ ਸੇਵਾਦਾਰ ਭਾਈ ਰੁਪਿੰਦਰ ਸਿੰਘ ਰਾਣਾ ਜੀ ਨੇ ਸਮੂਹ ਸੰਗਤ ਦਾ ਧੰਨਵਾਦ ਕੀਤਾ ਜਿਨ੍ਹਾ ਨੇ ਗੁਰਦਵਾਰਾ ਸਾਹਿਬ ਨਾਲ ਰਲ ਕੇ ਇਹ ਸਮਾਗਮ ਕਰਵਾਇਆ। ਉਨ੍ਹਾਂ ਨੇ ਦੱਸਿਆ ਕਿ ਸਲੋਹ ਦੀਆਂ ਪ੍ਰਮੁੱਖ ਸ਼ਖਸ਼ੀਅਤਾਂ ਤੋਂ ਇਲਾਵਾ ਸੰਗਤ ਸਾਊਥਾਲ ਅਤੇ ਲੈਸਟਰ ਤੋਂ ਵੀ ਆਈਆਂ ਹਨ। ਲੈਸਟਰ ਤੋਂ ਆਏ ਤਰਲੋਚਨ ਸਿੰਘ ਵਿਰਕ ਜੀ ਬਹੁੱਤ ਲੰਮੇ ਸਮੇ ਤੋਂ ਮਾ-ਬੋਲੀ ਪੰਜਾਬੀ ਅਤੇ ਸਿੱਖ ਧਰਮ ਦੇ ਪਰਚਾਰ ਅਤੇ ਪ੍ਰਸਾਰ ਪੰਜਾਬੀ ਲਿਸਨਰਜ ਕਲੱਬ ਰਾਹੀਂ ਕਰਦੇ ਆ ਰਹੇ ਹਨ। ਰੁਪਿੰਦਰ ਸਿੰਘ ਜੀ ਨੇ ਕਿਹਾ ਕਿ ਸਿੱਖ ਰਾਜ ਸਮੇ ਇੱਕ ਰੁਪੈ ਦੇ 13 ਪੌਂਡ ਹੁੰਦੇ ਸਨ ਅਤੇ ਅੱਜ ਇੱਕ ਪੌਂਡ ਦੇ 113 ਰੁਪੈ ਮਿਲਦੇ ਹਨ।

ਸਲੋਹ ਸ਼ਹਿਰ ਦੀ ਕਈ ਦਹਾਕਿਆਂ ਤੋਂ ਸੇਵਾ ਕਰਦੇ ਆਂ ਰਹੇ ਸਾਧੂ ਸਿੰਘ ਯੋਗੀ ਜੀ ਨੇ ਕਿਹਾ ਕਿ ਵਾਹਿਗੁਰੂ ਜੀ ਦਾ ਲੱਖ ਲੱਖ ਸ਼ੁਕਰ ਹੈ ਕਿ ਬਹੁੱਤ ਨੇਕ ਇਨਸਾਨ ਤਨਮਨਜੀਤ ਸਿੰਘ ਢੇਸੀ ਇੱਕ ਬਾਰ ਫਿਰ ਐਮ.ਪੀ. ਬਣੇ ਹਨ ਜੋ ਆਪਣੇ ਛੋਟਿਆਂ ਨਾਲ ਪਿਆਰ ਕਰਦੇ ਹਨ ਅਤੇ ਆਪ ਜੀ ਤੋਂ ਵੱਡਿਆਂ ਦਾ ਸਤਿਕਾਰ ਕਰਦੇ ਹਨ। ਸਾਊਥਾਲ ਤੋਂ ਸਿੱਖ ਫੈਡਰੇਸ਼ਨ ਦੇ ਗੁਰਤਾਪ ਸਿੰਘ ਢਿੱਲੋਂ ਜੀ ਨੇ ਦੱਸਿਆ ਕਿ ਇਸ ਵਾਰ ਜਿੱਤਣਾ ਬਹੁੱਤ ਹੀ ਜਿਆਦਾ ਮੁੱਸ਼ਕਲ ਸੀ ਅਤੇ ਸਾਰਿਆਂ ਨੂੰ ਜਿਆਦਾ ਸਖਤ ਮਿਹਨਤ ਕਰਨੀ ਪਈ ਜਿਸ ਲਈ ਉਨ੍ਹਾ ਨੇ ਉਚੇਚੇ ਤੌਰ ਵੋਟਾਂ ਪਾਉਣ ਵਾਲਿਆਂ ਤੇ ਗੁਰਦਵਾਰਾ ਸਾਹਿਬ ਤੋਂ ਸੇਵਾ ਨਿਭਾ ਰਹੇ ਸਰਦਾਰ ਸਰਬਜੀਤ ਸਿੰਘ ਵਿਰਕ ਦੇ ਸਿਹਯੋਗ ਦਾ ਧੰਨਵਾਦ ਕੀਤਾ। ਤਨਮਨਜੀਤ ਸਿੰਘ ਢੇਸੀ ਐੱਮ.ਪੀ. ਜੀ ਨੇ ਕਿਹਾ"ਦਾਸ ਆਪ ਜੀ ਦਾ ਦੇਣਾ ਨਹੀਂ ਦੇ ਸਕਦਾ ਜੋ ਕਿ ਤੁਸੀਂ ਅੱਜ ਦਾ ਸਮਾਗਮ ਰੱਖ ਕੇ ਇੰਨਾ ਮਾਣ ਬਖਸ਼ਿਆ ਹੈ। ਜੋ ਤੁਹਾਡਾ ਸਾਥ ਸੀ ਇਨ੍ਹਾ ਚੋਣਾ ਵੇਲੇ ਉਹਦੇ ਲਈ ਵੀ ਮੈਂ ਆਪ ਜੀ ਦਾ ਬਹੁੱਤ ਰਿਣੀ ਹਾਂ ਅਤੇ ਦਿੱਲ ਦੀਆਂ ਗਿਹਰਾਈਆਂ ਤੋਂ ਤੁਹਾਡਾ ਧੰਨਵਾਦ ਕਰਦਾ ਹਾਂ। ਪ੍ਰਮਾਤਮਾ ਅੱਗੇ ਇਹੀ ਅਰਦਾਸ ਕਰਦਾ ਹਾਂ ਕਿ ਇਹ ਪਿਆਰ ਅਤੇ ਅਸ਼ੀਰਵਾਦ ਇੱਦਾਂ ਹੀ ਇਸ ਨਾਂਚੀਜ ਨੂੰ ਮਿਲਦਾ ਰਵੇ। ਰੁਪਿੰਦਰ ਸਿੰਘ ਰਾਣਾ ਜੀ ਨੇ ਹੁਣੇ ਗੱਲ ਕੀਤੀ ਸੀ ਕਿ ਬਹੁੱਤ ਸਾਰਿਆਂ ਨੇ ਸਾਥ ਦਿੱਤਾ..ਉਨ੍ਹਾ ਦੀ ਬਦੌਲਤ ਹੀ ਆਪਾਂ ਨੂੰ ਇਹ ਸਫਲਤਾ ਮਿਲੀ ਹੈ ਕਿ ਤੀਸਰੀ ਦਫਾ ਇਸ ਸ਼ਹਿਰ ਵਜੋਂ ਸੇਵਾ ਕਰਨ ਦਾ ਮੌਕਾ ਮਿਲਿਆ ਹੈ। ਦੇਖੋ ਚਾਹੇ ਕਿਸੇ ਨੇ ਵੋਟ ਪਾਈ ਹੋਵੇ ਚਾਹੇ ਨਾਂ ਪਾਈ ਹੋਵੇ - ਹਰ ਇੱਕ ਦੀ ਸੇਵਾ ਕਰਨੀ ਇਸ ਨਾਂਚੀਜ ਦਾ ਫਰਜ਼ ਹੈ। ਮੈਂ ਮੁਆਫੀ ਵੀ ਮੰਗਦਾਂ ਹਾਂ ਖਾਸ ਤੌਰ ਤੇ ਬਹੁੱਤ ਹੀ ਸਤਿਕਾਰਯੋਗ ਸਰਦਾਰ ਤਰਲੋਚਨ ਸਿੰਘ ਵਿਰਕ ਜੀ ਜਿਨ੍ਹਾ ਨੈ ਇਸ ਨਾਂਚੀਜ ਨੂੰ ਕਿਹਾ ਕਿ ਇਥੇ ਲੈਸਟਰ ਵੀ ਆਓ, ਇਥੇ ਵੀ ਆਪਾਂ ਇੱਕ ਸਮਾਗਮ ਕਰਨਾ ਹੈ ਸੰਗਤ ਵਲੋਂ ਸ਼ੁਕਰਾਨਾ ਕਰਨਾ ਹੈ ਇਸ ਸਫਲਤਾ ਦਾ। ਜੋ ਸੇਵਵਾਵਾਂ ਉਹ ਓਥੇ ਕਰ ਰਹੇ ਨੇ ਪੰਜਾਬੀ ਲਿਸਨਰਜ ਕਲੱਬ ਰਾਹੀਂ ਅਗਲੀ ਪੀੜ੍ਹੀ ਨੂੰ ਪੰਜਾਬੀ ਭਾਸ਼ਾ, ਸਿੱਖੀ ਨਾਲ, ਗੁਰੂ ਘਰ ਨਾਲ, ਗੁਰਬਾਨੀ ਨਾਲ ਜੋੜਨ ਦੀ ..ਇਹ ਆਪਾਂ ਸਾਰਿਆਂ ਦਾ ਫਰਜ ਬਣਦਾ ਹੈ।

ਮੇਰੇ ਪਾਤਸ਼ਾਹ ਬਾਖੂਬੀ ਸਮਜਾਉਂਦੇ ਨੇ 'ਸਤਿਗੁਰ ਕੀ ਸੇਵਾ ਸਫਲ ਹੈ ਜੇ ਕੋ ਕਰੇ ਚਿਤੁ ਲਾਇ'। ਮੈਂ ਪ੍ਰਮਾਤਮਾ ਅੱਗੇ ਇਹੀ ਅਰਦਾਸ ਕਰਦਾ ਹਾਂ ਕਿ ਇਸ ਨਾਂਚੀਜ ਨੂੰ ਬੱਲ ਬੁੱਧੀ ਬਖਸ਼ਣ ਕਿ ਸਹੀ ਮੈਨਿਆ ਦੇ ਵਿੱਚ ਜਿੱਦਾਂ ਇਮਾਨਦਾਰੀ ਦੇ ਨਾਲ 7 ਸਾਲਾਂ ਤੋਂ ਜੋ ਮੈਂ ਸੇਵਾ ਕੀਤੀ ਹੈ ਇੱਦਾਂ ਹੀ ਮਿਹਨਤ ਮੁਸ਼ੱਕਤ ਦੇ ਨਾਲ ਕਰਦਾਂ ਰਵਾਂ ਤਾਂ ਕਿ ਤੁਹਾਨੂੰ ਸਾਰਿਆਂ ਨੂੰ ਆਪਣੇ ਸਲੋਹ ਦੇ ਐਮ.ਪੀ. ਤੇ ਮਾਣ ਹੋਵੇ ਕਿ ਅਸੀਂ ਸਹੀ ਬੰਦਾ ਚੁਣਿਆ ਹੈ ਜੋ ਸਾਡੇ ਹੱਕਾਂ ਲਈ ਵੀ ਲੜਦਾ ਹੇ ਅਤੇ ਬਾਕੀ ਦੇ ਹੱਕਾਂ ਲਈ ਵੀ ਲੜਦਾ ਹੈ । ਜਿਹੜੇ ਸਿੱਖ ਤੇ ਪੰਜਾਬੀਆ ਦੇ ਮਸਲੇ ਨੇ ਮੈਂ ਬੇ-ਖੌਫ ਹੋ ਕੇ ਅਗਾਂਹ ਤੋਂ ਵੀ ਉਠਾਉਦਾਂ ਰਹੂਗਾਂ. . . .ਆਪਾਂ ਇੱਕ ਰਾਸ਼ਟਰੀ ਸਿੱਖ ਸਮਾਰਕ-ਸਿੱਖ ਫੌਜੀਆਂ ਦਾ ਬੁੱਤ ਦੇਸ਼ ਦੀ ਰਾਜਧਾਨੀ ਲੰਡਨ ਦੇ ਵਿੱਚ ਸਥਾਪਤ ਕਰਨਾ ਆ ਤਾਂ ਕਿ ਇਥੇ ਦੇ ਹਰ ਇੱਕ ਵਸਨੀਕ ਨੂੰ ਪਤਾ ਹੋਵੇ ਕਿ ਸਰਦਾਰਾਂ ਦੀ ਸਿੱਖਾਂ ਦੀ ਕੀ ਦੇਣ ਆ ਇਸ ਦੇਸ਼ ਦੀ ਆਜਾਦੀ ਲਈ। ਮੈਨੂੰ ਖੁਸ਼ੀ ਹੈ ਕਿ ਹੁਣ 11 ਐਮ.ਪੀ.ਚੁਣੇ ਗਏ ਹਨ।

ਦੇਖੋ ਕੁੱਝ ਭੈਣਾ ਵੀਰਾਂ ਨੇ ਭਾਵੇਂ ਨਹੀਂ ਵੀ ਵੋਟਾਂ ਪਾਈਆਂ ਫਿਰ ਵੀ ਆਪਾਂ ਇੱਥੇ ਦੀ ਭਾਈਚਾਰਕ ਸਾਂਝ ਬਰਕਰਾਰ ਰੱਖਣੀ ਬਹੁੱਤ ਜਰੂਰੀ ਹੈ। ਇਹ ਨਾ ਸਿਰਫ ਮੇਰਾ ਫਰਜ ਬਣਦਾ ਹੈ, ਆਪਾਂ ਉਨ੍ਹਾ ਨੂੰ ਇਹ ਸਮਝਾਉਣਾ ਹੈ ਕਿ ਇਹ ਇਹੋ ਜਹੇ ਬੰਦੇ ਨੇ ਜੋ ਸਾਰਿਆਂ ਦਾ ਭਲਾ ਲੋਚਦੇ ਨੇ। That we Sikhs serve everyone regardless of background, gender, colour, colour or creed. That is very very important. I will continue to serve with that Sikh Ethos. ਜੋ ਮੇਰੇ ਪਾਤਸ਼ਾਹ ਦੀ ਸਿੱਖਿਆ ਦਿੱਤੀ ਹੋਈ ਹੈ ਕਿ ਸਰਬੱਤ ਦੇ ਭਲੇ ਲਈ ਕੰਮ ਕਰਨਾ ਹੈ ਉਹਨੂ ਪ੍ਰਮੁੱਖ ਰੱਖਦੇ ਹੋਏ ਮੈਂ ਪਾਰਲੀਆਮੈਂਟ ਵਿੱਚ ਸੇਵਾ ਨਿਭਾਵਾਂਗਾਂ." ਉਪਰੰਤ ਆਈਆਂ ਹੋਈਆ ਸੰਗਤਾਂ ਲਈ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਗੁਰਦੁਆਰਾ ਨਾਗੀਆਨ ਸਾਹਿਬ ਪਿੰਡ ਉਦੋਕੇ ਵਿਖੇ

# ਸਲਾਨਾ ਗੁਰਮਤਿ ਸਮਾਗਮ ਕਰਵਾਇਆ ਗਿਆ































**ਚੌਕ ਮਹਿਤਾ, 9 ਸਤੰਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਗੁਰਦੁਆਰਾ ਨਾਗੀਆਨ ਸਾਹਿਬ ਪਿੰਡ ਉਦੋਕੇ ਦੇ ਮੁੱਖੀ ਸੰਤ ਬਾਬਾ ਕਵਲਜੀਤ ਸਿੰਘ ਜੀ ਦੀ ਅਗਵਾਈ ਹੇਠ, ਸੰਤ ਬਾਬਾ ਚੁਗੱਤ ਸਿੰਘ ਜੀ ਦੀ ਯਾਦ ਨੂੰ ਸਮਰਪਿਤ 51 ਵਾਂ ਅਤੇ ਸੰਤ ਬਾਬਾ ਜੋਗਿੰਦਰ ਸਿੰਘ ਜੀ ਦੀ ਯਾਦ ਨੂੰ ਸਮਰਪਿਤ 10 ਵਾਂ ਗੁਰਮੱਤ ਸਮਾਗਮ ਮਿੱਤੀ 7 ਅਤੇ 8 ਸਤੰਬਰ ਨੂੰ ਦਿਨ ਸ਼ਨੀਵਾਰ ਅਤੇ ਐਤਵਾਰ ਨੂੰ ਦੇਸ ਵਿਦੇਸ਼ ਅਤੇ ਇਲਾਕੇ ਨਿਵਾਸੀ ਦੇ ਸਹਿਯੋਗ ਨਾਲ ਕਰਵਾਇਆ । ਸੰਤ ਬਾਬਾ ਕਵਲਜੀਤ ਸਿੰਘ ਜੀ ਸ, ਜਸਵੰਤ ਸਿੰਘ ਵਿੰਡਰ ਅਤੇ ਸੈਕਟਰੀ ਸਰਬਜੀਤ ਸਿੰਘ ਉਦੋਕੇ ਨੇ ਪੱਤਰਕਾਰਾਂ ਨੂੰ ਦੱਸਿਆ ਕਿ 5 ਸਤੰਬਰ 2024 ਦਿਨ ਵੀਰਵਾਰ ਨੂੰ ਪਵਿੱਤਰ ਪਾਵਨ ਗੁਰਬਾਣੀ ਦੇ ਸ੍ਰੀ ਆਖੰਡ ਪਾਠ ਸਾਹਿਬ ਜੀ ਆਰੰਭ ਕੀਤੇ ਗਏ,7 ਸਤੰਬਰ 2024 ਦਿਨ ਸ਼ਨੀਵਾਰ ਨੂੰ ਪਵਿੱਤਰ ਪਾਵਨ ਗੁਰਬਾਣੀ ਦੇ ਭੋਗ ਪਾਏ , ਉਪਰੰਤ ਦੀਵਾਨ ਵਿੱਚ ਗੁਰਮੱਤ ਸਮਾਗਮ ਹੋਣਗੇ, ਜਿਸ ਵਿੱਚ 7 ਸਤੰਬਰ ਦਿਨ ਸ਼ਨੀਵਾਰ ਨੂੰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਜੀ ਦੇ ਹਜੂਰੀ ਰਾਗੀ ਭਾਈ ਸਰੂਪ ਸਿੰਘ ਜੀ, ਰਾਗੀ ਭਾਈ ਦਵਿੰਦਰ ਸਿੰਘ ਨਿਰਮਾਣ, ਰਾਗੀ ਭਾਈ ਭਾਰਤ ਜਵੱਦੀ ਕਲਾ ਲੁਧਿਆਣਾ, ਕਥਾਵਾਚਕ ਭਾਈ ਜਸਵੰਤ ਸਿੰਘ ਪਰਵਾਨਾਂ ਜਲੰਧਰ ਵਾਲੇ, ਰਾਗੀ ਭਾਈ ਪ੍ਰਭਜੀਤ ਸਿੰਘ ਨਾਗੀਆਨ ਸਾਹਿਬ ਵਾਲੇ, ਕਥਾਵਾਚਕ ਭਾਈ ਨਿਸ਼ਾਨ ਸਿੰਘ ਨਾਗੀਆਨ ਸਾਹਿਬ ਵਾਲੇ ਗੁਰਮੱਤ ਵਿਚਾਰਾਂ ਦੀ ਸਾਂਝ ਪਾਈ, ਅਤੇ 8 ਸਤੰਬਰ ਦਿਨ ਐਤਵਾਰ ਨੂੰ ਢਾਡੀ ਗਿਆਨੀ ਸਤਨਾਮ ਸਿੰਘ ਲਾਲੂ ਘੁੰਮਣ ਵਾਲੇ, ਕਵੀਸ਼ਰ ਭਾਈ ਮਨਜੀਤ ਸਿੰਘ ਸੋਹੀ, ਢਾਡੀ ਗਿਆਨੀ ਲਖਵਿੰਦਰ ਸਿੰਘ ਸੋਹਲ, ਢਾਡੀ ਬੀਬੀ ਜਸਵੀਰ ਕੌਰ ਜੱਸ ਸੁਲਤਾਨ ਪੁਰ ਲੋਧੀ ਵਾਲੇ, ਕਵੀਸ਼ਰ ਭਾਈ ਝੰਡਾ ਸਿੰਘ ਉਦੋਕੇ ਵਾਲੇ ਆਦਿ ਜਥਿਆ ਨੇ ਹਾਜਰੀਆ ਭਰੀਆ ਉਪਰੰਤ ਸਾਮ ਨੂੰ ਮਾਝਾ ਕਬੱਡੀ ਅਕੈਡਮੀ ਘੜਿਆਲ ( ਕਲਸੀ) ਅਤੇ ਮਾਤਾ ਸੁਲੱਖਣੀ ਕਬੱਡੀ ਕਲੱਬ ਬਟਾਲਾ ਦੀਆਂ ਟੀਮਾਂ ਵਿੱਚਕਾਰ ਕਬੱਡੀ ਦੇ ਸੋ ਮੈਚ ਕਰਵਾਏਗੇ ,ਦੋਵੇ ਟੀਮਾਂ ਬਰਾਬਰ ਰਹੀਆਂ, ਇਸ ਮੌਕੇ ਦਮਦਮੀ ਟਕਸਾਲ ਦੇ ਮੁੱਖੀ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲਿਆਂ ਦੇ ਵੱਲੋਂ ਦਮਦਮੀ ਟਕਸਾਲ ਦੇ ਮੁੱਖ ਬੁਲਾਰੇ ਜਥੇਦਾਰ ਸੁਖਦੇਵ ਸਿੰਘ ਜੀ ਸ੍ਰੀ ਆਨੰਦਪੁਰ ਸਾਹਿਬ ਵਾਲੇ,ਮੀਰੀ ਪੀਰੀ ਦੇ ਮਾਲਕ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੀ ਪਵਿੱਤਰ ਪਾਵਨ ਚਰਨ ਅਸਥਾਨ ਦੇ ਮੁੱਖੀ ਸੰਤ ਬਾਬਾ ਸੱਜਣ ਸਿੰਘ ਗੁਰੂ ਕੀ ਬੇਰ ਸਾਹਿਬ ਬੋਪਾਰਾਏ ਵਾਲੇ, ਤਰਨਾ ਦੱਲ ਮੁੱਖੀ ਸ੍ਰੀ ਮਾਨ ਜਥੇਦਾਰ ਬਾਬਾ ਜੋਗਾ ਸਿੰਘ ਜੀ ਬਾਬਾ ਬਕਾਲਾ ਵੱਲੋਂ ਸਿੰਘਾ ਨੇ ਹਾਜਰੀ ਭਰੀਆਂ, ਸੰਤ ਬਾਬਾ ਬੁੱਧ ਸਿੰਘ ਜੀ ਸੰਪਰਦਾਈ ਨਿੱਕੇ ਘੁੰਮਣਾ ਵਾਲੇ ਵੱਲੋਂ ਐਡਵੋਕੇਟ ਲੋਕਦੀਪ ਸਿੰਘ,ਸੰਤ ਬਾਬਾ ਗੁਰਦੀਪ ਸਿੰਘ ਸੰਪਰਦਾਈ ਹਰਖੋਵਾਲ ਸ੍ਰੀ ਗੁਰੂ ਨਾਨਕ ਦਰਬਾਰ ਖੁਜਾਲਾ ਵਾਲੇ,ਸੰਤ ਬਾਬਾ ਗੁਰਦੇਵ ਸਿੰਘ ਡੇਰਾ ਭਗਤਾਂ ਤਰਸਿੱਕਾ ਵਾਲੇ ਸੰਤ ਬਾਬਾ ਸੁਖਵਿੰਦਰ ਸਿੰਘ ਸੰਪਰਦਾਈ ਮਲਕ ਪੁਰ ਵਾਲੇ, ਕਾਰ ਸੇਵਾ ਸੰਤ ਬਾਬਾ ਸਰਦਾਰਾਂ ਸਿੰਘ ਮੱਖਣਵਿੰਡੀ ਵਾਲਿਆਂ ਪਾਸੋ ਜਥੇਦਾਰ ਬਾਬਾ ਮੇਜਰ ਸਿੰਘ ਟਾਹਲੀ ਸਾਹਿਬ ਵਾਲੇ , ਸੰਤ ਬਾਬਾ ਰਣਜੀਤ ਸਿੰਘ ਥੰਮ ਸਾਹਿਬ ਵਾਲੇ, ਸੰਤ ਬਾਬਾ ਗੁਰਭੇਜ ਸਿੰਘ ਸੰਪਰਦਾਈ ਹਰਖੋਵਾਲ ਖੁਜਾਲੇ ਵਾਲੇ, ਸੰਤ ਬਾਬਾ ਸਰਵਨ ਸਿੰਘ ਸੰਪਰਦਾਈ ਹਰਖੋਵਾਲ ਮਲੱਕਪੁਰ ਵਾਲੇ,ਸੰਤ ਬਾਬਾ ਇਕਬਾਲ ਸਿੰਘ ਬੱਲਪੁਰੀਆ ਵਾਲੇ ਸਮਾਜ ਸੇਵੀ ਬਾਬਾ ਸੁਖਵੰਤ ਸਿੰਘ ਚੰਨਣਕੇ, ਸੰਤ ਬਾਬਾ ਅਜੈਬ ਸਿੰਘ ਅਗੰਮ ਗੜ ਤਕਸਿੱਕਾ ਵਾਲੇ,ਜਸਵੰਤ ਸਿੰਘ ਵਿੰਡਰ ਸੈਕਟਰੀ ਸਰਬਜੀਤ ਸਿੰਘ,ਸਟੇਜ ਸੈਕਟਰੀ ਭਾਈ ਲਖਵਿੰਦਰ ਸਿੰਘ,ਸਰਬਜੀਤ ਸਿੰਘ ਪ੍ਰਧਾਨ, ਹਲਕਾ ਇੰਨਚਾਰਜ ਆਮ ਆਦਮੀ ਪਾਰਟੀ ਦੇ ਸੀਨੀਅਰ ਲੀਡਰ ਜਗਵਿੰਦਰ ਸਿੰਘ ਜੱਗੀ ਮਜੀਠਾ,ਸੁਰਜੀਤ ਸਿੰਘ ਭੋਏਵਾਲ, ਹਰਜੀਤ ਸਿੰਘ ਟੋਨੀ ਉਦੋਕੇ,ਠੇਕੇਦਾਰ ਮਹਿੰਦਰ ਸਿੰਘ,ਸਾਬਕਾ ਸਰਪੰਚ ਇੰਦਰ ਸਿੰਘ,ਲਾਲਵਿੰਦਰ ਸਿੰਘ ਲਾਲੀ, ਬਲਵਿੰਦਰ ਸਿੰਘ,ਹਰਮਨ ਸਿੰਘ,ਹਰਜੋਤ ਸਿੰਘ,ਸਹਿਜਪਰੀਤ ਸਿੰਘ,ਅਮਰੀਕ ਸਿੰਘ,ਬਾਬਾ ਬਲਜੀਤ ਸਿੰਘ,ਆਦਿ ,ਸੰਤ ਮਹਾਪੁਰਖ, ਸਾਧੂ, ਨਿਹੰਗ ਸਿੰਘ ਦਲ ਪੰਥ, ਸਮਾਜ ਸੇਵੀ, ਰਾਜਨੀਤਕ, ਦੇਸਾਂ ਵਿਦੇਸਾਂ ਦੀਆਂ ਸੰਗਤਾਂ ਬਹੁਤ ਗਿਣਤੀ ਵਿੱਚ ਹਾਜਰੀਆ ਭਰੀਆਂ ਇਸ ਮੌਕੇ ਐਨ ਆਰ ਆਈ ਵੀਰਾ ਵੱਲੋਂ ਕੋਲਡ ਡਰਿੰਕ ਅਤੇ ਸਰਦਾਈਆ ਦੇ, ਗੁਰੂ ਜੀ ਦਾ ਲੰਗਰ ਅਤੇ ਠੰਡੇ ਮਿੱਠੇ ਦੀਆਂ ਛਬੀਲਾ ਲਗੇਗੀਆ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243



ਪ੍ਰਣਾਮ ਸ਼ਹੀਦਾਂ ਨੂੰ
ਧਰਮ ਯੁੱਧ ਮੋਰਚੇ ਦੌਰਾਨ ਸ੍ਰੀ ਤਰਨਤਾਰਨ ਸਾਹਿਬ ਵਿਖੇ ਰੇਲਵੇ ਫਾਟਕ ਉਪਰ ਸ਼ਹੀਦ ਹੋਏ 34 ਸਿੰਘ ਸ਼ਹੀਦਾਂ ਦੀ ਯਾਦ
ਅਤੇ ਬਾਬਾ ਸਵਰਨ ਸਿੰਘ ਜੀ ਕਾਰ ਸੇਵਾ ਵਾਲਿਆਂ ਦੀ ਯਾਦ ਨੂੰ ਸਮਰਪਿਤ
ਸ਼ਹੀਦੀ ਜੋੜ ਮੇਲਾ
ਸ਼ਹੀਦਾਂ ਦੀ ਯਾਦ ਵਿੱਚ ਹੇਠ ਲਿਖੇ ਪਿੰਡਾਂ ਵਿੱਚ
7 ਤੋਂ 9 ਵਜੇ ਤੱਕ ਧਾਰਮਿਕ ਦੀਵਾਨ ਸਜਾਏ ਜਾਣਗੇ ਜੀ
ਮਿਤੀ 13 ਸਤੰਬਰ 2024 ਸਮਾਂ: ਸਵੇਰੇ 10 ਵਜੇ ਤੋਂ ਦੁਪਹਿਰ 3 ਵਜੇ ਤੱਕ
ਗੁਰਦੁਆਰਾ 34 ਸਿੰਘ ਸ਼ਹੀਦਾਂ ਸ਼ਾਹਪੁਰ ਬੇਲਾ ਸਰਾਏ ਪੱਤਣ
(ਨੂਰਪੁਰ ਬੇਦੀ ਰੋਪੜ) ਵਿਖੇ
ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਸਵੇਰੇ 10:00 ਪਾਏ ਜਾਣਗੇ,
ਭੋਗ ਉਪਰੰਤ ਧਾਰਮਿਕ ਦੀਵਾਨ ਸਜਾਏ ਜਾਣਗੇ
ਅਜ਼ਾਦ ਟੈਕਸੀ ਯੂਨੀਅਨ ਰੂਪਨਗਰ (ਪੰਜਾਬ) ਅਤੇ ਭਾਰਤੀ ਕਿਸਾਨ ਯੂਨੀਅਨ ਦੋਆਬਾ ਰੂਪਨਗਰ ਵਲੋਂ
ਖੂਨਦਾਨ ਕੈਂਪ
ਭਾਈ ਲਖਵਿੰਦਰ ਸਿੰਘ ਪਾਰਸ HSGMC
ਸਮੱਗਮ ਵਿੱਚ ਸੰਤ ਮਹਾਂਪੁਰਸ਼ ਰਾਗੀ ਢਾਡੀ, ਕਥਾਵਾਚਕ ਪ੍ਰਚਾਰਕ ਸਿੱਖ ਸੰਗਤਾਂ ਨੂੰ ਗੁਰੂ ਜੱਸ ਸੁਣਾਕੇ ਨਿਹਾਲ ਕਰਣਗੇ
ਸਰਬੱਤ ਸੰਗਤਾਂ ਸਮੇਂ ਸਿਰ ਹਾਜਰੀ ਭਰਕੇ ਜਨਮ ਸਫਲਾ ਕਰੋ ਜੀ
ਪੰਥ ਪ੍ਰਸਿੱਧ ਸਿੱਖ ਪ੍ਰਚਾਰਕ
ਜਥੇਦਾਰ ਬਲਜੀਤ ਸਿੰਘ ਦਾਦੂਵਾਲ
ਚੇਅਰਮੈਨ ਧਰਮ ਪ੍ਰਚਾਰ HSGMC
ਬੇਨਤੀ ਕਰਤਾ:- ਬਾਬਾ ਸਤਨਾਮ ਸਿੰਘ ਜੀ, ਸਮੂਹ ਸਾਧ ਸੰਗਤ ਨਗਰ ਅਤੇ ਇਲਾਕਾ ਨਿਵਾਸੀ ਸ਼ਾਹਪੁਰ ਬੇਲਾ 93560-60960, 98784-49711




ਜਗਤ ਗੁਰੂ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਤੇ ਜਗਤ ਮਾਤਾ ਸੁਲੱਖਣੀ ਜੀ ਦੇ
ਵਿਆਹ ਪੁਰਬ ਦੀ ਸਮੂਹ ਸੰਗਤਾਂ ਨੂੰ
ਲੱਖ-ਲੱਖ ਵਧਾਈ ਹੋਵੇ ਜੀ
ਜਥੇ. ਬਲਜੀਤ ਸਿੰਘ ਦਾਦੂਵਾਲ
ਚੇਅਰਮੈਨ ਧਰਮ ਪ੍ਰਚਾਰ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਗੁਰਪ੍ਰੀਤ ਸਿੰਘ
ਬਟਾਲਾ
ਸੁਖਵਿੰਦਰ ਸਿੰਘ
ਧਰਮੀ ਫੌਜੀ ਮਲਕਪੁਰ
ਗੁਰਿੰਦਰਜੀਤ ਸਿੰਘ ਜੱਜ
ਮਸਾਣੀਆਂ


ੴ ਸ੍ਰੀ ਅਕਾਲ ਸਹਾਇ ੴ
ਗੁਰਦੁਆਰਾ ਸ੍ਰੀ ਥੜ੍ਹਾ ਸਾਹਿਬ ਪਾਤਸ਼ਾਹੀ ਨੌਵੀਂ,
ਝੀਵਰਹੇੜੀ, ਜਿਲਾ ਯਮੁਨਾਨਗਰ ਵਿਖੇ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ
ਬਾਬਾ ਦਿਲਬਾਗ ਸਿੰਘ ਜੀ ਕਾਰ ਸੇਵਾ ਲੋਹ ਲੰਗਰ
ਸ਼੍ਰੀ ਅਨੰਦਪੁਰ ਸਾਹਿਬ ਵਾਲਿਆਂ ਦੇ ਸਹਿਯੋਗ ਨਾਲ
ਸ਼੍ਰੀ ਦਰਬਾਰ ਸਾਹਿਬ ਦੀ ਇਮਾਰਤ ਦਾ ਨੀਂਹ ਪੱਥਰ
ਸਮੂੰਹ ਮੈਂਬਰ ਸਾਹਿਬਾਨ ਅਤੇ ਸਮੂੰਹ ਇਲਾਕਾ ਨਿਵਾਸੀ ਸਾਧ-ਸੰਗਤ ਵਲੋਂ
ਆਪਣੇ ਕਰ ਕਮਲਾਂ ਨਾਲ ੨੬ ਭਾਦੋਂ ਸੰਮਤ ਨਾਨਕਸ਼ਾਹੀ ੫੫੬
ਮਿਤੀ 10 ਸਤੰਬਰ 2024 ਨੂੰ ਰੱਖਿਆ ਜਾਵੇਗਾ।
ਜਥੇਦਾਰ ਭੁਪਿੰਦਰ ਸਿੰਘ ਅਸੰਧ
ਪ੍ਰਧਾਨ,
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਬਾਬਾ ਦਿਲਬਾਗ ਸਿੰਘ
ਕਾਰ ਸੇਵਾ ਵਾਲੇ
ਸ.ਸੁਖਵਿੰਦਰ ਸਿੰਘ ਮੰਡੇਬਰ
ਜਰਨਲ ਸਕੱਤਰ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਸ੍ਰ:ਅਮਰਜੀਤ ਸਿੰਘ
ਮੈਂਬਰ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਸ੍ਰ:ਹਰਬੰਸ ਸਿੰਘ ਕੜਕੌਲੀ
ਮੈਂਬਰ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਜਥੇਦਾਰ ਬਲਜੀਤ ਸਿੰਘ ਦਾਦੂਵਾਲ
ਚੇਅਰਮੈਨ, ਧਰਮ ਪ੍ਰਚਾਰ ਅਤੇ ਕਨੂੰਨੀ ਵਿੰਗ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ


ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਮੈਂਬਰ ਬਣਨ ਤੇ
ਸ. ਸਵਰਨ ਸਿੰਘ ਬੁੰਗਾ ਟਿੱਬੀ ਪੰਚਕੂਲਾ ਵੱਲੋਂ
ਧੰਨ ਧੰਨ ਸ਼੍ਰੀ ਗੁਰੂ ਗ੍ਰੰਥ ਸਾਹਿਬ ਮਹਾਰਾਜ ਜੀ ਦਾ
ਸ਼ੁਕਰਾਨਾ ਸਮਾਗਮ
ਸਥਾਨ- ਗੁਰਦੁਆਰਾ ਸਿੰਘ ਸਭਾ ਸਾਹਿਬ
ਪਿੰਡ ਬੁੰਗਾ, ਪੰਚਕੂਲਾ ਹਰਿਆਣਾ
ਮਿਤੀ 12 ਸਤੰਬਰ 2024 ਦਿਨ ਵੀਰਵਾਰ
ਭੋਗ ਸ਼੍ਰੀ ਅਖੰਡ ਪਾਠ ਸਾਹਿਬ ਸਵੇਰੇ 9 ਵਜੇ
ਭਾਈ ਜਗਜੀਤ ਸਿੰਘ ਜੀ
ਮੁੱਖ ਗ੍ਰੰਥੀ ਗੁਰਦੁਆਰਾ ਨਾਢਾ ਸਾਹਿਬ
ਸ. ਸਵਰਨ ਸਿੰਘ ਬੁੰਗਾ ਟਿੱਬੀ
ਮੈਂਬਰ,ਹਰਿਆਣਾ ਸਿੱਖ ਗੁ. ਪ੍ਰ. ਕਮੇਟੀ
ਭਾਈ ਗੁਰਸੇਵਕ ਸਿੰਘ ਰੰਗੀਲਾ
ਹਜ਼ੂਰੀ ਰਾਗੀ ਜੱਥਾ ਗੁਰਦੁਆਰਾ ਦਾਦੂ ਸਾਹਿਬ
ਉਪਰੰਤ 10 ਵਜੇ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ
ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਧਾਰਮਿਕ ਦੀਵਾਨ ਸਜਾਉਣਗੇ।
ਇਸ ਸਮੇਂ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹੋਰ ਅਹੁਦੇਦਾਰ ਅਤੇ
ਮੈਂਬਰ ਸਾਹਿਬਾਨ ਵੀ ਸੰਗਤਾਂ ਦੇ ਦਰਸ਼ਨ ਦੀਦਾਰੇ ਕਰਨਗੇ।
ਜਥੇਦਾਰ ਭੁਪਿੰਦਰ ਸਿੰਘ ਅਸੰਧ
ਪ੍ਰਧਾਨ,
ਹਰਿਆਣਾ ਸਿੱਖ ਗੁ. ਪ੍ਰ. ਕਮੇਟੀ
ਆਪ ਸਰਬੱਤ ਸੰਗਤਾਂ ਨੇ ਸਮੇਂ ਸਿਰ ਦਰਸ਼ਨ ਦੇਣ ਦੀ ਕਿਰਪਾਲਤਾ ਕਰਨੀ ਜੀ।
ਜਥੇਦਾਰ ਬਲਜੀਤ ਸਿੰਘ ਦਾਦੂਵਾਲ
ਚੇਅਰਮੈਨ ਧਰਮ ਪ੍ਰਚਾਰ,
ਹਰਿਆਣਾ ਸਿੱਖ ਗੁ. ਪ੍ਰ. ਕਮੇਟੀ
ਬੇਨਤੀ ਕਰਤਾ- ਸ. ਸਵਰਨ ਸਿੰਘ ਬੁੰਗਾ ਟਿੱਬੀ, ਮੈਂਬਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ। ਸੰਪਰਕ- 6280350767